**ਸੂਚਨਾ**

ਸਮੂਹ ਪਾਠਕਾਂ, ਏਜੰਟ ਸਾਹਿਬਾਨ ਅਤੇ ਇਸ਼ਤਿਹਾਰੀ ਏਜੰਸੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਰੋਜ਼ਾਨਾ 'ਆਜ਼ਾਦ ਸੋਚ' ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਲੋਂ ਕੋਰਟ ਨੋਟਿਸਾਂ ਨੂੰ ਪ੍ਰਕਾਸ਼ਿਤ ਕਰਨ ਲਈ ਪੰਜਾਬ ਦੇ ਨਾਲ ਨਾਲ ਹੁਣ ਹਰਿਆਣਾ ਸੂਬੇ ਦੀਆਂ ਅਦਾਲਤਾਂ ਲਈ ਵੀ ਮਾਨਤਾ ਪ੍ਰਾਪਤ ਹੋ ਚੁੱਕਿਆ ਹੈ। ਹਰਿਆਣਾ ਸੂਬੇ ਦੀਆਂ ਅਦਾਲਤਾਂ ਵਿਚੋਂ ਜਾਰੀ ਕੋਰਟ ਨੋਟਿਸ ਪ੍ਰਕਾਸ਼ਿਤ ਕਰਵਾਉਣ ਲਈ ਸਾਡੇ ਹੇਠ ਲਿਖੇ ਪ੍ਰਤੀਨਿੱਧ ਨਾਲ ਸੰਪਰਕ ਕੀਤਾ ਜਾ ਸਕਦਾ ਹੈ।

**ਰਾਕੇਸ਼ ਗੋਇਲ (ਇਸ਼ਤਿਹਾਰ ਮੈਨੇਜਰ)**
**ਮੋ: 86995-69067**

ਹਰ ਖ਼ਬਰ ਤੱਕ ਪਹੁੰਚ, ਪੜ੍ਹੋ ਰੋਜ਼ਾਨਾ ਆਜ਼ਾਦ ਸੋਚ

# ਆਜ਼ਾਦ ਸੋਚ ™

www.facebook.com/Azadsoch · www.youtube.com/AzadSoch

ਪਟਿਆਲਾ ਤੋਂ ਪ੍ਰਕਾਸ਼ਿਤ

Postal No. PB/PTA/ (055) 2023-25
R.N.I N O. 61549/92
Website : www.azadsoch.in
Mail Us at : azadsoach92@gmail.com (ਕੇਵਲ ਖ਼ਬਰਾਂ ਲਈ)
azadsochadvt@gmail.com (ਕੇਵਲ ਇਸ਼ਤਿਹਾਰਾਂ ਲਈ)

ਸਾਲ (Year) 34 | ਅੰਕ (Vol. ) 149 | ਮੁੱਲ (Rate ) 01.00 ਰੁਪਏ | Friday 19 June,2026 | ਸ਼ੁੱਕਰਵਾਰ 19 ਜੂਨ 2026

ਮੁੱਖ ਸੰਪਾਦਕ : ਸੁਰਿੰਦਰ ਕੁਮਾਰ 93566-05100, ਅਨਿਲ ਕੁਮਾਰ ਗਰਗ : 9317755000 ਡਾਕ ਪਤਾ : ਸਾਹਮਣੇ ਸਰਕਾਰੀ ਹਾਈ ਸਕੂਲ ਪਟਿਆਲਾ ਕੈਂਟ, ਨੇੜੇ 24 ਨੰ: ਫਾਟਕ ,ਧਾਮੋਂ ਮਾਜਰਾ ਰੋਡ ਪਟਿਆਲਾ

## ਅਕਾਲੀਆਂ ਨੂੰ ਖ਼ਿਆਲੀ ਦੁਨੀਆ ਤੋਂ ਬਾਹਰ ਆ ਜਾਣਾ ਚਾਹੀਦੈ; ਸੱਤਾ ਵਿੱਚ ਵਾਪਸੀ ਦੀ ਬਜਾਏ, ਹੁਣ ਉਨ੍ਹਾਂ ਦੀ ਜੇਲ੍ਹ ਜਾਣ ਦੀ ਵਾਰੀ ਆ ਗਈ ਹੈ: ਭਗਵੰਤ ਸਿੰਘ ਮਾਨ

• ਆਪ ਦਾ 'ਝਾੜੂ' ਪੰਜਾਬ ਦੇ ਸਿਆਸੀ ਪ੍ਰਬੰਧ ਦੀ ਸਫਾਈ ਕਰ ਰਿਹਾ ਹੈ ਅਤੇ ਆਪਣੇ ਪਾਪਾਂ ਦੇ ਜ਼ਿੰਮੇਵਾਰ ਲੋਕਾਂ ਨੂੰ ਜਵਾਬਦੇਹ ਬਣਾਇਆ ਜਾਵੇਗਾ: ਮੁੱਖ ਮੰਤਰੀ ਭਗਵੰਤ ਸਿੰਘ ਮਾਨ • ਜਿਨ੍ਹਾਂ ਨੇ ਸ੍ਰੀ ਅਕਾਲ ਤਖਤ ਸਾਹਿਬ ਦੇ ਸਨਮੁੱਖ ਝੂਠ ਬੋਲਿਆ, ਉਹ ਕਿਸੇ ਦੇ ਵਫ਼ਾਦਾਰ ਨਹੀਂ ਹੋ ਸਕਦੇ: ਮੁੱਖ ਮੰਤਰੀ ਭਗਵੰਤ ਸਿੰਘ ਮਾਨ • ਕਾਂਗਰਸ ਆਪਣੇ ਆਖਰੀ ਸਾਹਾਂ ਉੱਤੇ ਹੈ ਅਤੇ ਆਪਣੀ ਅੰਦਰੂਨੀ ਲੜਾਈ ਕਾਰਨ ਖਤਮ ਹੋ ਜਾਵੇਗੀ: ਮੁੱਖ ਮੰਤਰੀ ਭਗਵੰਤ ਸਿੰਘ ਮਾਨ • ਲੋਕ-ਪੱਖੀ ਸਾਸਨ ਕਾਰਨ ਪੰਜਾਬ ਸਿੱਖਿਆ, ਸਿਹਤ, ਬਿਜਲੀ ਅਤੇ ਭਲਾਈ ਦੇ ਖੇਤਰਾਂ ਵਿੱਚ ਬੇਮਿਸਾਲ ਤਰੱਕੀ ਦਾ ਗਵਾਹ ਬਣ ਰਿਹਾ ਹੈ: ਮੁੱਖ ਮੰਤਰੀ ਭਗਵੰਤ ਸਿੰਘ ਮਾਨ • ਅਕਾਲੀ ਅਤੇ ਕਾਂਗਰਸ ਇੱਕੋ ਸਿੱਕੇ ਦੇ ਦੋ ਪਹਿਲੂ ਹਨ; ਦੋਵਾਂ ਨੇ ਸਿਰਫ ਆਪਣੇ ਨਿੱਜੀ ਹਿੱਤਾਂ ਲਈ ਕੰਮ ਕੀਤਾ: ਮੁੱਖ ਮੰਤਰੀ ਭਗਵੰਤ ਸਿੰਘ ਮਾਨ

**ਆਜ਼ਾਦ ਸੋਚ ਬਿਊਰੋ**
**ਫਗਵਾੜਾ , 18 ਜੂਨ**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਸ੍ਰੋਮਣੀ ਅਕਾਲੀ ਦਲ ਅਤੇ ਕਾਂਗਰਸ 'ਤੇ ਤਿੱਖਾ ਹਮਲਾ ਬੋਲਦਿਆਂ ਕਿਹਾ ਕਿ ਪੰਜਾਬ 'ਤੇ ਵਾਰੋ-ਵਾਰੀ ਰਾਜ ਕਰਨ ਵਾਲੀਆਂ ਸਿਆਸੀ ਪਾਰਟੀਆਂ ਦਾ ਦੌਰ ਹੁਣ ਖਤਮ ਹੋ ਚੁੱਕਾ ਹੈ ਅਤੇ ਸੂਬੇ ਦੇ ਭਰੋਸੇ ਨੂੰ ਠੇਸ ਪਹੁੰਚਾਉਣ ਵਾਲਿਆਂ ਨੂੰ ਜਵਾਬਦੇਹ ਬਣਾਇਆ ਜਾਵੇਗਾ। ਫਗਵਾੜਾ ਵਿੱਚ 'ਲੋਕ ਮਿਲਣੀ' ਦੌਰਾਨ ਭਾਰੀ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਜਿੱਥੇ ਆਮ ਆਦਮੀ ਪਾਰਟੀ (ਆਪ) ਦਾ 'ਝਾੜੂ' ਪੰਜਾਬ ਦੇ ਸਿਆਸੀ ਪ੍ਰਬੰਧ ਦੀ ਸਫਾਈ ਕਰ ਰਿਹਾ ਹੈ, ਉੱਥੇ ਇੱਕੋ ਸਿੱਕੇ ਦੇ ਦੋ ਪਹਿਲੂਅਕਾਲੀ ਅਤੇ ਕਾਂਗਰਸਦਹਾਕਿਆਂ ਤੱਕ ਆਪਣੇ ਨਿੱਜੀ ਹਿੱਤਾਂ ਦੀ ਪੂਰਤੀ ਕਰਨ ਤੋਂ ਬਾਅਦ ਹੁਣ ਆਪਣੀ ਸਿਆਸੀ ਹੋਂਦ ਦੀ ਲੜਾਈ ਲੜ ਰਹੇ ਹਨ।





ਅਕਾਲੀ ਲੀਡਰਸ਼ਿਪ ਵੱਲੋਂ ਲੋਕਾਂ ਨੂੰ ਗੁਮਰਾਹ ਕਰਨ ਅਤੇ ਉਨ੍ਹਾਂ ਦੀ ਭਰੋਸੇਯੋਗਤਾ 'ਤੇ ਸਵਾਲ ਉਠਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਜਿਨ੍ਹਾਂ ਨੇ ਸ੍ਰੀ ਅਕਾਲ ਤਖਤ ਸਾਹਿਬ ਦੇ ਸਨਮੁੱਖ ਝੂਠ ਬੋਲਿਆ, ਉਹ ਕਿਸੇ ਦੇ ਵਫਾਦਾਰ ਨਹੀਂ ਹੋ ਸਕਦੇ। ਉਨ੍ਹਾਂ ਅੱਗੇ ਕਿਹਾ ਕਿ ਕਾਂਗਰਸ ਆਪਣੀ ਅੰਦਰੂਨੀ ਲੜਾਈ ਕਾਰਨ ਆਖਰੀ ਸਾਹਾਂ 'ਤੇ ਹੈ, ਜਦਕਿ 'ਆਪ' ਸਰਕਾਰ ਦੇ ਲੋਕ-ਪੱਖੀ ਸਾਸਨ ਅਧੀਨ ਪੰਜਾਬ ਸਿੱਖਿਆ, ਸਿਹਤ, ਬਿਜਲੀ ਅਤੇ ਭਲਾਈ ਦੇ ਖੇਤਰਾਂ ਵਿੱਚ ਬੇਮਿਸਾਲ ਤਰੱਕੀ ਦੇਖ ਰਿਹਾ ਹੈ।

ਲੋਕ ਮਿਲਣੀ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਉਹ ਦਿਨ ਚਲੇ ਗਏ ਜਦੋਂ ਇਹ ਪਾਰਟੀਆਂ ਉੱਤਰ ਕਾਟੋ ਮੈਂ ਚੜ੍ਹਾ ਦੀ ਖੇਡ ਖੇਡਦੀਆਂ ਸਨ ਅਤੇ ਸੱਤਾ ਵਿੱਚ ਆਪਣੀ ਵਾਰੀ ਦੀ ਉਡੀਕ ਕਰਦੀਆਂ ਸਨ। ਅਸਲ ਵਿੱਚ ਇਨ੍ਹਾਂ ਪਾਰਟੀਆਂ ਨੇ ਸੱਤਾ ਵਿੱਚ ਰਹਿੰਦਿਆਂ ਇੱਕ-ਦੂਜੇ ਦੇ ਹਿੱਤਾਂ ਦੀ ਰਾਖੀ ਕੀਤੀ, ਜਿਸ ਕਾਰਨ ਇਨ੍ਹਾਂ ਦੇ ਕੁਕਰਮ ਕਦੇ ਸਾਹਮਣੇ ਨਹੀਂ ਆਏ। ਪਰ ਹੁਣ ਲੋਕਾਂ ਨੇ ਆਮ ਆਦਮੀ ਪਾਰਟੀ ਨੂੰ ਚੁਣਿਆ ਹੈ ਅਤੇ ਇਸ ਪਾਰਟੀ ਦਾ ਚੋਣ ਨਿਸਾਨ 'ਝਾੜੂ' ਸੂਬੇ ਦੇ ਸਿਆਸੀ ਪ੍ਰਬੰਧ ਨੂੰ ਸਾਫ ਕਰ ਰਿਹਾ ਹੈ। ਉਹ ਦਿਨ ਦੂਰ ਨਹੀਂ, ਜਦੋਂ ਅਕਾਲੀ ਆਪਣੇ ਪਾਪਾਂ ਕਰ ਕੇ ਜੇਲ੍ਹ ਦੀਆਂ ਸਲਾਖਾਂ ਪਿੱਛੇ ਹੋਣਗੇ।"

ਮੁੱਖ ਮੰਤਰੀ ਨੇ ਕਿਹਾ, "ਅਕਾਲੀ ਅਤੇ ਕਾਂਗਰਸ ਇੱਕੋ ਸਿੱਕੇ ਦੇ ਦੋ ਪਹਿਲੂ ਹਨ। ਉਨ੍ਹਾਂ ਨੂੰ ਲੋਕਾਂ ਦੀ ਕੋਈ ਪਰਵਾਹ ਨਹੀਂ, ਸਗੋਂ ਸਿਰਫ ਆਪਣੇ ਨਿੱਜੀ ਹਿੱਤਾਂ ਦੀ ਚਿੰਤਾ ਹੈ। ਉਨ੍ਹਾਂ ਨੇ ਖੁਦ ਕਈ ਥਾਵਾਂ 'ਤੇ ਬੇਅਦਬੀ ਦੀਆਂ ਘਟਨਾਵਾਂ ਨੂੰ ਅੰਜਾਮ ਦਿੱਤਾ ਅਤੇ ਸ੍ਰੀ ਅਕਾਲ ਤਖਤ ਸਾਹਿਬ ਦੇ ਸਨਮੁੱਖ ਝੂਠ ਬੋਲਿਆ ਅਤੇ ਬਾਅਦ ਵਿੱਚ ਇਸ ਨੂੰ ਮੰਨਿਆ ਵੀ। ਉਨ੍ਹਾਂ ਨੇ ਅਤਿਵਾਦ ਦੇ ਦੌਰ ਦੌਰਾਨ ਨੌਜਵਾਨਾਂ ਨੂੰ ਮਰਵਾਇਆ ਅਤੇ ਦੋਸੀ ਪੁਲਿਸ ਅਧਿਕਾਰੀਆਂ ਨੂੰ ਤਰੱਕੀਆਂ ਤੱਕ ਦਿੱਤੀਆਂ। ਉਨ੍ਹਾਂ ਨੇ ਖੁਦ ਨੂੰ 'ਫਖਰ-ਏ-ਕੌਮ' ਦੇ ਖ਼ਿਤਾਬ ਨਾਲ ਨਿਵਾਜਿਆ, ਜਦਕਿ ਉਨ੍ਹਾਂ ਨੇ 1978 ਦੀ ਘਟਨਾ ਦੇ ਦੋਸੀਆਂ ਨੂੰ ਸੁਰੱਖਿਅਤ ਬਾਹਰ ਕੱਢਣ ਵਿੱਚ ਮਦਦ ਕੀਤੀ ਸੀ।"

ਅਕਾਲੀ ਲੀਡਰਸ਼ਿਪ 'ਤੇ ਵਰ੍ਹਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਸੁਖਬੀਰ ਬਾਦਲ ਜਮੀਨੀ ਹਕੀਕਤਾਂ ਤੋਂ ਅਣਜਾਣ ਹਨ ਕਿਉਂਕਿ ਉਨ੍ਹਾਂ ਨੇ ਸਾਰੀ ਉਮਰ ਐਸੋ-ਆਰਾਮ ਅਤੇ ਸੁੱਖ-ਸਹੂਲਤਾਂ ਵਾਲੇ ਸੁਰੱਖਿਅਤ ਮਾਹੌਲ ਵਿੱਚ ਗੁਜਾਰੀ ਹੈ। ਸੁਖਬੀਰ ਸਿੰਘ ਬਾਦਲ ਕਾਨਵੈਂਟ ਤੋਂ ਪੜ੍ਹੇ ਸਿਆਸੀ ਆਗੂ ਹਨ, ਜੋ ਸੂਬੇ ਦੀ ਬੁਨਿਆਦੀ ਭੂਗੋਲਿਕ ਸਥਿਤੀ ਤੋਂ ਵੀ ਵਾਕਫ ਨਹੀਂ ਹਨ, ਪਰ ਪੰਜਾਬ ਵਿੱਚ ਸਿਆਸੀ ਸੱਤਾ ਹਾਸਲ ਕਰਨਾ ਚਾਹੁੰਦੇ ਹਨ। ਸਾਬਕਾ ਉਪ ਮੁੱਖ ਮੰਤਰੀ ਸੂਬੇ ਦੀਆਂ ਮੁੱਖ ਫਸਲਾਂ ਵਿੱਚ ਵੀ ਫਰਕ ਨਹੀਂ ਕਰ ਸਕਦੇ ਕਿਉਂਕਿ ਉਨ੍ਹਾਂ ਨੂੰ ਬੁਨਿਆਦੀ ਮੁੱਦਿਆਂ ਬਾਰੇ ਬਹੁਤ ਘੱਟ ਸਮਝ ਹੈ।"

ਬੇਅਦਬੀ ਦੇ ਮੁੱਦੇ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ, "ਜਦੋਂ ਵੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੀਆਂ ਘਟਨਾਵਾਂ ਵਾਪਰੀਆਂ, ਕਰੋੜਾਂ ਲੋਕਾਂ ਦੀ ਮਾਨਸਿਕਤਾ ਨੂੰ ਡੂੰਘੀ ਠੇਸ ਪਹੁੰਚੀ। ਪਰਮਾਤਮਾ ਨੇ ਮੈਨੂੰ ਕਾਨੂੰਨੀ ਮਾਹਿਰਾਂ ਨਾਲ ਵਿਸਥਾਰਤ ਸਲਾਹ-ਮਸਵਰੇ ਤੋਂ ਬਾਅਦ ਇਹ ਬਿੱਲ ਲਿਆਉਣ ਦੀ ਤਾਕਤ ਬਖਸੀ ਹੈ। ਸੂਬਾ ਸਰਕਾਰ ਨੇ ਇਸ ਬਿੱਲ ਨੂੰ ਬੜੀ ਸਾਵਧਾਨੀ ਨਾਲ ਤਿਆਰ ਕੀਤਾ ਹੈ ਤਾਂ ਜੋ ਭਵਿੱਖ ਵਿੱਚ ਕੋਈ ਵੀ ਸੋਧ ਜਾਂ ਖਾਮੀ ਇਸ ਨੂੰ ਕਮਜੋਰ ਨਾ ਕਰ ਸਕੇ।"

ਮੁੱਖ ਮੰਤਰੀ ਨੇ ਅੱਗੇ ਕਿਹਾ, "ਇਹ ਬਿੱਲ ਸਮਾਜ ਵਿਰੋਧੀ ਅਨਸਰਾਂ ਨੂੰ ਭਵਿੱਖ ਵਿੱਚ ਅਜਿਹਾ ਕੋਈ ਵੀ ਪਾਪ ਕਰਨ ਤੋਂ ਰੋਕਣ ਲਈ ਇੱਕ ਰੋਕਥਾਮ ਉਪਾਅ ਵਜੋਂ ਕੰਮ ਕਰੇਗਾ ਅਤੇ ਕੋਈ ਵੀ ਕਦੇ ਅਜਿਹਾ ਘਿਨਾਉਣਾ ਅਪਰਾਧ ਕਰਨ ਦੀ ਜੁਅਰਤ ਨਹੀਂ ਕਰ ਸਕੇਗਾ। ਅਕਾਲੀ ਆਪਣੇ ਸੱਤਾ ਦੇ ਦਿਨਾਂ ਦੌਰਾਨ ਕਦੇ ਵੀ ਅਜਿਹਾ ਕਾਨੂੰਨ ਬਣਾਉਣ ਲਈ ਸੁਹਿਰਦ ਨਹੀਂ ਸਨ। ਸੱਚਾਈ ਇਹ ਹੈ ਕਿ ਉਨ੍ਹਾਂ ਦੇ ਇਰਾਦੇ ਸੁਰੂ ਤੋਂ ਹੀ ਗਲਤ ਰਹੇ ਹਨ। ਅਕਾਲੀਆਂ ਨੇ ਆਪਣੇ ਰਾਜਨੀਤਿਕ ਹਿੱਤਾਂ ਲਈ ਬੇਅਦਬੀ ਦੀਆਂ ਘਟਨਾਵਾਂ ਹੋਣ ਦਿੱਤੀਆਂ। ਉਨ੍ਹਾਂ ਨੇ ਸ੍ਰੀ ਅਕਾਲ ਤਖਤ ਸਾਹਿਬ ਅੱਗੇ ਆਪਣੀਆਂ ਗਲਤੀਆਂ ਵੀ ਮੰਨੀਆਂ ਪਰ ਬਾਅਦ ਵਿੱਚ ਲੋਕਾਂ ਸਾਹਮਣੇ ਸਰ੍ਹੇਆਮ ਇਸ ਤੋਂ ਮੁੱਕਰ ਗਏ। ਜੋ ਲੋਕ ਤਖਤ ਸਾਹਿਬ ਅੱਗੇ ਝੂਠ ਬੋਲ ਸਕਦੇ ਹਨ ਉਹ ਕਦੇ ਵੀ ਕਿਸੇ ਦੇ ਵਫਾਦਾਰ ਨਹੀਂ ਹੋ ਸਕਦੇ। ਲੋਕਾਂ ਨੂੰ ਅਜਿਹੇ ਆਗੂਆਂ ਤੋਂ ਸਾਵਧਾਨ ਰਹਿਣਾ ਚਾਹੀਦਾ ਹੈ ਜੋ ਕਿਸੇ ਦੇ ਵੀ ਵਫਾਦਾਰ ਨਹੀਂ ਹਨ ਅਤੇ ਸਿਰਫ ਸੂਬੇ ਨੂੰ ਲੁੱਟਣ ਲਈ ਸੱਤਾ ਹਥਿਆਉਣਾ ਚਾਹੁੰਦੇ ਹਨ।"

ਮੁੱਖ ਮੰਤਰੀ ਨੇ ਕਿਹਾ, "ਅਕਾਲੀਆਂ ਨੇ ਆਪਣੇ ਨਿੱਜੀ ਹਿੱਤਾਂ ਲਈ ਧਰਮ ਦੀ ਦੁਰਵਰਤੋਂ ਕੀਤੀ। ਜਥੇਦਾਰ ਅਕਾਲੀਆਂ ਦੀਆਂ ਜੇਬਾਂ 'ਚੋਂ ਨਿਕਲਦੇ ਹਨ, ਜਿਸ ਕਰਕੇ ਉਹ ਰਾਜਨੀਤੀ ਵਿੱਚ ਵੀ ਸਰਗਰਮ ਰਹਿੰਦੇ ਹਨ। ਇਨ੍ਹਾਂ ਲੋਕਾਂ ਦਾ ਕੋਈ ਏਜੰਡਾ ਨਹੀਂ ਹੈ, ਸਗੋਂ ਇਨ੍ਹਾਂ ਦਾ ਇੱਕੋ ਇੱਕ ਉਦੇਸ ਮੈਨੂੰ ਕਿਸੇ ਵੀ ਤਰੀਕੇ ਨਾਲ ਬਦਨਾਮ ਕਰਨਾ ਹੈ। ਲੋਕ ਇਨ੍ਹਾਂ ਆਗੂਆਂ ਦੇ ਦੋਗਲੇ ਚਰਿੱਤਰ ਤੋਂ ਚੰਗੀ ਤਰ੍ਹਾਂ ਜਾਣੂ ਹਨ, ਜੋ ਕਦੇ ਵੀ ਇਨ੍ਹਾਂ ਦੀਆਂ ਨਾਟਕੀ ਚਾਲਾਂ ਤੋਂ ਪ੍ਰਭਾਵਿਤ ਨਹੀਂ ਹੋਣਗੇ।"

ਕਾਂਗਰਸ 'ਤੇ ਨਿਸਾਨਾ ਸਾਧਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਕਾਂਗਰਸ ਪਾਰਟੀ ਸੱਤਾ 'ਚੋਂ ਪੂਰੀ ਤਰ੍ਹਾਂ ਬਾਹਰ ਹੋਣ ਕਿਨਾਰੇ ਹੈ, ਜੋ ਜਲਦ ਹੀ ਖਤਮ ਹੋ ਜਾਵੇਗੀ ਕਿਉਂਕਿ ਇਸ ਪਾਰਟੀ ਕੋਲ ਲੋਕਾਂ ਅਤੇ ਸੂਬੇ ਲਈ ਕੋਈ ਦ੍ਰਿਸਟੀਕੋਣ ਨਹੀਂ ਹੈ। ਇਨ੍ਹਾਂ ਦਾ ਇੱਕੋ ਇੱਕ ਉਦੇਸ ਸੱਤਾ ਸੰਭਾਲ ਕੇ ਪੰਜਾਬ ਦੇ ਖਜਾਨੇ ਨੂੰ ਲੁੱਟਣਾ ਹੈ ਪਰ ਇਨ੍ਹਾਂ ਦੇ ਸੁਪਨੇ ਕਦੇ ਵੀ ਪੂਰੇ ਨਹੀਂ ਹੋਣਗੇ। ਕਾਂਗਰਸ ਪਾਰਟੀ ਧੜੇਬੰਦੀ ਦੀ ਸ਼ਿਕਾਰ ਹੈ ਜੋ ਆਪਣੇ ਕਲੇਸ ਕਰਕੇ ਜਲਦ ਹੀ ਢਹਿ-ਢੇਰੀ ਹੋ ਜਾਵੇਗਾ। ਇਹ ਕਿੰਨੇ ਅਫਸੋਸ ਦੀ ਗੱਲ ਹੈ ਕਿ ਸੱਤਾ ਲਈ ਝਗੜਨ ਵਾਲੇ ਇਨ੍ਹਾਂ ਆਗੂਆਂ ਨੂੰ ਇੱਕਜੁੱਟ ਕਰਨ ਦੀ ਕੋਸ਼ਿਸ ਕਰ ਰਹੇ ਚੋਟੀ ਦੇ ਕਾਂਗਰਸੀ ਲੀਡਰ ਇਨ੍ਹਾਂ ਦੇ ਨਾਵਾਂ ਦਾ ਸਹੀ ਉਚਾਰਨ ਤੱਕ ਨਹੀਂ ਜਾਣਦੇ।"

ਪੰਜਾਬ ਦੇ ਭਵਿੱਖ ਨੂੰ ਸਹੀ ਦਿਸਾ ਦੇਣ ਵਿੱਚ ਸਾਸਨ ਦੀ ਭੂਮਿਕਾ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਕਿਸੇ ਵੀ ਸਰਕਾਰ ਦਾ ਕੰਮ ਬੱਚਿਆਂ ਦੇ ਸੁਪਨਿਆਂ ਨੂੰ ਖੰਭ ਦੇਣਾ ਹੁੰਦਾ ਹੈ ਤਾਂ ਜੋ ਉਹ ਜ਼ਿੰਦਗੀ ਵਿੱਚ ਸਫਲਤਾ ਦੀ ਨਵੀਂ ਕਹਾਣੀ ਲਿਖ ਸਕਣ। ਮੇਰੇ ਦੁਆਰਾ ਦਸਤਖਤ ਕੀਤੀ ਜਾਂਦੀ ਹਰ ਫਾਈਲ ਆਮ ਆਦਮੀ ਅਤੇ ਸੂਬੇ ਦੇ ਹਿੱਤ ਲਈ ਹੁੰਦੀ ਹੈ। ਨੌਜਵਾਨਾਂ ਨੂੰ ਭ੍ਰਿਸਟਾਚਾਰ ਜਾਂ ਸਿਫਾਰਸ ਤੋਂ ਬਿਨਾਂ 67,000 ਤੋਂ ਵੱਧ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ। ਸਰਕਾਰ ਦਾ ਹਰ ਫੈਸਲਾ ਸੂਬੇ ਦੀ ਤਰੱਕੀ ਅਤੇ ਇਸਦੇ ਲੋਕਾਂ ਦੀ ਖੁਸਹਾਲੀ ਵੱਲ ਸੇਧਿਤ ਹੈ।

ਸਿੱਖਿਆ ਖੇਤਰ ਵਿੱਚ ਆਈ ਕ੍ਰਾਂਤੀ ਨੂੰ ਉਜਾਗਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ, "ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਨ ਲਈ ਰਾਜ ਭਰ ਵਿੱਚ ਸਕੂਲ ਆਫ ਐਮੀਨੈਂਸ ਸਥਾਪਤ ਕੀਤੇ ਗਏ ਹਨ। ਇਨ੍ਹਾਂ ਸਕੂਲਾਂ ਵਿੱਚ ਸਮਾਰਟ ਕਲਾਸਰੂਮ, ਪੂਰੀ ਤਰ੍ਹਾਂ ਲੈਸ ਪ੍ਰਯੋਗਸਾਲਾਵਾਂ ਅਤੇ ਵਿਗਿਆਨਕ ਸਿੱਖਿਆ ਲਈ ਖੇਡ ਮੈਦਾਨ ਹਨ। ਅਧਿਆਪਕਾਂ ਦੀ ਮੁਹਾਰਤ ਨੂੰ ਨਿਖਾਰਨ ਲਈ ਵਿਸੇਸ ਪ੍ਰੋਗਰਾਮ ਸੁਰੂ ਕੀਤਾ ਗਿਆ ਹੈ, ਜਿਸ ਤਹਿਤ ਅਧਿਆਪਕਾਂ ਅਤੇ ਪ੍ਰਿੰਸੀਪਲਾਂ ਨੂੰ ਸਿਖਲਾਈ ਲਈ ਵਿਦੇਸ ਭੇਜਿਆ ਜਾ ਰਿਹਾ ਹੈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਉਹ ਆਧੁਨਿਕ ਸਿੱਖਿਆ ਅਭਿਆਸਾਂ ਤੋਂ ਚੰਗੀ ਤਰ੍ਹਾਂ ਜਾਣੂ ਹੋ ਕੇ ਸੂਬੇ ਦੇ ਵਿਦਿਆਰਥੀਆਂ ਨੂੰ ਅੰਤਰਰਾਸਟਰੀ ਪੱਧਰ 'ਤੇ ਭਵਿੱਖ ਦੇ ਮੁਕਾਬਲਿਆਂ ਲਈ ਤਿਆਰ ਕਰ ਸਕਣ। ਇਹ ਬਹੁਤ ਮਾਣ ਅਤੇ ਸੰਤੁਸਟੀ ਦੀ ਗੱਲ ਹੈ ਕਿ ਪੰਜਾਬ ਨੇ ਭਾਰਤ ਸਰਕਾਰ ਦੁਆਰਾ ਕਰਵਾਏ ਗਏ ਕੌਮੀ ਪ੍ਰਾਪਤੀ ਸਰਵੇਖਣ ਵਿੱਚ ਕੇਰਲਾ ਨੂੰ ਵੀ ਪਛਾੜ ਕੇ ਪਹਿਲਾ ਸਥਾਨ ਮਲਿਆ ਹੈ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਵਿਦਿਆਰਥੀਆਂ ਨੂੰ ਹਥਿਆਰਬੰਦ ਬਲਾਂ ਦੀ ਪ੍ਰੀਖਿਆ, ਨੀਟ, ਜੇਈਈ, ਕਲੈਟ ਅਤੇ ਐਨਆਈਐਫਟੀ ਵਰਗੀਆਂ ਮੁਕਾਬਲੇ ਦੀਆਂ ਪ੍ਰੀਖਿਆਵਾਂ ਲਈ ਵਿਸੇਸ ਕੋਚਿੰਗ ਦਿੱਤੀ ਜਾ ਰਹੀ ਹੈ। ਇਹ ਬਹੁਤ ਮਾਣ ਅਤੇ ਸੰਤੁਸਟੀ ਦੀ ਗੱਲ ਹੈ ਕਿ ਸਕੂਲ ਆਫ ਐਮੀਨੈਂਸ ਅਤੇ ਹੋਰ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੇ ਜੇਈਈ ਮੇਨਜ, ਜੇਈਈ ਐਡਵਾਂਸਡ ਅਤੇ ਨੀਟ ਪ੍ਰੀਖਿਆਵਾਂ ਲਈ ਕੁਆਲੀਫਾਈ ਕੀਤਾ ਹੈ। ਪੰਜਾਬ ਸਾਰੇ ਨਾਗਰਿਕਾਂ ਨੂੰ ਮੁਫਤ ਸਿਹਤ ਸੰਭਾਲ ਪ੍ਰਦਾਨ ਕਰਨ ਵਾਲਾ ਪਹਿਲਾ ਸੂਬਾ ਬਣ ਗਿਆ ਹੈ ਅਤੇ ਲਗਪਗ 1,000 ਆਮ ਆਦਮੀ ਕਲੀਨਿਕ ਰੋਜਾਨਾ ਮੁਫਤ ਇਲਾਜ ਪ੍ਰਦਾਨ ਕਰ ਰਹੇ ਹਨ।

ਆਪਣੀ ਸਰਕਾਰ ਦੁਆਰਾ ਬਿਜਲੀ ਖੇਤਰ 'ਚ ਕੀਤੇ ਗਏ ਸੁਧਾਰਾਂ ਦਾ ਹਵਾਲਾ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "2022 ਵਿੱਚ 'ਆਪ' ਸਰਕਾਰ ਦੇ ਸੱਤਾ ਸੰਭਾਲਣ ਤੋਂ ਬਾਅਦ, ਸੂਬੇ ਦੇ ਲਗਪਗ 90 ਫੀਸਦ ਘਰਾਂ ਨੂੰ ਮੁਫਤ ਬਿਜਲੀ ਮਿਲ ਰਹੀ ਹੈ।

## ਸਰਹੱਦ ਪਾਰੋਂ ਹਥਿਆਰ ਤਸਕਰੀ ਵਾਲੇ ਮਾਡਿਊਲ ਨਾਲ ਸਬੰਧਤ ਅੱਠ ਵਿਅਕਤੀ 11 ਆਧੁਨਿਕ ਪਿਸਤੌਲਾਂ ਸਣੇ ਕਾਬੂ

**ਆਜ਼ਾਦ ਸੋਚ**
**ਤਰੁਣ ਮਹਿਰਾ**
**ਅੰਮ੍ਰਿਤਸਰ, 18 ਜੂਨ**




ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਜਾਰੀ ਮੁਹਿੰਮ ਦੌਰਾਨ ਵੱਡੀ ਸਫ਼ਲਤਾ ਤਹਿਤ ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਅੱਠ ਮੁਲਜ਼ਮਾਂ ਨੂੰ 11 ਆਧੁਨਿਕ ਪਿਸਤੌਲਾਂ ਸਮੇਤ ਗ੍ਰਿਫ਼ਤਾਰ ਕਰਕੇ ਸਰਹੱਦ ਪਾਰੋਂ ਹਥਿਆਰ ਤਸਕਰੀ ਦੇ ਮਾਡਿਊਲ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਅੱਜ ਇਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।

ਗ੍ਰਿਫ਼ਤਾਰ ਵਿਅਕਤੀਆਂ ਦੀ ਪਛਾਣ ਗੁਲਾਬਜੀਤ ਸਿੰਘ ਉਰਫ਼ ਪ੍ਰਿੰਸ (21) ਅਤੇ ਹਰਪ੍ਰੀਤ ਸਿੰਘ ਉਰਫ਼ ਪ੍ਰੀਤ (23) ਦੋਵੇਂ ਵਾਸੀ ਪਿੰਡ ਅਟਾਰੀ, ਅੰਮ੍ਰਿਤਸਰ; ਗੁਰਪ੍ਰੀਤ ਸਿੰਘ ਉਰਫ਼ ਗੋਪੀ (24)ਵਾਸੀ ਪਿੰਡ ਹਰਦੋਵਾਲ, ਕਲਾਨੌਰ, ਗੁਰਦਾਸਪੁਰ; ਕੁਲਜੀਤ ਸਿੰਘ (39) ਅਤੇ ਸ਼ਮਸ਼ੇਰ ਸਿੰਘ ਉਰਫ਼ ਸ਼ੇਰਾ (40), ਵਾਸੀ ਪਿੰਡ ਰਣੀਆਂ, ਅੰਮ੍ਰਿਤਸਰ; ਅਮਨ ਰਾਣਾ ਉਰਫ਼ ਚੀਨੀ (20) ਵਾਸੀ ਛੇਹਰਟਾ, ਅੰਮ੍ਰਿਤਸਰ; ਸ਼ਰਨਜੀਤ ਸਿੰਘ ਉਰਫ਼ ਸੰਨੀ (29) ਵਾਸੀ ਪਿੰਡ ਕਿਰਲਗੜ੍ਹ, ਅੰਮ੍ਰਿਤਸਰ; ਅਤੇ ਤਰਨਤਾਰਨ ਦੇ ਪਿੰਡ ਮਾਲੀਆ ਦੇ ਰਹਿਣ ਵਾਲੇ ਅਜੈ ਸਿੰਘ (23) ਵਜੋਂ ਹੋਈ ਹੈ।

ਬਰਾਮਦ ਹਥਿਆਰਾਂ ਵਿੱਚ ਚਾਰ .30 ਬੋਰ (ਚੀਨ ਦੇ ਬਣੇ), ਚਾਰ .30 ਬੋਰ ਪੀਐਕਸ5 ਸਟੌਰਮ, ਇੱਕ .30 ਬੋਰ ਜ਼ਿਗਾਨਾ, ਇੱਕ 9 ਐਮਐਮ ਗਲੌਕ (ਆਸਟ ?ਰੀਆ ਦਾ ਬਣਿਆ) ਅਤੇ ਇੱਕ 9 ਐਮਐਮ (ਆਸਟ ?ਰੀਆ ਦਾ ਬਣਿਆ) ਅਤੇ ਅੱਠ ਜ਼ਿੰਦਾ ਕਾਰਤੂਸ ਸ਼ਾਮਲ ਹਨ। ਇਸ ਤੋਂ ਇਲਾਵਾ ਪੁਲਿਸ ਟੀਮਾਂ ਨੇ ਮੁਲਜ਼ਮਾਂ ਦਾ ਮੋਟਰਸਾਈਕਲ ਵੀ ਜ਼ਬਤ ਕਰ ਲਿਆ ਹੈ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਅਨੁਸਾਰ ਉਕਤ ਮੁਲਜ਼ਮ ਕਥਿਤ ਤੌਰ 'ਤੇ ਗੈਰ-ਕਾਨੂੰਨੀ ਹਥਿਆਰਾਂ ਦੀ ਸਪਲਾਈ ਵਿੱਚ ਸ਼ਾਮਲ ਵਿਦੇਸ਼ੀ ਕਾਰਕੁਨਾਂ ਦੇ ਸੰਪਰਕ ਵਿੱਚ ਸਨ। ਉਨ੍ਹਾਂ ਕਿਹਾ ਕਿ ਬਰਾਮਦ ਕੀਤੇ ਗਏ ਇਹ ਹਥਿਆਰ ਅੱਗੇ ਅਪਰਾਧਿਕ ਤੱਤਾਂ ਵਿੱਚ ਸਪਲਾਈ ਕੀਤੇ ਜਾਣੇ ਸਨ, ਜਿਨ੍ਹਾਂ ਦੀ ਵਰਤੋਂ ਜਬਰੀ ਵਸੂਲੀ, ਹਿੰਸਕ ਅਪਰਾਧਾਂ ਅਤੇ ਹੋਰ ਗੈਰ-ਕਾਨੂੰਨੀ ਗਤੀਵਿਧੀਆਂ ਵਿੱਚ ਹੋਣੀ ਸੀ।

**ਬਰਾਮਦ ਹਥਿਆਰ ਅੱਗੇ ਅਪਰਾਧਕ ਤੱਤਾਂ ਨੂੰ ਸਪਲਾਈ ਕੀਤੇ ਜਾਣੇ ਸਨ: ਡੀਜੀਪੀ ਗੌਰਵ ਯਾਦਵ**

ਉਨ੍ਹਾਂ ਕਿਹਾ ਕਿ ਅਗਲੇਰੀ ਜਾਂਚ ਦੌਰਾਨ ਪੁਲਿਸ ਟੀਮਾਂ ਨੇ ਇੱਕ ਹੋਰ ਮੁਲਜ਼ਮ ਗੁਰਪ੍ਰੀਤ ਉਰਫ਼ ਗੋਪੀ ਨੂੰ ਚਾਰ ਪਿਸਤੌਲਾਂ ਸਣੇ ਗ੍ਰਿਫ਼ਤਾਰ ਕਰ ਲਿਆ ਅਤੇ ਉਸ ਵੱਲੋਂ ਕੀਤੇ ਖੁਲਾਸਿਆਂ ਦੇ ਆਧਾਰ 'ਤੇ ਪੁਲਿਸ ਟੀਮਾਂ ਨੇ ਅੱਗੇ ਉਸਦੇ ਦੋ ਸਾਥੀਆਂ ਕੁਲਜੀਤ ਸਿੰਘ ਅਤੇ ਸ਼ਮਸ਼ੇਰ ਉਰਫ਼ ਸ਼ੇਰਾ ਨੂੰ ਦੋ ਪਿਸਤੌਲਾਂ ਸਣੇ ਗ੍ਰਿਫ਼ਤਾਰ ਕਰ ਲਿਆ।

ਪੁਲਿਸ ਕਮਿਸ਼ਨਰ ਨੇ ਦੱਸਿਆ ਕਿ ਪੁੱਛਗਿੱਛ ਦੌਰਾਨ ਦੋਸ਼ੀ ਗੁਰਪ੍ਰੀਤ ਉਰਫ਼ ਗੋਪੀ ਨੇ ਖੁਲਾਸਾ ਕੀਤਾ ਕਿ ਉਹ ਸੋਸ਼ਲ ਮੀਡੀਆ ਐਪਲੀਕੇਸ਼ਨਾਂ ਰਾਹੀਂ ਵਿਦੇਸ਼ੀ ਗੈਂਗਸਟਰ ਦੇ ਸੰਪਰਕ ਵਿੱਚ ਸੀ, ਜੋ ਉਨ੍ਹਾਂ ਲਈ ਅਟਾਰੀ ਸੈਕਟਰ ਵਿੱਚ ਵੱਖ-ਵੱਖ ਥਾਵਾਂ 'ਤੇ ਡਰੋਨ ਰਾਹੀਂ ਭੇਜੀ ਜਾਂਦੀ ਹਥਿਆਰਾਂ ਦੀ ਖੇਪ ਦਾ ਪ੍ਰਬੰਧ ਕਰ ਰਿਹਾ ਸੀ।

ਉਨ੍ਹਾਂ ਕਿਹਾ ਕਿ ਅਗਲੇਰੀ ਜਾਂਚ ਦੌਰਾਨ ਪੁਲਿਸ ਟੀਮਾਂ ਨੇ ਦੋ ਹੋਰ ਮੁਲਜ਼ਮਾਂ ਅਮਨ ਰਾਣਾ ਉਰਫ਼ ਚੀਨੀ ਅਤੇ ਸ਼ਰਨਜੀਤ ਉਰਫ਼ ਸੰਨੀ ਨੂੰ ਦੋ ਪਿਸਤੌਲਾਂ ਸਮੇਤ ਗ੍ਰਿਫ਼ਤਾਰ ਕਰ ਲਿਆ ਅਤੇ ਉਕਤ ਮੁਲਜ਼ਮਾਂ ਵੱਲੋਂ ਕੀਤੇ ਖੁਲਾਸਿਆਂ ਦੇ ਆਧਾਰ 'ਤੇ ਕਾਰਵਾਈ ਕਰਦਿਆਂ ਪੁਲਿਸ ਟੀਮਾਂ ਨੇ ਇੱਕ ਪਿਸਤੌਲ ਸਮੇਤ ਮੁਲਜ਼ਮ ਅਜੈ ਸਿੰਘ ਨੂੰ ਗ੍ਰਿਫ਼ਤਾਰ ਕਰ ਲਿਆ।

ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਜਾਂਚ ਅਨੁਸਾਰ ਮੁਲਜ਼ਮ ਹਰਪ੍ਰੀਤ ਉਰਫ਼ ਪ੍ਰੀਤ, ਗੁਰਪ੍ਰੀਤ ਉਰਫ਼ ਗੋਪੀ, ਸ਼ਰਨਜੀਤ ਉਰਫ਼ ਸੰਨੀ ਅਤੇ ਅਜੈ ਸਿੰਘ ਪਹਿਲਾਂ ਕਤਲ, ਕਤਲ ਦੀ ਕੋਸ਼ਿਸ਼, ਅਸਲਾ ਐਕਟ, ਐਨਡੀਪੀਐਸ ਐਕਟ ਅਤੇ ਚੋਰੀ ਦੇ ਮਾਮਲਿਆਂ ਵਿੱਚ ਵੀ ਸ਼ਾਮਲ ਰਹੇ ਹਨ। ਉਨ੍ਹਾਂ ਅੱਗੇ ਕਿਹਾ ਇਸ ਸਬੰਧੀ ਹੋਰ ਜਾਂਚ ਜਾਰੀ ਹੈ।

ਇਸ ਸਬੰਧ ਵਿੱਚ, ਤਿੰਨ ਵੱਖ-ਵੱਖ ਮਾਮਲੇ - ਅਸਲਾ ਐਕਟ ਦੀ ਧਾਰਾ 25(8) ਅਧੀਨ ਥਾਣਾ ਏਅਰਪੋਰਟ ਵਿਖੇ ਐਫਆਈਆਰ ਨੰਬਰ 14 ਮਿਤੀ 01-06-2026, ਅਸਲਾ ਐਕਟ ਦੀ ਧਾਰਾ 25(8) ਅਧੀਨ ਥਾਣਾ ਸਦਰ ਵਿਖੇ ਐਫਆਈਆਰ ਨੰਬਰ 122 ਮਿਤੀ 10-06-2026 ਅਤੇ ਅਸਲਾ ਐਕਟ ਦੀ ਧਾਰਾ 25(8) ਅਧੀਨ ਥਾਣਾ ਛੇਹਰਟਾ, ਅੰਮ੍ਰਿਤਸਰ ਵਿਖੇ ਐਫਆਈਆਰ ਨੰਬਰ 133 ਮਿਤੀ 16-06-2026 ਨੂੰ ਦਰਜ ਕੀਤੇ ਗਏ ਹਨ।

## ਤਖ਼ਤ ਪਟਨਾ ਸਾਹਿਬ ਵਿੱਖੇ ਮਨਾਇਆ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਗੁਰਪੁਰਬ

**ਆਜ਼ਾਦ ਸੋਚ**
**ਸੁਖਰਾਜ ਸਿੰਘ/ਨਵੀਂ ਦਿੱਲੀ, 18 ਜੂਨ**

ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਵਿੱਖੇ ਪੰਚਮ ਪਾਤਸ਼ਾਹ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਪੁਰਬ ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਗਿਆ। ਇਸ ਮੌਕੇ ਠੰਢੇ ਮਿੱਠੇ ਜਲ ਦੀ ਛਬੀਲ ਅਤੇ ਗੁਰੂ ਕਾ ਲੰਗਰ ਲਗਾਇਆ ਗਿਆ। ਤਖ਼ਤ ਪਟਨਾ ਸਾਹਿਬ ਕਮੇਟੀ ਦੇ ਪ੍ਰਧਾਨ ਸਰਦਾਰ ਜਗਜੋਤ ਸਿੰਘ ਸੋਹੀ, ਜਨਰਲ ਸਕੱਤਰ ਸਰਦਾਰ ਇੰਦਰਜੀਤ ਸਿੰਘ, ਸੀਨੀਅਰ ਮੀਤ ਪ੍ਰਧਾਨ ਸਰਦਾਰ ਲਖਵਿੰਦਰ ਸਿੰਘ, ਸਕੱਤਰ ਸਰਦਾਰ ਹਰਬੰਸ ਸਿੰਘ ਸਮੇਤ ਸਮੁੱਚੀ ਕਮੇਟੀ ਵੱਲੋਂ ਗੁਰੂ ਅਰਜਨ ਦੇਵ ਜੀ ਦੀ ਮਹਾਨ ਸ਼ਹਾਦਤ ਨੂੰ ਨਮਨ ਕੀਤਾ ਗਿਆ।ਸ. ਜਗਜੋਤ ਸਿੰਘ ਸੋਹੀ ਨੇ ਦੱਸਿਆ ਕਿ ਪਿਛਲੇ ਇੱਕ ਮਹੀਨੇ ਤੋਂ ਸ਼ਹੀਦੀ ਪੁਰਬ ਨੂੰ ਸਮਰਪਿਤ ਇਸਤਰੀ ਸਤਿਸੰਗ ਵੱਲੋਂ ਸ੍ਰੀ ਸੁਖਮਨੀ ਸਾਹਿਬ ਦੇ ਪਾਠਾਂ ਦੀ ਲੜੀ ਚਲਾਈ ਜਾ ਰਹੀ ਸੀ, ਜਿਸ ਦੀ ਅੱਜ ਸੰਪੂਰਨਤਾ ਹੋਈ। ਇਸ ਤੋਂ ਇਲਾਵਾ ਪਿਛਲੇ ਚਾਰ ਦਿਨਾਂ ਤੋਂ ਬਾਬਾ ਜੋਧਬੀਰ ਸਿੰਘ ਅਤੇ ਸ਼ਹੀਦ ਗਿਆਨੀ ਦਵਿੰਦਰ ਸਿੰਘ ਅਜਨਾਲਾ ਵਾਲਿਆਂ ਵੱਲੋਂ ਛਬੀਲ ਅਤੇ ਲੰਗਰ ਸੇਵਾ ਨਿਰੰਤਰ ਚਲਾਈ ਜਾ ਰਹੀ ਸੀ। ਉਨ੍ਹਾਂ ਦੱਸਿਆ ਕਿ ਅੱਜ ਸ਼ਹੀਦੀ ਪੁਰਬ ਦੇ ਸੰਬੰਧ ਵਿੱਚ ਵਿਸ਼ੇਸ਼ ਦੀਵਾਨ ਸਜਾਇਆ ਗਿਆ, ਜਿਸ ਵਿੱਚ ਸੰਗਤਾਂ ਨੂੰ ਕਥਾ ਤੇ ਗੁਰਬਾਣੀ ਕੀਰਤਨ ਸਰਵਣ ਕਰਵਾਇਆ ਗਿਆ। ਦੁਪਹਿਰ ਬਾਅਦ ਜਥੇਦਾਰ ਗਿਆਨੀ ਬਲਦੇਵ ਸਿੰਘ ਵੱਲੋਂ ਸੰਗਤਾਂ ਨੂੰ ਸ਼ਸਤਰ ਦਰਸ਼ਨ ਕਰਵਾਏ ਗਏ। ਇਸ ਤੋਂ ਇਲਾਵਾ ਅੰਮ੍ਰਿਤ ਵੇਲੇ ਨਿਤਨੇਮ ਕਰਨ ਵਾਲੀਆਂ ਸੰਗਤਾਂ ਵੱਲੋਂ ਵੀ ਛਬੀਲ ਤੇ ਲੰਗਰ ਦੀ ਸੇਵਾ ਕੀਤੀ ਗਈ। ਤਖ਼ਤ ਪਟਨਾ ਸਾਹਿਬ ਕਮੇਟੀ ਦੇ ਜਨਰਲ ਸਕੱਤਰ ਸ. ਇੰਦਰਜੀਤ ਸਿੰਘ ਨੇ ਕਿਹਾ ਕਿ ਗੁਰੂ ਅਰਜਨ ਦੇਵ ਜੀ ਦੀ ਅਨਮੋਲ ਦੇਣ ਆਦਿ ਗ੍ਰੰਥ ਦੀ ਸੰਪਾਦਨਾ ਸੀ, ਜਿਸ ਵਿੱਚ ਉਨ੍ਹਾਂ ਪਹਿਲੇ ਚਾਰ ਗੁਰੂ ਸਾਹਿਬਾਨ, ਭੱਟਾਂ ਤੇ ਭਗਤਾਂ ਦੀ ਬਾਣੀ ਨੂੰ ਸੰਕਲਿਤ ਕੀਤਾ। ਉਨ੍ਹਾਂ ਹਮੇਸ਼ਾ ਆਦਿ ਗ੍ਰੰਥ ਦਾ ਬੇਅੰਤ ਸਤਿਕਾਰ ਕੀਤਾ।ਉਨ੍ਹਾਂ ਕਿਹਾ ਕਿ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਪੁਰਬ 'ਤੇ ਸਾਨੂੰ ਇਹ ਪ੍ਰਣ ਕਰਨਾ ਚਾਹੀਦਾ ਹੈ ਕਿ ਅਸੀਂ ਆਪਣੇ ਘਰਾਂ ਵਿੱਚ ਲਗਾਤਾਰ ਸਹਿਜ ਪਾਠਾਂ ਦੀ ਲੜੀ ਚਲਾਵਾਂਗੇ ਅਤੇ ਗੁਰਬਾਣੀ ਨਾਲ ਜੁੜ ਕੇ ਆਪਣਾ ਜੀਵਨ ਸਫਲ ਬਣਾਵਾਂਗੇ।



## ਦਿੱਲੀ ਕਮੇਟੀ ਨੇ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਸਜਾਏ ਧਾਰਮਿਕ ਦੀਵਾਨ

**ਗੁਰਮਤਿ ਕੈਂਪਾਂ ਦੀ ਸਮਾਪਤੀ 20 ਤੇ 21 ਜੂਨ ਨੂੰ ਹੋਵੇਗੀ, ਸੰਗਤਾਂ ਵੱਡੀ ਗਿਣਤੀ 'ਚ ਕਰਨ ਸ਼ਮੂਲੀਅਤ: ਕਾਲਕਾ, ਕਾਹਲੋਂ**





**ਆਜ਼ਾਦ ਸੋਚ**
**ਸੁਖਰਾਜ ਸਿੰਘ**
**ਨਵੀਂ ਦਿੱਲੀ, 18 ਜੂਨ**

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ਼ਹੀਦਾਂ ਦੇ ਸਿਰਤਾਜ ਪੰਚਮ ਪਾਤਸ਼ਾਹ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ। ਇਸ ਦਿਹਾੜੇ ਮੌਟੇ ਦਿੱਲੀ ਕਮੇਟੀ ਅਧੀਨ ਵੱਖ-ਵੱਖ ਗੁਰੂ ਘਰਾਂ ਵਿਚ ਗੁਰਮਤਿ ਸਮਾਗਮ ਆਯੋਜਿਤ ਕੀਤੇ ਗਏ ਤੇ ਮੁੱਖ ਸਮਾਗਮ ਭਾਈ ਲੱਖੀ ਸ਼ਾਹ ਵਣਜਾਰਾ ਹਾਲ ਗੁਰਦੁਆਰਾ ਰਕਾਬਗੰਜ ਸਾਹਿਬ ਵਿੱਖੇ ਹੋਇਆ। ਜਿਥੇ ਰਾਗੀ ਸਿੰਘਾਂ ਦੇ ਜੱਥਿਆਂ ਨੇ ਗੁਰੂ ਕੀ ਇਲਾਹੀ ਬਾਣੀ ਦੇ ਰਸਭਿੰਨੇ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਹਾਜ਼ਰ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਮੇਟੀ ਦੇ ਪ੍ਰਧਾਨ ਸ. ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸ. ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਸਿੱਖ ਪੰਥ 'ਚ ਗੁਰੂ ਸਾਹਿਬਾਨ, ਜਰਨੈਲਾਂ ਤੇ ਸਿੱਖ ਸ਼ਰਧਾਲੂਆਂ ਨੇ ਸ਼ਹਾਦਤਾਂ ਦਿੱਤੀਆਂ ਪਰ ਸ਼ਹੀਦਾਂ ਦਾ ਸਿਰਤਾਜ ਗੁਰੂ ਅਰਜਨ ਦੇਵ ਜੀ ਨੂੰ ਇਸ ਕਰ ਕੇ ਕਿਹਾ ਜਾਂਦਾ ਹੈ ਕਿਉਂਕਿ ਇਥੋਂ ਹੀ ਸ਼ਹੀਦੀਆਂ ਦੇਣ ਦੀ ਸ਼ੁਰੂਆਤ ਹੋਈ।ਉਨ੍ਹਾਂ ਕਿਹਾ ਕਿ ਪੰਚਮ ਪਾਤਸ਼ਾਹ ਗੁਰੂ ਅਰਜਨ ਦੇਵ ਜੀ ਦੀ ਅਨਮੋਲ ਦਾਤ ਆਦਿ ਗ੍ਰੰਥ ਦੀ ਸੰਪਾਦਨਾ ਸੀ ਜਿਸ ਵਿਚ ਉਹਨਾਂ ਚਾਰ ਗੁਰੂ ਸਾਹਿਬਾਨ, ਭੱਟਾਂ ਤੇ ਭਗਤਾਂ ਦੀ ਬਾਣੀ ਸ਼ਾਮਲ ਕੀਤੀ। ਉਹਨਾਂ ਕਿਹਾ ਕਿ ਅਸੀਂ ਸਾਰੇ ਅੱਜ ਗੁਰੂ ਸਾਹਿਬ ਅੱਗੇ ਅਕੀਦਤ ਭੇਂਟ ਕਰਦੇ ਹਾਂ ਤੇ ਗੁਰੂ ਗ੍ਰੰਥ ਸਾਹਿਬ ਜੀ ਮੁਤਾਬਕ ਹੀ ਆਪਣਾ ਜੀਵਨ ਬਤੀਤ ਕਰਨ ਦਾ ਯਤਨ ਕਰਦੇ ਹਾਂ। ਉਹਨਾਂ ਕਿਹਾ ਕਿ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਨੇ ਖਾਲਸੇ ਦੇ ਰੂਪ 'ਚ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਵਾਰਿਸ ਤਿਆਰ ਕੀਤਾ ਤੇ ਜ਼ਿੰਮੇਵਾਰੀ ਲਗਾਈ ਕਿ ਅਸੀਂ ਸਾਰੇ ਗੁਰੂ ਗ੍ਰੰਥ ਸਾਹਿਬ ਦੀ ਸੇਵਾ ਸੰਭਾਲ ਤੇ ਪ੍ਰਚਾਰ ਤੇ ਪ੍ਰਸਾਰ ਦੀ ਜ਼ਿੰਮੇਵਾਰੀ ਨਿਭਾਵਾਂਗੇ।ਉਹਨਾਂ ਕਿਹਾ ਕਿ ਗੁਰੂ ਸਾਹਿਬ ਨੇ ਸਾਨੂੰ ਅਵੱਲ ਅੱਲ੍ਹਾ ਨੂਰ ਉਪਾਇਆ ਦਾ ਉਪਦੇਸ਼ ਦਿੱਤਾ ਤੇ ਸਾਨੂੰ ਸਭ ਨੂੰ ਬਰਾਬਰ ਸਮਝਣ ਦਾ ਹੁਕਮ ਦਿੱਤਾ। ਉਹਨਾਂ ਕਿਹਾ ਕਿ ਅੱਜ ਵੀ ਬਹੁਤ ਸਾਰੇ ਮਾੜੇ ਅਨਸਰ ਹਨ ਜੋ ਆਪਣੀਆਂ ਦੁਕਾਨਾਂ ਖੋਲ੍ਹ ਕੇ ਬੈਠੇ ਹਨ ਤੇ ਗੁਰੂ ਸਾਹਿਬ ਦੇ ਨਾਮ 'ਤੇ ਆਪਣੇ ਕਾਰੋਬਾਰ ਚਲਾ ਰਹੇ ਹਨ। ਉਹਨਾਂ ਕਿਹਾ ਕਿ ਅੱਜ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਪੁਰਬ 'ਤੇ ਸਾਨੂੰ ਪ੍ਰਣ ਲੈਣਾ ਚਾਹੀਦਾ ਹੈ ਕਿ ਅਸੀਂ ਆਪਣੇ ਘਰਾਂ ਵਿਚ ਸਹਿਜ ਪਾਠਾਂ ਦੀ ਲੜੀ ਲਗਾਤਾਰ ਚਲਾਵਾਂਗੇ। ਉਹਨਾਂ ਕਿਹਾ ਕਿ ਦਿੱਲੀ ਕਮੇਟੀ ਦੇ ਧਰਮ ਪ੍ਰਚਾਰ ਵਿੰਗ ਨੇ ਗਰਮੀ ਦੀਆਂ ਛੁੱਟੀਆਂ ਵਿਚ ਗੁਰਮਤਿ ਕੈਂਪ ਲਗਾਉਣੇ ਸ਼ੁਰੂ ਕੀਤੇ ਹਨ ਤੇ ਹਰ ਸਾਲ ਇਹ ਕੈਂਪ ਲੱਗ ਰਹੇ ਹਨ। ਇਸ ਵਾਰ ਵੀ ਇਨ੍ਹਾ ਕੈਂਪਾਂ ਦੀ ਸਮਾਪਤੀ 20 ਤੇ 21 ਜੂਨ ਨੂੰ ਭਾਈ ਲੱਖੀ ਸ਼ਾਹ ਵਣਜਾਰਾ ਹਾਲ ਵਿਚ ਹੀ ਹੋਣੀ ਹੈ। ਉਨ੍ਹਾਂ ਨੇ ਸੰਗਤ ਨੂੰ ਇਨ੍ਹਾਂ ਸਮਾਗਮਾਂ ਵਿਚ ਵੱਧ ਚੜ੍ਹ ਕੇ ਸ਼ਾਮਲ ਹੋਣ ਦੀ ਅਪੀਲ ਕੀਤੀ। ਉਨ੍ਹਾਂ ਦੱਸਿਆ ਕਿ ਪਹਿਲੇ ਸਾਲ ਇਨ੍ਹਾਂ ਕੈਂਪਾਂ 'ਚ 4 ਹਜ਼ਾਰ ਵਿਦਿਆਰਥੀ ਪਹੁੰਚੇ, ਫਿਰ ਅਗਲੇ ਸਾਲ 9 ਹਜ਼ਾਰ, ਫਿਰ 14 ਹਜ਼ਾਰ ਤੇ ਫਿਰ 20 ਹਜ਼ਾਰ ਬੱਚਾ ਇਸ ਸਾਲ ਕੈਂਪਾਂ 'ਚ ਗੁਰਮਤਿ ਦੀ ਸਿੱਖਲਾਈ ਹਾਸਲ ਕਰ ਰਿਹਾ ਹੈ। ਬਾਬਾ ਹਰਬੰਸ ਸਿੰਘ ਜੀ ਕਾਰ ਸੇਵਾ ਵਾਲਿਆਂ ਦੀ ਗੱਲ ਕਰਦਿਆਂ ਉਨ੍ਹਾਂ ਦੱਸਿਆ ਕਿ ਉਹਨਾਂ ਦੀ ਸੰਪਰਦਾ ਨੂੰ ਦਿੱਲੀ ਵਿਚ ਸੇਵਾ ਕਰਦਿਆਂ 50 ਸਾਲ ਹੋ ਗਏ ਹਨ। ਦਿੱਲੀ, ਯੂ.ਪੀ ਤੇ ਪੰਜਾਬ ਵਿਚ ਕੋਈ ਗੁਰੂ ਘਰ ਨਹੀਂ ਹੋਵੇਗਾ ਜਿਥੇ ਇਹਨਾਂ ਦੀ ਸੰਪਰਦਾ ਦੀ ਕਾਰ ਸੇਵਾ ਨਹੀਂ ਚਲ ਰਹੀ। ਉਨ੍ਹਾਂ ਕਿਹਾ ਕਿ ਹੁਣ ਸੇਵਾ ਦੀ ਅਗਵਾਈ ਬਾਬਾ ਬਚਨ ਸਿੰਘ ਜੀ ਕਰ ਰਹੇ ਹਨ ਉਹਨਾਂ ਦੱਸਿਆ ਕਿ ਬਾਬਾ ਹਰਬੰਸ ਸਿੰਘ ਜੀ ਦੀ ਯਾਦ ਵਿਚ 20 ਜੂਨ ਨੂੰ ਸ਼ਾਮ ਨੂੰ ਦੀਵਾਨ ਸਜਾਏ ਜਾ ਰਹੇ ਹਨ ਜਿਸ ਵਿਚ ਸੰਗਤਾਂ ਨੂੰ ਵੱਧ ਚੜ੍ਹ ਕੇ ਸ਼ਮੂਲੀਅਤ ਵੀ ਕਰਨੀ ਚਾਹੀਦੀ ਹੈ ਤੇ ਬਾਬਾ ਜੀ ਦੀ ਸੰਪਰਦਾ ਵੱਲੋਂ ਦਿੱਲੀ ਵਿਚ ਕੀਤੀ ਜਾ ਰਹੀ ਕਾਰ ਸੇਵਾ ਵਿਚ ਆਪਣਾ ਯੋਗਦਾਨ ਵੀ ਪਾਉਣਾ ਚਾਹੀਦਾ ਹੈ।

## ਤਖਤ ਸ੍ਰੀ ਹਜ਼ੂਰ ਸਾਹਿਬ ਵਿੱਖੇ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਗੁਰਪੁਰਬ ਸ਼ਰਧਾ ਪੂਰਵਕ ਮਨਾਇਆ ਗਿਆ: ਡਾ . ਵਿਜੈ ਸਤਬੀਰ ਸਿੰਘ

**ਆਜ਼ਾਦ ਸੋਚ**
**ਸੁਖਰਾਜ ਸਿੰਘ**
**ਨਵੀਂ ਦਿੱਲੀ, 18 ਜੂਨ**

ਸ਼ਹੀਦਾਂ ਦੇ ਸਿਰਤਾਜ, ਸ਼ਾਂਤੀ ਦੇ ਪੁੰਜ, ਪੰਚਮ ਪਾਤਸ਼ਾਹ ਧੰਨ-ਧੰਨ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਮਹਾਰਾਜ ਦਾ ਪਾਵਨ ਸ਼ਹੀਦੀ ਦਿਹਾੜਾ ਤਖਤ ਸੱਚਖੰਡ ਸ੍ਰੀ ਹਜ਼ੂਰ ਅਬਿਚਲਨਗਰ ਸਾਹਿਬ, ਨਾਂਦੇੜ ਵਿਖੇ ਸਮੁੱਚੀ ਸੰਗਤ ਵੱਲੋਂ ਸ਼ਰਧਾ, ਭਾਵਨਾ ਤੇ ਸਤਿਕਾਰ ਸਹਿਤ ਮਨਾਇਆ ਗਿਆ। ਇਸ ਮੌਕੇ ਤਖ਼ਤ ਸਾਹਿਬ ਜੀ ਦੇ ਮੀਤ ਗ੍ਰੰਥੀ ਸਿੰਘ ਸਾਹਿਬ ਭਾਈ ਗੁਰਮੀਤ ਸਿੰਘ ਜੀ ਵੱਲੋਂ ਤਖ਼ਤ ਸਾਹਿਬ ਵਿੱਖੇ ਸ੍ਰੀ ਗੁਰੂ ਅਰਜਨ ਜੀ ਦੇ ਸ਼ਹੀਦੀ ਬਾਰੇ ਸੰਗਤਾਂ ਨੂੰ ਕਥਾ ਸਰਵਨ ਕਰਾਈ ਗਈ ਅਤੇ ਤਖ਼ਤ ਸਾਹਿਬ ਦੇ ਕਥਾਕਾਰ ਭਾਈ ਸਰਬਜੀਤ ਸਿੰਘ ਨਿਰਮਲੇ ਨੇ ਗੁਰੂ ਸਾਹਿਬ ਜੀ ਦੀ ਸ਼ਹਾਦਤ ਬਾਰੇ ਇਤਿਹਾਸ ਸਰਵਣ ਕਰਵਾਇਆ। ਹਜ਼ੂਰੀ ਨੌਜਵਾਨਾਂ ਤੇ ਸਾਧ ਸੰਗਤ ਵੱਲੋਂ ਸ਼ਹੀਦੀ ਗੁਰਪੁਰਬ ਨੂੰ ਸਮਰਪਿਤ ਤਖਤ ਸੱਚਖੰਡ ਸਾਹਿਬ ਵਿੱਖੇ ਪਿਛਲੇ ਪੰਜ ਦਿਨਾਂ ਤੋਂ ਲਗਾਤਾਰ ਸ੍ਰੀ ਸੁਖਮਨੀ ਸਾਹਿਬ ਦੇ ਪਾਠ, ਕਥਾ ਦੇ ਪ੍ਰਵਾਹ ਚਲਾਏ ਗਏ। ਤਖਤ ਸਾਹਿਬ ਦੇ ਮੁੱਖ ਪ੍ਰਬੰਧਕ ਡਾ. ਵਿਜੇ ਸਤਬੀਰ ਸਿੰਘ ਦੇ ਨਿਰਦੇਸ਼ਾਂ ਤਹਿਤ ਸੰਗਤਾਂ ਲਈ ਸੱਚਖੰਡ ਪਰਿਸਰ, ਗੁਰਦੁਆਰਾ ਗੇਟ ਨੰਬਰ - ? ਦੇ ਬਾਹਰਵਾਰ ਮੇਨ ਰੋਡ, ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਿਊਜ਼ੀਅਮ, ਗੁਰਦੁਆਰਾ ਚੌਕ, ਹਜ਼ੂਰ ਸਾਹਿਬ ਰੇਲਵੇ ਸਟੇਸ਼ਨ ਸਮੇਤ ਪ੍ਰਮੁੱਖ ਸਥਾਨਾਂ 'ਤੇ ਠੰਢੇ-ਮਿੱਠੇ ਜਲ ਦੀਆਂ ਛਬੀਲਾਂ ਲਗਾਈਆਂ ਗਈਆਂ, ਜਿੱਥੇ ਸੇਵਾਦਾਰਾਂ ਵੱਲੋਂ ਰਾਹਗੀਰਾਂ ਤੇ ਸੰਗਤਾਂ ਨੂੰ ਜਲ ਛਕਾਇਆ ਗਿਆ। ਡਾ. ਵਿਜੇ ਸਤਬੀਰ ਸਿੰਘ ਨੇ ਕਿਹਾ ਕਿ ਧਾਰਮਿਕ ਕੱਟੜਤਾ ਅਤੇ ਹਕੂਮਤੀ ਜ਼ੁਲਮ ਅੱਗੇ ਸਿਰ ਨਾ ਝੁਕਾਉਂਦੇ ਹੋਏ ਗੁਰੂ ਜੀ ਨੇ ਚੰਗੇਜ਼ੀ ਕਾਨੂੰਨ ਯਾਸਾ ਅਧੀਨ ਅਸਹਿ ਤੇ ਅਕਹਿ ਕਸ਼ਟ ਸਹਿ ਕੇ ਆਪਣੀ ਸ਼ਹਾਦਤ ਦਿੱਤੀ। ਉਨ੍ਹਾਂ ਕਿਹਾ ਕਿ ਅੱਜ ਸਮੁੱਚੀ ਦੁਨੀਆ ਨੂੰ ਪੰਚਮ ਪਾਤਸ਼ਾਹ ਦੇ ਜੀਵਨ, ਉਨ੍ਹਾਂ ਦੀਆਂ ਸਿੱਖਿਆਵਾਂ ਅਤੇ ਸਰਬ-ਸਾਂਝੀਵਾਲਤਾ ਦੇ ਦਿੱਤੇ ਗਏ ਮਹਾਨ ਸੰਦੇਸ਼ ਤੋਂ ਪ੍ਰੇਰਨਾ ਲੈਣ ਦੀ ਲੋੜ ਹੈ।ਇਸ ਮੌਕੇ ਭਾਈ ਪਰਮਵੀਰ ਸਿੰਘ ਰਹਿਰਾਸੀਆ, ਗੁਰਦੁਆਰਾ ਸੱਚਖੰਡ ਬੋਰਡ ਦੇ ਸੁਪਰਡੈਂਟ ਰਵਿੰਦਰ ਸਿੰਘ ਕਪੂਰ, ਸਹਾ. ਸੁਪਰਡੈਂਟ ਜੈਮਲ ਸਿੰਘ ਢਿੱਲੋਂ ਸਮੇਤ ਹੋਰ ਪਤਵੰਤੇ ਸੱਜਣ ਤੇ ਵੱਡੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ।



# ਸ਼੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਠੰਡੇ ਮਿੱਠੇ ਜਲ ਦੀ ਸੇਵਾ



**ਆਜ਼ਾਦ ਸੋਚ**
**ਜਗਵਿੰਦਰ ਸਿੰਘ**
**ਖਰੜ , 18 ਜੂਨ**

ਗੁਰੂ ਪੰਚਮ ਪਾਤਸ਼ਾਹ ਧੰਨ ਧੰਨ ਸ਼੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਗੁਰੂਦੁਆਰਾ ਗੁਰੂ ਕ੍ਰਿਪਾ ਸਾਹਿਬ, ਸ਼ਿਵਾਲਿਕ ਸਿਟੀ, ਖਰੜ ਵਿਖੇ ਸੰਗਤ ਵੱਲੋਂ ਠੰਡੇ ਮਿੱਠੇ ਜਲ ਦੀ ਛਬੀਲ ਲਗਾ ਕੇ ਸੇਵਾ ਕੀਤੀ ਗਈ। ਇਸ ਮੌਕੇ ਵੱਡੀ ਗਿਣਤੀ ਵਿੱਚ ਸੰਗਤ ਨੇ ਹਾਜ਼ਰੀ ਭਰੀ ਅਤੇ ਗੁਰੂ ਸਾਹਿਬ ਦੇ ਉਪਦੇਸ਼ਾਂ ਨੂੰ ਯਾਦ ਕਰਦਿਆਂ ਸੇਵਾ, ਸਿਮਰਨ ਅਤੇ ਮਨੁੱਖਤਾ ਦੀ ਭਲਾਈ ਦਾ ਸੰਦੇਸ਼ ਦਿੱਤਾ।

ਸੇਵਾਦਾਰਾ ਨੇ ਕਿਹਾ ਕਿ ਸ਼੍ਰੀ ਗੁਰੂ ਅਰਜਨ ਦੇਵ ਜੀ ਨੇ ਸੱਚ, ਧਰਮ ਅਤੇ ਮਨੁੱਖੀ ਅਧਿਕਾਰਾਂ ਦੀ ਰੱਖਿਆ ਲਈ ਅਦੁੱਤੀ ਕੁਰਬਾਨੀ ਦਿੱਤੀ, ਜੋ ਸਮੁੱਚੀ ਮਨੁੱਖਤਾ ਲਈ ਪ੍ਰੇਰਣਾ ਸਰੋਤ ਹੈ।

ਸਮਾਗਮ ਦੌਰਾਨ ਸੰਗਤ ਨੇ ਗੁਰੂ ਸਾਹਿਬ ਨੂੰ ਸ਼ਰਧਾ ਅਤੇ ਸਤਿਕਾਰ ਭੇਟ ਕਰਦਿਆਂ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ।ਇਸ ਮੌਕੇ ਭੁਪਿੰਦਰ ਸਿੰਘ, ਪਰਵਿੰਦਰ ਸਿੰਘ ਰਿੰਕੂ, ਬਲਵਿੰਦਰ ਸਿੰਘ,ਐੱਚ. ਐੱਸ ਵਾਲੀਆ, ਰਾਜ ਕੁਮਾਰ, ਜਸਵੰਤ ਸਿੰਘ, ਗੁਰਦਿਆਲ ਸਿੰਘ, ਬਲਵੀਰ ਸਿੰਘ, ਅਜੇ ਸਿੰਘ, ਦਿਲਾਵਰ ਸਿੰਘ, ਤੇਜਵੀਰ ਸਿੰਘ ਆਦਿ ਹਾਜ਼ਰ ਸਨ।

# ਸੀਨੀਅਰ ਸਿਟੀਜਨ ਹੋਮ ਵਿਖੇ ਸ਼ਹੀਦੀ ਦਿਵਸ ਮਨਾਇਆ



**ਆਜ਼ਾਦ ਸੋਚ**
**ਰਜਿੰਦਰ**
**ਸ਼੍ਰੀ ਚਮਕੌਰ ਸਾਹਿਬ, 18 ਜੂਨ**

ਮਾਤਾ ਸਤਿਆ ਦੇਵੀ ਮੈਮੋਰੀਅਲ ਸੀਨੀਅਰ ਸਿਟੀਜ਼ਨ ਹੋਮ, ਅੰਡਰ ਐਸ. ਐਸ. ਮੈਮੋਰੀਅਲ ਐਜੂਕੇਸ਼ਨਲ ਸੁਸਾਇਟੀ ਵਿਖੇ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਦਾ ਸ਼ਹੀਦੀ ਦਿਵਸ ਬੜੀ ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਗਿਆ। ਇਸ ਮੌਕੇ ਜੋਤ ਪ੍ਰਜਵਲਿਤ ਕਰਕੇ ਸਮਾਗਮ ਦੀ ਸ਼ੁਰੂਆਤ ਕੀਤੀ ਗਈ। ਆਸ਼ਰਮ ਵਿੱਚ ਰਹਿੰਦੇ ਬਜ਼ੁਰਗ ਪਾਠੀ ਗਿਆਨੀ ਬਲਰਾਜ ਸਿੰਘ ਨੇ ਅਰਦਾਸ ਕੀਤੀ ਅਤੇ ਸ੍ਰੀ ਗੁਰੂ ਅਰਜਨ ਦੇਵ ਦੀ ਮਹਾਨ ਸ਼ਹਾਦਤ ਨਾਲ ਸੰਬੰਧਤ ਸਾਖੀਆਂ ਸੁਣਾਕੇ ਸੰਗਤ ਨੂੰ ਉਨ੍ਹਾਂ ਦੇ ਜੀਵਨ ਤੋਂ ਪ੍ਰੇਰਣਾ ਲੈਣ ਲਈ ਪ੍ਰੇਰਿਤ ਕੀਤਾ। ਸੁਸਾਇਟੀ ਦੇ ਚੇਅਰਮੈਨ ਪ੍ਰੋ. ਆਰ. ਸੀ. ਢੰਡ ਨੇ ਵੀ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਕੁਰਬਾਨੀ ਸਬੰਧੀ ਚਾਨਣਾ ਪਾਇਆ। ਸ੍ਰੀ ਢੰਡ ਨੇ ਦੱਸਿਆ ਕਿ ਸਮਾਗਮ ਦੌਰਾਨ ਆਸ਼ਰਮ ਦੇ ਸਟਾਫ ਵੱਲੋਂ ਸਾਰੇ ਬਜ਼ੁਰਗਾਂ ਨਾਲ ਮਿਲ ਕੇ ਗੁਰੂ ਸਾਹਿਬ ਦੀ ਸ਼ਹਾਦਤ ਨੂੰ ਨਮਨ ਕੀਤਾ ਗਿਆ। ਆਸ਼ਰਮ ਪ੍ਰਬੰਧਕਾਂ ਨੇ ਕਿਹਾ ਕਿ ਅਜਿਹੇ ਧਾਰਮਿਕ ਅਤੇ ਸਮਾਜਿਕ ਸਮਾਗਮ ਬਜ਼ੁਰਗਾਂ ਵਿੱਚ ਆਤਮਿਕ ਸ਼ਾਂਤੀ, ਆਪਸੀ ਪਿਆਰ ਅਤੇ ਸਕਾਰਾਤਮਕਤਾ ਨੂੰ ਮਜ਼ਬੂਤ ਕਰਦੇ ਹਨ।

# ਡੀਬੀਯੂ ਨੇ ਆਯੁਰਵੇਦ ਅਤੇ ਸਿਹਤ ਜਾਗਰੂਕਤਾ ਸੈਸ਼ਨ ਰਾਹੀਂ ਰੋਕਥਾਮੀ ਸਿਹਤ ਸੰਭਾਲ ਨੂੰ ਕੀਤਾ ਉਤਸ਼ਾਹਿਤ

**ਆਜ਼ਾਦ ਸੋਚ**
**ਸੁਨੀਲ ਵਰਮਾ**
**ਫ਼ਤਹਿਗੜ੍ਹ ਸਾਹਿਬ , 18 ਜੂਨ**

ਰੋਕਥਾਮੀ ਸਿਹਤ ਸੰਭਾਲ ਅਤੇ ਸਮੁੱਚੀ ਤੰਦਰੁਸਤੀ ਪ੍ਰਤੀ ਆਪਣੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਬਣਾਉਂਦਿਆਂ ਦੇਸ਼ ਭਗਤ ਯੂਨੀਵਰਸਿਟੀ ਦੇ ਆਯੁਰਵੇਦ ਫੈਕਲਟੀ ਵੱਲੋਂ "ਸਿਹਤਮੰਦ ਬੁਢਾਪੇ ਵਿੱਚ ਖੁਰਾਕ ਦੀ ਭੂਮਿਕਾ: ਆਯੁਰਵੇਦ ਅਤੇ ਤੰਦਰੁਸਤੀ ਦੇ ਪਰਿਪੇਖ "ਵਿਸ਼ੇ 'ਤੇ ਇੱਕ ਗਿਆਨਵਰਧਕ ਮਾਹਿਰ ਲੈਕਚਰ ਦਾ ਆਯੋਜਨ ਕੀਤਾ ਗਿਆ। ਇਸ ਪ੍ਰੋਗਰਾਮ ਦਾ ਉਦੇਸ਼ ਆਯੁਰਵੇਦ ਦੇ ਸਦੀਵੀ ਸਿਧਾਂਤਾਂ ਰਾਹੀਂ ਸਿਹਤਮੰਦ ਬੁਢਾਪੇ ਬਾਰੇ ਜਾਗਰੂਕਤਾ ਪੈਦਾ ਕਰਨਾ ਸੀ।ਸਮਾਗਮ ਦੀ ਸ਼ੁਰੂਆਤ ਆਯੁਰਵੇਦ ਫੈਕਲਟੀ ਦੇ ਪੀ.ਜੀ. ਕਾਇਚਿਕਿਤਸਾ ਵਿਭਾਗ ਦੀ ਐਸੋਸੀਏਟ ਪ੍ਰੋਫੈਸਰ ਡਾ ਦਰਸ਼ਨਾ ਦੇ ਸਵਾਗਤੀ ਸੰਬੋਧਨ ਨਾਲ ਹੋਈ। ਉਨ੍ਹਾਂ ਨੇ ਮੁੱਖ ਵਕਤਾ ਅਤੇ ਹਾਜ਼ਰ ਭਾਗੀਦਾਰਾਂ ਦਾ ਨਿੱਘਾ ਸਵਾਗਤ ਕੀਤਾ। ਸਨਮਾਨ ਅਤੇ ਧੰਨਵਾਦ ਦੇ ਪ੍ਰਤੀਕ ਵਜੋਂ ਮੁੱਖ ਵਕਤਾ ਨੂੰ ਇਕ ਪੌਦਾ ਯਾਦਗਾਰੀ ਚਿੰਨ੍ਹ ਭੇਟ ਕੀਤਾ ਗਿਆ, ਜੋ ਵਾਤਾਵਰਣ ਸੰਭਾਲ ਅਤੇ ਸਿਹਤ ਖੇਤਰ ਵਿੱਚ ਕੀਤੇ ਮਹੱਤਵਪੂਰਨ ਯੋਗਦਾਨਾਂ ਪ੍ਰਤੀ ਯੂਨੀਵਰਸਿਟੀ ਦੀ ਸਨਮਾਨ ਭਾਵਨਾ ਨੂੰ ਦਰਸਾਉਂਦਾ ਹੈ।



ਮੁੱਖ ਲੈਕਚਰ ਡਾ ਵਿਭਾ ਬਾਵਾ ਵੱਲੋਂ ਪੇਸ਼ ਕੀਤਾ ਗਿਆ।ਉਨ੍ਹਾਂ ਨੇ ਸਿਹਤਮੰਦ ਬੁਢਾਪੇ ਨੂੰ ਉਤਸ਼ਾਹਿਤ ਕਰਨ ਲਈ ਪ੍ਰਮਾਣ-ਆਧਾਰਿਤ ਆਯੁਰਵੇਦਿਕ ਸਿਧਾਂਤਾਂ ਅਤੇ ਵਿਹਾਰਕ ਖੁਰਾਕੀ ਰਣਨੀਤੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਨੇ ਵਿਅਕਤੀਗਤ ਲੋੜਾਂ ਅਨੁਸਾਰ ਖੁਰਾਕ (ਆਹਾਰ), ਪਾਚਨ-ਸ਼ਕਤੀ (ਅਗਨੀ) ਨੂੰ ਮਜ਼ਬੂਤ ਰੱਖਣ, ਰੁੱਤਾਂ ਅਤੇ ਉਮਰ ਅਨੁਸਾਰ ਪੋਸ਼ਣ ਅਪਣਾਉਣ ਅਤੇ ਲੰਬੀ ਉਮਰ ਅਤੇ ਚੰਗੀ ਸਿਹਤ ਲਈ ਸਧਾਰਨ ਜੀਵਨ-ਸ਼ੈਲੀ ਬਦਲਾਵਾਂ ਦੀ ਮਹੱਤਤਾ ਉੱਤੇ ਜ਼ੋਰ ਦਿੱਤਾ।ਡਾ. ਬਾਵਾ ਨੇ ਕਿਹਾ ਕਿ ਸੰਤੁਲਿਤ ਪੋਸ਼ਣ, ਸਚੇਤ ਖਾਣ-ਪੀਣ ਦੀਆਂ ਆਦਤਾਂ ਅਤੇ ਅਨੁਸ਼ਾਸਿਤ ਰੋਜ਼ਾਨਾ ਜੀਵਨਸ਼ੈਲੀ ਬੁਢਾਪੇ ਦੌਰਾਨ ਸਰੀਰਕ, ਮਾਨਸਿਕ ਅਤੇ ਭਾਵਨਾਤਮਕ ਸਿਹਤ ਨੂੰ ਕਾਇਮ ਰੱਖਣ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਉਨ੍ਹਾਂ ਨੇ ਆਧੁਨਿਕ ਸਿਹਤ ਚੁਣੌਤੀਆਂ ਦੇ ਹੱਲ ਲਈ ਆਯੁਰਵੇਦ ਦੀ ਰੋਕਥਾਮੀ ਅਤੇ ਸਮੁੱਚੀ ਪਹੁੰਚ ਦੀ ਪ੍ਰਸੰਗਿਕਤਾ ਉੱਤੇ ਵੀ ਚਾਨਣਾ ਪਾਇਆ।ਇਸ ਸੈਸ਼ਨ ਵਿੱਚ ਆਯੁਰਵੇਦ ਫੈਕਲਟੀ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਉਤਸ਼ਾਹ ਨਾਲ ਭਾਗ ਲਿਆ। ਪ੍ਰੋਗਰਾਮ ਦਾ ਸੰਚਾਲਨ ਡਾ ਤੁਲਿਕਾ ਮਹਿਤਾ ਅਤੇ ਡਾ. ਦਰਸ਼ਨਾ ਵੱਲੋਂ ਕੀਤਾ ਗਿਆ, ਜਿਸ ਦੌਰਾਨ ਆਯੁਰਵੇਦਿਕ ਪੋਸ਼ਣ ਅਤੇ ਰੋਕਥਾਮੀ ਸਿਹਤ ਸੰਭਾਲ ਦੀ ਮਹੱਤਤਾ ਬਾਰੇ ਰੁਚਿਕਰ ਅਕਾਦਮਿਕ ਵਿਚਾਰ-ਵਟਾਂਦਰਾ ਹੋਇਆ।ਇਹ ਸਮਾਗਮ ਯੂਨੀਵਰਸਿਟੀ ਦੇ ਚਾਂਸਲਰ ਡਾ ਜ਼ੋਰਾ ਸਿੰਘ, ਪ੍ਰੋ-ਚਾਂਸਲਰ ਡਾ ਤਜਿੰਦਰ ਕੌਰ, ਕੈਂਪਸ ਡਾਇਰੈਕਟਰ ਅਤੇ ਆਯੁਰਵੇਦ ਡਾਇਰੈਕਟਰ ਡਾ ਕੁਲਭੂਸ਼ਨ ਸ਼ਰਮਾ ਅਤੇ ਪ੍ਰਿੰਸੀਪਲ ਡਾ ਹੇਮਰਾਜ ਦੀ ਅਗਵਾਈ ਹੇਠ ਕਰਵਾਇਆ ਗਿਆ।

# ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਪਾਕਿਸਤਾਨ 'ਚ ਸਿੱਖ ਜੋੜੇ ਦੇ ਕਤਲ ਦੀ ਕੀਤੀ ਨਿੰਦਾ

## ਪਾਕਿਸਤਾਨ ਸਰਕਾਰ ਤੇ ਪੁਲਿਸ ਪ੍ਰਸ਼ਾਸਨ ਦੋਸ਼ੀਆਂ ਨੂੰ ਤੁਰੰਤ ਗ੍ਰਿਫ਼ਤਾਰ ਕਰਕੇ ਸਖ਼ਤ ਸਜ਼ਾਵਾਂ ਦੇਵੇ: ਜਥੇਦਾਰ ਗੜਗੱਜ

**ਆਜ਼ਾਦ ਸੋਚ**
**ਸੁਖਰਾਜ ਸਿੰਘ/ਨਵੀਂ ਦਿੱਲੀ, 18 ਜੂਨ**

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਪਾਕਿਸਤਾਨ ਦੇ ਖ਼ੈਬਰ ਪਖ਼ਤੂਨਖਵਾ ਸੂਬੇ ਦੇ ਮਰਦਾਨ ਸ਼ਹਿਰ ਦੇ ਇਲਾਕੇ 'ਚ ਸਥਿਤ ਗੁਰਦੁਆਰਾ ਸਾਹਿਬ ਦੇ ਸੇਵਾਦਾਰ ਸ੍ਰੀ ਜਗਨਨਾਥ ਅਤੇ ਬੀਬੀ ਅਸਮਾ ਵੰਤੀ ਦੇ ਗੋਲੀਆਂ ਮਾਰ ਕੇ ਕੀਤੇ ਗਏ ਕਤਲ ਦੀ ਕਰੜੇ ਸ਼ਬਦਾਂ 'ਚ ਨਿੰਦਾ ਕੀਤੀ ਹੈ। ਉਨ੍ਹਾਂ ਪਾਕਿਸਤਾਨ ਦੇ ਪ੍ਰਧਾਨ ਮੰਤਰੀ ਸ੍ਰੀ ਸ਼ਹਿਬਾਜ਼ ਸ਼ਰੀਫ਼ ਅਤੇ ਖੈਬਰ ਪਖ਼ਤੂਨਖਵਾ ਦੇ ਮੁੱਖ ਮੰਤਰੀ ਮੁਹੰਮਦ ਸੋਹੇਲ ਖਾਨ ਅਫ਼ਰੀਦੀ ਨੂੰ ਇਸ ਮਾਮਲੇ ਦਾ ਕਰੜਾ ਨੋਟਿਸ ਲੈਂਦਿਆਂ ਦੋਸ਼ੀਆਂ ਨੂੰ ਤੁਰੰਤ ਗ੍ਰਿਫ਼ਤਾਰ ਕਰਕੇ ਉਨ੍ਹਾਂ ਨੂੰ ਸਖ਼ਤ ਸਜ਼ਾਵਾਂ ਦੇਣ ਲਈ ਆਖਿਆ ਹੈ। ਉਨ੍ਹਾਂ ਕਿਹਾ ਕਿ ਪਾਕਿਸਤਾਨ ਵਿੱਚ ਸਿੱਖ ਬਹੁਤ ਹੀ ਘੱਟ ਗਿਣਤੀ 'ਚ ਹਨ ਅਤੇ ਜੇਕਰ ਉੱਥੇ ਇਸ ਤਰ੍ਹਾਂ ਉਨ੍ਹਾਂ ਨੂੰ ਨਿਸ਼ਾਨਾ ਬਣਾ ਕੇ ਕਤਲ ਕੀਤਾ ਜਾਵੇਗਾ ਤਾਂ ਇਹ ਘੱਟ ਗਿਣਤੀਆਂ ਵਿਰੁੱਧ ਇਹ ਵੱਡਾ ਅੱਤਿਆਚਾਰ ਹੈ। ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਕਿਹਾ ਕਿ ਇਹ ਪਾਕਿਸਤਾਨ ਸਰਕਾਰ ਦੀ ਜ਼ਿੰਮੇਵਾਰੀ ਹੈ ਕਿ ਉਹ ਘੱਟ ਗਿਣਤੀ ਕੌਮਾਂ ਦੀ ਜਾਨ ਮਾਲ ਦੀ ਸੁਰੱਖਿਆ ਯਕੀਨੀ ਬਣਾਵੇ। ਉਨ੍ਹਾਂ ਕਿਹਾ ਕਿ ਇਸ ਘਟਨਾ ਨੇ ਇੱਕ



ਵਾਰ ਫਿਰ ਵੱਡਾ ਸਵਾਲ ਖੜ੍ਹਾ ਕੀਤਾ ਹੈ ਕਿ ਕੀ ਪਾਕਿਸਤਾਨ ਅੰਦਰ ਘੱਟ ਗਿਣਤੀ ਕੌਮਾਂ ਸੁਰੱਖਿਅਤ ਹਨ ਜਾਂ ਨਹੀਂ? ਉਨ੍ਹਾਂ ਕਿਹਾ ਕਿ ਪਾਕਿਸਤਾਨ ਸਰਕਾਰ ਨੂੰ ਗੁਰਦੁਆਰਾ ਸਾਹਿਬ ਅੰਦਰ ਕੀਤੇ ਗਏ ਇਸ ਦੋਹਰੇ ਕਤਲ ਮਾਮਲੇ ਵਿੱਚ ਦੋਸ਼ੀਆਂ ਦੇ ਮਨਸ਼ਾ ਨੂੰ ਪਾਰਦਰਸ਼ਤਾ ਨਾਲ ਸਾਹਮਣੇ ਲਿਆਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸਾਹਿਬ ਅੰਦਰ, ਜਿੱਥੇ ਹਰ ਰੋਜ਼ ਸਰਬੱਤ ਦੇ ਭਲੇ ਲਈ ਅਰਦਾਸ ਹੁੰਦੀ ਹੈ, ਨਿਰਦੋਸ਼ ਸਿੱਖਾਂ ਨੂੰ ਕਤਲ ਕਰਨਾ ਘੋਰ ਅਪਰਾਧ ਅਤੇ ਮਨੁੱਖਤਾ ਵਿਰੋਧੀ ਕਾਰਾ ਹੈ। ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਕਤਲ ਕੀਤੇ ਗਏ ਸਿੱਖ ਜੋੜੇ ਲਈ ਅਕਾਲ ਪੁਰਖ ਅੱਗੇ ਅਰਦਾਸ ਕੀਤੀ ਕਿ ਉਹ ਦੋਵੇਂ ਵਿਛੜੀ ਰੂਹਾਂ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਅਤੇ ਪਰਿਵਾਰ ਨੂੰ ਇਸ ਨਾ ਪੂਰਾ ਹੋਣ ਵਾਲੇ ਘਾਟੇ ਦਾ ਭਾਣਾ ਮੰਨਣ ਲਈ ਬਲ ਬਖ਼ਸ਼ਣ।

# ਸ਼ਹੀਦਾਂ ਦੇ ਸਿਰਤਾਜ ਸ਼੍ਰੀ ਗੁਰੂ ਅਰਜਨ ਦੇਵ ਜੀ ਦਾ 420ਵਾਂ ਸ਼ਹੀਦੀ ਦਿਹਾੜਾ ਮਨਾਇਆ



**ਆਜ਼ਾਦ ਸੋਚ**
**ਜਗਵਿੰਦਰ ਸਿੰਘ /ਖਰੜ , 18 ਜੂਨ**

ਗੁਰਦੁਆਰਾ ਸ਼੍ਰੀ ਗੁਰੂ ਅਰਜਨ ਦੇਵ ਜੀ ਸਿੰਘ ਸਭਾ ਸੰਨੀ ਇਨਕਲੇਵ ਸੈਕਟਰ 125 ਵਿਖੇ ਸ਼੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਮਨਾਇਆ ਗਿਆ । ਇਸ ਮੌਕੇ ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਗੁਰਬਾਣੀ ਕੀਰਤਨ ਭਾਈ ਸਿਮਰਨਜੀਤ ਸਿੰਘ ਅੰਗਦ ਵੱਲੋਂ ਕੀਤਾ ਗਿਆ।? ਉਪਰੰਤ ਭਾਈ ਗੁਰਚਰਨ ਸਿੰਘ ਵੱਲੋਂ ਸ੍ਰੀ ਗੁਰੂ ਅਰਜਨ ਦੇਵ ਦੀ ਸ਼ਹੀਦੀ ਬਾਰੇ ਸੰਗਤਾਂ ਨੂੰ ਵਿਸਥਾਰ ਪੂਰਵਕ ਜਾਣੂ ਕਰਵਾਇਆ ਗਿਆ। ਇਸ ਮੌਕੇ ਭਾਈ ਰਜਿੰਦਰ ਸਿੰਘ ਸਭਰਾ ਵੱਲੋਂ ਢਾਡੀ ਵਾਰਾਂ ਗਾਈਆਂ । ਉਪਰੰਤ ਗੁਰਬਾਣੀ ਕੀਰਤਨ ਭਾਈ ਸਤਨਾਮ ਸਿੰਘ ਹਜ਼ੂਰੀ ਰਾਗੀ ਨੇ ਕੀਰਤਨ ਕਰ ਸੰਗਤਾਂ ਦਾ ਮਨ ਮੋਹ ਲਿਆ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਰਜਿੰਦਰ ਸਿੰਘ ਬੱਬੂ, ਜਨਰਲ ਸਕੱਤਰ ਪ੍ਰੇਮ ਸਿੰਘ ਮਲੋਆ, ਸੀਨੀਅਰ ਮੀਤ ਪ੍ਰਧਾਨ ਹਰਮੇਸ਼ ਸਿੰਘ,ਖਜਾਨਚੀ ਭਗਵੰਤ ਸਿੰਘ, ਹਰਮਿੰਦਰ ਸਿੰਘ, ਗੋਪਾਲ ਸਿੰਘ, ਕੁਲਵਿੰਦਰ ਸਿੰਘ, ਹਰਭਜਨ ਸਿੰਘ, ਬੇਅੰਤ ਸਿੰਘ, ਰਜਿੰਦਰ ਸਿੰਘ ਖਰਬੰਦਾ ਅਤੇ ਹੋਰ ਮੈਂਬਰਾਂ ਹਾਜ਼ਰ ਸਨ।

## 25 ਕਰੋੜ ਭਾਰਤੀਆਂ ਨੂੰ ਗਰੀਬੀ ਵਿਚੋਂ ਬਾਹਰ ਕੱਢਿਆ: ਮੋਦੀ

ਪੈਰਿਸ : ਭਾਰਤ ਦੇ ਪ੍ਰਧਾਨ ਮੰਤਰੀ ਨੇ ਫਰਾਂਸ ਦੇ ਦੌਰੇ 'ਤੇ ਭਾਰਤੀ ਭਾਈਚਾਰੇ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਭਾਰਤ ਨੇ ਪਿਛਲੇ ਸਾਲਾਂ ਦੌਰਾਨ ਗਰੀਬੀ ਖ਼ਿਲਾਫ਼ ਲੜਾਈ ਵਿੱਚ ਵੱਡੀ ਸਫਲਤਾ ਹਾਸਲ ਕੀਤੀ ਹੈ ਅਤੇ ਕਰੀਬ 25 ਕਰੋੜ ਲੋਕਾਂ ਨੂੰ ਗਰੀਬੀ ਤੋਂ ਬਾਹਰ ਕੱਢਿਆ ਗਿਆ ਹੈ।ਪ੍ਰਧਾਨ ਮੰਤਰੀ ਨੇ ਕਿਹਾ ਕਿ ਉਹ ਅਜਿਹੇ ਸਮੇਂ ਫਰਾਂਸ ਦੇ ਦੌਰੇ 'ਤੇ ਆਏ ਹਨ ਜਦੋਂ ਭਾਰਤ ਅਤੇ ਫਰਾਂਸ ਦਰਮਿਆਨ ਰਣਨੀਤਕ ਭਾਈਵਾਲੀ ਦੇ 12 ਸਾਲ ਪੂਰੇ ਹੋਏ ਹਨ। ਉਨ੍ਹਾਂ ਕਿਹਾ ਕਿ ਇਹ ਰਿਸ਼ਤੇ ਲਗਾਤਾਰ ਮਜ਼ਬੂਤ ਹੋ ਰਹੇ ਹਨ ਅਤੇ ਦੋਵੇਂ ਦੇਸ਼ ਕਈ ਖੇਤਰਾਂ ਵਿੱਚ ਮਿਲ ਕੇ ਕੰਮ ਕਰ ਰਹੇ ਹਨ।

# ਸ੍ਰੀ ਹੇਮਕੁੰਟ ਸਾਹਿਬ ਦੀ ਯਾਤਰਾ ਦੇ ਸ਼ਰਧਾਲੂਆਂ ਦੀ ਸੁਰੱਖਿਆ ਲਈ ਜਾਰੀ ਕੀਤਾ ਜਾਵੇ ਹੈਲਪਲਾਈਨ ਨੰਬਰ: ਇੰਦਰਜੀਤ ਸਿੰਘ ਵਿਕਾਸਪੁਰੀ

**ਆਜ਼ਾਦ ਸੋਚ**
**ਸੁਖਰਾਜ ਸਿੰਘ/ਨਵੀਂ ਦਿੱਲੀ, 18 ਜੂਨ**

13 ਆਸਾ ਵੈਲਫ਼ੇਅਰ ਟਰੱਸਟ ਦੇ ਪ੍ਰਧਾਨ ਸ. ਇੰਦਰਜੀਤ ਸਿੰਘ ਵਿਕਾਸਪੁਰੀ ਨੇ ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਟਰੱਸਟ ਦੇ ਪ੍ਰਧਾਨ ਅਤੇ ਮੈਨੇਜਰ ਨੂੰ ਅਪੀਲ ਕੀਤੀ ਹੈ ਕਿ ਸ੍ਰੀ ਹੇਮਕੁੰਟ ਸਾਹਿਬ ਦੀ ਯਾਤਰਾ 'ਤੇ ਆਉਣ ਵਾਲੇ ਸ਼ਰਧਾਲੂਆਂ ਦੀ ਸੁਰੱਖਿਆ ਅਤੇ ਸਹੂਲਤ ਨੂੰ ਧਿਆਨ ਵਿੱਚ ਰੱਖਦਿਆਂ ਇੱਕ ਵਿਸ਼ੇਸ਼ ਹੈਲਪਲਾਈਨ ਨੰਬਰ ਜਾਰੀ ਕੀਤਾ ਜਾਵੇ।

ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵੀ ਸ਼ਰਧਾਲੂ ਨੂੰ ਯਾਤਰਾ ਦੌਰਾਨ ਕਿਸੇ ਤਰ੍ਹਾਂ ਦੀ ਮੁਸ਼ਕਲ ਪੇਸ਼ ਆਉਂਦੀ ਹੈ ਜਾਂ ਕੋਈ ਸਥਾਨਕ ਵਿਅਕਤੀ ਉਨ੍ਹਾਂ ਨਾਲ ਦੁਰਵਿਵਹਾਰ ਕਰਦਾ ਹੈ, ਤਾਂ ਉਹ ਤੁਰੰਤ ਇਸ ਹੈਲਪਲਾਈਨ ਰਾਹੀਂ ਟਰੱਸਟ ਦੇ ਪ੍ਰਬੰਧਕਾਂ ਨਾਲ ਸੰਪਰਕ ਕਰ ਸਕਣ। ਇਸ ਨਾਲ ਸ਼ਰਧਾਲੂਆਂ ਦੀ ਸੁਰੱਖਿਆ ਯਕੀਨੀ ਬਣੇਗੀ ਅਤੇ ਘਾਟੀ ਵਿੱਚ ਅਮਨ, ਸ਼ਾਂਤੀ ਅਤੇ ਭਾਈਚਾਰਕ ਸਾਂਝ ਬਣੀ ਰਹੇਗੀ। ਸ. ਇੰਦਰਜੀਤ ਸਿੰਘ ਵਿਕਾਸਪੁਰੀ ਨੇ ਕਿਹਾ ਕਿ ਬੜੇ ਦੁੱਖ ਦੀ ਗੱਲ ਹੈ ਕਿ ਉੱਤਰਾਖੰਡ ਪੁਲਿਸ ਇਕ ਤਰਫਾ ਕਾਰਵਾਈ ਕਰ ਰਹੀ ਹੈ ਜਦੋਂ ਕਿ ਲੋਕਲ ਲੋਕਾਂ ਨੇ ਪਹਿਲੇ ਧੱਕਾ ਮੁੱਕੀ ਕੀਤੀ ਅਤੇ ਡਾਂਗਾਂ ਤੇ ਲੋਹੇ ਦੀਆਂ ਰਾਡਾਂ ਨਾਲ 40-50 ਵਿਅਕਤੀਆਂ ਨੇ ਘੇਰ ਕੇ ਸਿੱਖ ਸ਼ਰਧਾਲੂਆਂ 'ਤੇ ਪੂਰੀ ਤਰ੍ਹਾਂ ਹਮਲਾ ਕਰਨ ਨੂੰ ਤਿਆਰ ਸਨ ਅਤੇ ਇੱਕ ਸ਼ਖਸ ਨੇ ਧੱਕਾ ਮਾਰਨ ਤੋਂ ਬਾਅਦ ਸਿੱਖ ਸ਼ਰਧਾਲੂਆਂ ਨੇ ਆਪਣਾ ਬਚਾਅ ਕਰਨ ਲਈ ਕਿਰਪਾਨ ਦਾ ਇਸਤੇਮਾਲ ਕੀਤਾ ਸੋ ਮੈਂ ਉੱਤਰਾਖੰਡ ਸਰਕਾਰ ਅਤੇ ਗਵਰਨਰ ਸਾਹਿਬ ਜੋ ਕਿ ਇੱਕ ਸਿੱਖ ਹਨ, ਉਨ੍ਹਾਂ ਨੂੰ ਅਪੀਲ ਕਰਦਾ ਹਾਂ ਕਿ ਉਹ ਇਸ ਮਾਮਲੇ ਵਿੱਚ ਆਪਣੀ ਦਖਲਅੰਦਾਜੀ ਦੇ ਕੇ ਦੂਸਰੇ ਪਾਸੇ ਦੇ ਵਿਅਕਤੀਆਂ 'ਤੇ ਵੀ ਪਰਚਾ ਦਰਜ ਕਰਨ ਅਤੇ ਉਚਿਤ ਕਾਨੂੰਨੀ ਕਾਰਵਾਈ



ਕਰਨ ਇੱਕ ਤਰਫਾ ਕਾਰਵਾਈ ਨਾਲ ਕਾਨੂੰਨ ਦਾ ਉਲੰਘਣ ਹੈ ਤੇ ਦੂਜਾ ਲੋਕਲ ਲੋਕਾਂ ਨੂੰ ਸ਼ੈਅ ਮਿਲੇਗੀ ਇਸ ਤਰ੍ਹਾਂ ਦੇ ਵਰਤਾਰੇ ਲਈ ਅਤੇ ਹਰ ਆਉਣ ਜਾਣ ਵਾਲੇ ਸ਼ਰਧਾਲੂਆਂ ਨੂੰ ਤੰਗ ਕਰਨ ਦੀ।ਸ. ਇੰਦਰਜੀਤ ਸਿੰਘ ਵਿਕਾਸਪੁਰੀ ਨੇ ਸਮੂਹ ਸਿੱਖ ਸ਼ਰਧਾਲੂਆਂ, ਖ਼ਾਸ ਕਰਕੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਕਿਸੇ ਵੀ ਉਕਸਾਵੇ ਜਾਂ ਵਿਵਾਦ ਦੀ ਸਥਿਤੀ ਵਿੱਚ ਕਿਸੇ ਨਾਲ ਬਹਿਸ ਜਾਂ ਝਗੜੇ ਵਿੱਚ ਨਾ ਪੈਣ।ਅਜਿਹੀਆਂ ਘਟਨਾਵਾਂ ਨਾਲ ਮਾਹੌਲ ਖਰਾਬ ਹੁੰਦਾ ਹੈ ਅਤੇ ਹੋਰ ਸ਼ਰਧਾਲੂਆਂ ਨੂੰ ਵੀ ਇਸ ਦੀ ਕੀਮਤ ਚੁਕਾਉਣੀ ਪੈਂਦੀ ਹੈ। ਉਨ੍ਹਾਂ ਕਿਹਾ ਕਿ ਜੇਕਰ ਕੋਈ ਸਥਾਨਕ ਵਿਅਕਤੀ ਕਿਸੇ ਸ਼ਰਧਾਲੂ ਨਾਲ ਭੱਦੀ ਸ਼ਬਦਾਵਲੀ ਵਰਤਦਾ ਹੈ ਜਾਂ ਕਿਸੇ ਵੀ ਤਰੀਕੇ ਨਾਲ ਤੰਗ-ਪਰੇਸ਼ਾਨ ਕਰਦਾ ਹੈ, ਤਾਂ ਸ਼ਰਧਾਲੂ ਖੁਦ ਕਾਨੂੰਨ ਆਪਣੇ ਹੱਥ ਵਿੱਚ ਨਾ ਲੈਣ। ਇਸ ਦੀ ਬਜਾਏ ਤੁਰੰਤ ਉੱਤਰਾਖੰਡ ਪੁਲਿਸ ਨਾਲ ਸੰਪਰਕ ਕਰਨ ਅਤੇ ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਟਰੱਸਟ ਦੇ ਪ੍ਰਬੰਧਕਾਂ ਨੂੰ ਇਸ ਬਾਰੇ ਜਾਣੂ ਕਰਵਾਉਣ, ਤਾਂ ਜੋ ਸਮੇਂ ਸਿਰ ਉਚਿਤ ਕਾਰਵਾਈ ਕੀਤੀ ਜਾ ਸਕੇ।

# ਨੇਪਾਲ ਵਿੱਖੇ ਡਾ. ਕਮਲਜੀਤ ਸਿੰਘ ਨੂੰ 'ਲੋਕ ਚੇਤਨਯਾ ਸਨਮਾਨ-2026' ਅੰਤਰਰਾਸ਼ਟਰੀ ਅਵਾਰਡ ਨਾਲ ਸਨਮਾਨਿਆ



**ਆਜ਼ਾਦ ਸੋਚ**
**ਸੁਖਰਾਜ ਸਿੰਘ**
**ਨਵੀਂ ਦਿੱਲੀ, 18 ਜੂਨ**

ਸੰਸਕ੍ਰਿਤ ਵਿਸ਼ਵਵਿਦਿਆਲਾ ਅਨੁਸੰਧਾਨ ਵਿਆਵਸਥਾਪਨ ਇਕਾਈ, ਨੇਪਾਲ, ਪੰਜਾਬੀ ਸਭਾ ਮਾਸਕੋ, ਰੂਸ ਅਤੇ ਵਿਦਿਆ ਵਿਕਾਸ ਮੰਡਲ ਕਲਾ ਅਤੇ ਵਣਿਜ ਮਹਾਵਿਦਿਆਲਾ, ਮਹਾਰਾਸ਼ਟਰਾ ਦੇ ਸਾਂਝੇ ਉਪਰਾਲੇ ਨਾਲ ਪੋਖਰਾ, ਨੇਪਾਲ ਵਿੱਖੇ ÷ਵੈਸ਼ਵਿਕ ਪਰਿਦ੍ਰਸ਼ਯ ਵਿਚ ਖੇਤਰੀ ਪਛਾਣ ਦਾ ਸੰਘਰਸ਼÷ ਵਿਸ਼ੇ 'ਤੇ ਦੋ-ਰੋਜ਼ਾ ਅੰਤਰਾਸ਼ਟਰੀ ਸੈਮੀਨਾਰ ਅਤੇ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ। ਇਸ ਸੈਮੀਨਾਰ ਵਿਚ ਵਿਸ਼ਵ ਭਰ ਤੋਂ ਵੱਖ-ਵੱਖ ਵਿਸ਼ਿਆਂ ਨਾਲ ਸੰਬੰਧਿਤ ਵਿਦਵਾਨਾਂ ਨੇ ਆਪਣੇ ਪਰਚੇ ਪੇਸ਼ ਕੀਤੇ। ਇਸ ਸੈਮੀਨਾਰ ਦੌਰਾਨ ਵਿਦਵਾਨਾਂ ਨੂੰ ਵੱਖ-ਵੱਖ ਸ਼ ?ਰੇਣੀਆਂ ਵਿਚ ਅਵਾਰਡ ਵੀ ਦਿੱਤੇ ਗਏ। ਇਸ ਸੈਮੀਨਾਰ ਦੌਰਾਨ ਡਾ. ਕਮਲਜੀਤ ਸਿੰਘ, ਐਸੋਸੀਏਟ ਪ੍ਰੋਫੈਸਰ, ਦਿਆਲ ਸਿੰਘ ਕਾਲਜ, ਦਿੱਲੀ ਯੂਨੀਵਰਸਿਟੀ ਨੂੰ ਨੇਪਾਲ ਵਿਖੇ ÷ਲੋਕ ਚੇਤਨਯਾ ਸਨਮਾਨ -2026÷ ਅਵਾਰਡ ਦੁਆਰਾ ਸਨਮਾਨਿਤ ਕੀਤਾ ਗਿਆ। ਇਸ ਸੈਮੀਨਾਰ ਦਾ ਆਗਾਜ਼ ਕਰਦਿਆਂ ਡਾ. ਕਮਲ ਜੀਤ ਸਿੰਘ ਨੇ ਸਭ ਤੋਂ ਪਹਿਲਾ ਦੀਪ ਪ੍ਰਜਵਲਨ ਕੀਤਾ ਅਤੇ ਨਾਲ ਹੀ ਉਦਘਾਟਨੀ ਸੈਸ਼ਨ ਦੀ ਪ੍ਰਧਾਨਗੀ ਵੀ ਕੀਤੀ। ਇਸ ਮੌਕੇ ਉਨ੍ਹਾਂ ਨੇ ਕਿਹਾ, ਕਿ ਵਿਸ਼ਵ ਪੱਧਰ ▼ਤੇ ਆਪਣੇ ਸਭਿਆਚਾਰ ਅਤੇ ਭਾਸ਼ਾ ਨੂੰ ਜਿਉਂਦਿਆਂ ਰੱਖਣਾ ਅਤੇ ਨਵੀਂ ਪਨੀਰੀ ਨੂੰ ਇਸ ਨਾਲ ਜੋੜੇ ਰੱਖਣਾ ਅਜੋਕੇ ਖੇਤਰੀ ਪਛਾਣ ਲਈ ਸੰਘਰਸ਼ ਨੂੰ ਪੈਦਾ ਕਰ ਰਿਹਾ ਹੈ। ਇਸਨੂੰ ਸਾਂਭਣ ਦੀ ਲੋੜ ਹੈ। ਇਸ ਮੌਕੇ ਨੇਪਾਲ ਤੋਂ ਡਾ. ਪ੍ਰੇਮਰਾਜ ਨਿਓਪਾਨੇ ਨੇ ਕਿਹਾ, ਕਿ ਭਾਰਤ ਅਤੇ ਨੇਪਾਲ ਦੀ ਬੋਲੀ ਅਤੇ ਸਭਿਆਚਾਰ ਵਿਚ ਕੋਈ ਬਹੁਤਾ ਫਰਕ ਨਹੀਂ ਹੈ। ਇਹ ਲਗਭਗ ਇੱਕੋ ਹੀ ਹਨ। ਅੰਤ ਵਿਚ ਇਸ ਸੈਮੀਨਾਰ ਦੀ ਮੁੱਖ ਆਯੋਜਕ ਡਾ. ਮੋਨਿਕਾ ਸ਼ਰਮਾ ਨੇ ਸਾਰੇ ਵਿਦਵਾਨਾਂ ਦਾ ਧੰਨਵਾਦ ਕੀਤਾ। ਇਸ ਮੌਕੇ ਡਾ. ਮੋਨਿਕਾ ਸ਼ਰਮਾ ਦੁਆਰਾ ਰਚਿਤ ਨਿਵੇਕਲਾ ਨਾਵਲ ÷ਪਾਈ ਹੋਈ ਲੜਕੀ÷ ਦੀ ਵੀ ਘੁੰਡ ਚੁਕਾਈ ਕੀਤੀ ਗਈ। ਇਸ ਮੌਕੇ ਵੱਡੀ ਗਿਣਤੀ 'ਚ ਵਿਦਵਾਨਾਂ, ਖੋਜਾਰਥੀਆਂ ਅਤੇ ਹੋਰਨਾਂ ਨੇ ਆਪਣੀ ਹਾਜ਼ਰੀ ਲੁਆਈ।

# ਸਰਬੱਤ ਦਾ ਭਲਾ ਟਰੱਸਟ ਨੇ 80 ਗਰੀਬ ਅਪਾਹਜਾਂ ਨੂੰ ਦਿੱਤੇ ਮਹੀਨਾ ਵਾਰ ਪੈਨਸ਼ਨ ਦੇ ਚੈੱਕ ਅਤੇ 20 ਨਵੇਂ ਲੋੜਵੰਦਾਂ ਦੇ ਭਰੇ ਫ਼ਾਰਮ: ਕੈਪਟਨ ਸਿੱਧੂ



**ਆਜ਼ਾਦ ਸੋਚ**
**ਸੁਖਰਾਜ ਸਿੰਘ/ਨਵੀਂ ਦਿੱਲੀ, 18 ਜੂਨ**

ਗੁਰਦੁਆਰਾ ਤਪ ਅਸਥਾਨ ਬੀਬੀ ਪ੍ਰਧਾਨ ਕੌਰ ਜੀ ਵਿੱਖੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਜਿਲ੍ਹਾ ਪ੍ਰਧਾਨ ਕੈਪਟਨ ਗੁਰਜਿੰਦਰ ਸਿੰਘ ਸਿੱਧੂ ਦੀ ਅਗਵਾਈ ਹੇਠ 80 ਦੇ ਕਰੀਬ ਗਰੀਬ ਅਪਾਹਜ ਨੂੰ ਮਹੀਨਾਵਾਰ ਪੈਨਸ਼ਨ ਦੇ ਚੈੱਕ ਵੰਡੇ। ਕੈਪਟਨ ਸਿੱਧੂ ਨੇ ਦੱਸਿਆ ਕਿ ਟਰੱਸਟ ਵੱਲੋਂ ਪੰਜਾਬ ਵਿੱਚ ਹੀ ਨਹੀਂ ਸਗੋਂ ਪੂਰੇ ਭਾਰਤ ਵਿੱਚ ਅਤੇ ਵਿਦੇਸ਼ਾਂ ਵਿੱਚ ਲੋੜਵੰਦਾ ਦੀ ਬਾਂਹ ਫੜੀ ਜਾਂਦੀ ਹੈ। ਉਨ੍ਹਾਂ ਨੇ ਪੁਰਜ਼ੋਰ ਮੰਗ ਕੀਤੀ ਕਿ ਕੇਂਦਰ ਸਰਕਾਰ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਚੇਅਰਮੈਨ ਡਾਕਟਰ ਐੱਸ. ਪੀ ਉਬਰਾਏ ਨੂੰ ਭਾਰਤ ਪੱਧਰ ਦਾ ਸਨਮਾਨ ਦੇਵੇ। ਡਾ. ਐੱਸ.ਪੀ ਸਿੰਘ ਉਬਰਾਏ ਨੂੰ ਪ੍ਰੈਸ ਵੱਲੋਂ ਸੇਵੀਅਰ ਸਿੰਘ ਦਾ ਖਿਤਾਬ ਦਿੱਤਾ ਗਿਆ ਹੈ ਬਹੁਤ ਜਲਦੀ ਜ਼ਿਲ੍ਹਾ ਬਰਨਾਲਾ ਅੰਦਰ ਦੋ ਹੋਰ ਖੂਨ ਟੈਸਟਿੰਗ ਲੈਬ ਖੋਲ੍ਹੀਆਂ ਜਾਣਗੀਆਂ। ਇਸ ਮੌਕੇ ਉਨ੍ਹਾਂ ਨਾਲ ਟਰੱਸਟ ਦੇ ਮੀਤ ਪ੍ਰਧਾਨ ਸੁਖਦਰਸ਼ਨ ਸਿੰਘ, ਜਰਨਲ ਸਕੱਤਰ ਗੁਰਜੰਟ ਸੋਨਾ, ਕੈਸ਼ੀਅਰ ਕੁਲਵਿੰਦਰ ਸਿੰਘ, ਮੈਂਬਰ ਗੁਰਮੀਤ ਸਿੰਘ ਧੌਲਾ ਸਰਪੰਚ, ਸੂਬੇਦਾਰ ਗੁਰਜੰਟ ਸਿੰਘ ਨਾਈਵਾਲ, ਹੌਲਦਾਰ ਬਸੰਤ ਸਿੰਘ ਉੱਗੋਕੇ ਗੁਰਦੇਵ ਸਿੰਘ ਮੱਕੜ ਅਤੇ ਹੋਰ ਸਾਰੇ ਮੌਜੂਦ ਸਨ।

# ਆਂਗਣਵਾੜੀ ਕੇਂਦਰਾਂ 'ਚ "ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ" ਤਹਿਤ ਰਜ਼ਿਸਟਰੇਸ਼ਨ ਪ੍ਰਕਿਰਿਆ ਸ਼ੁਰੂ

## ਅਨੁਸੂਚਿਤ ਜਾਤੀ ਵਰਗ ਦੀਆਂ ਮਹਿਲਾਵਾਂ ਨੂੰ 1,500 ਪ੍ਰਤੀ ਮਹੀਨਾ, ਜਦਕਿ ਹੋਰ ਸਾਰੀਆਂ ਯੋਗ ਮਹਿਲਾਵਾਂ ਨੂੰ 1,000 ਰੁਪਏ ਪ੍ਰਤੀ ਮਹੀਨਾ ਦਾ ਮਿਲੇਗਾ ਲਾਭ

**ਆਜ਼ਾਦ ਸੋਚ**
**ਸੁਨੀਲ ਵਰਮਾ**
**ਫ਼ਤਹਿਗੜ੍ਹ ਸਾਹਿਬ, , 18 ਜੂਨ**

ਪੰਜਾਬ ਸਰਕਾਰ ਵੱਲੋ ਸੂਬੇ ਦੀਆਂ ਮਹਿਲਾਵਾਂ ਦੇ ਸਮਾਜਿਕ ਅਤੇ ਆਰਥਿਕ ਸਸ਼ਕਤੀਕਰਨ ਨੂੰ ਯਕੀਨੀ ਬਣਾਉਣ ਲਈ ਸ਼ੁਰੂ ਕੀਤੀ ਗਈ "ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ" ਤਹਿਤ ਫ਼ਤਹਿਗੜ੍ਹ ਸਾਹਿਬ ਦੇ ਸਮੂਹ ਆਂਗਣਵਾੜੀ ਕੇਂਦਰਾਂ ਵਿਚ ਯੋਗ ਮਹਿਲਾਵਾਂ ਦੀ ਰਜਿਸਟ ?ਰੇਸ਼ਨ ਸ਼ੁਰੂ ਕੀਤੀ ਗਈ ਹੈ। ਇਸ ਯੋਜਨਾ ਰਾਹੀ ਯੋਗ ਮਹਿਲਾਵਾਂ ਨੂੰ ਮਾਸਿਕ ਵਿੱਤੀ ਸਹਾਇਤਾ ਪ੍ਰਦਾਨ ਕਰਕੇ ਉਨ੍ਹਾਂ ਨੂੰ ਆਰਥਿਕ ਤੌਰ 'ਤੇ ਮਜਬੂਤ ਬਣਾਉਣ ਦਾ ਉਦੇਸ਼ ਰੱਖਿਆ ਗਿਆ ਹੈ

ਇਸ ਸੰਬਧੀ ਜਾਣਕਾਰੀ ਦਿੰਦਿਆਂ ਜ਼ਿਲ੍ ?ਹਾ ਪ੍ਰੋਗਰਾਮ ਅਫ਼ਸਰ ਸ੍ਰੀਮਤੀ ਅਨੁਰਤਨ ਕੌਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਇਸ ਯੋਜਨਾ ਅਧੀਨ ਅਨੁਸੂਚਿਤ ਜਾਤੀ ਵਰਗ ਦੀਆਂ ਮਹਿਲਾਵਾਂ ਨੂੰ 1,500 ਪ੍ਰਤੀ ਮਹੀਨਾ, ਜਦਕਿ ਹੋਰ ਸਾਰੀਆਂ ਯੋਗ ਮਹਿਲਾਵਾਂ ਨੂੰ 1,000 ਰੁਪਏ ਪ੍ਰਤੀ ਮਹੀਨਾ ਸਹਾਇਤਾ ਸਿੱਧੀ ਉਨਾਂ ਦੇ ਬੈਂਕ ਖਾਤਿਆਂ ਵਿੱਚ ਡਾਇਰੈਕਟ ਬੈਨੀਫਿਟ ਟਰਾਂਸਫ਼ਰ (ਡੀ.ਬੀ.ਟੀ.) ਰਾਹੀ ਭੇਜੀ ਜਾਵੇਗੀ।ਉਨ੍ਹਾਂ ਦੱਸਿਆ ਕਿ ਯੋਜਨਾ ਦਾ ਲਾਭ ਪ੍ਰਾਪਤ ਕਰਨ ਲਈ ਬਿਨੈਕਾਰ ਮਹਿਲਾ ਦਾ ਪੰਜਾਬ ਦਾ ਸਥਾਈ ਨਿਵਾਸੀ ਅਤੇ ਉਮਰ 18 ਸਾਲ ਤੋਂ ਵੱਧ ਹੋਣੀ ਲਾਜ਼ਮੀ ਹੈ। ਰਜਿਸਟ ?ਰੇਸ਼ਨ ਲਈ ਵੋਟਰ ਸੂਚੀ, ਵੋਟਰ ਕਾਰਡ, ਬੈਂਕ ਪਾਸਬੁੱਕ, ਮੋਬਾਇਲ ਨੰਬਰ ਅਤੇ ਹੋਰ ਲੋੜੀਂਦੇ ਦਸਤਾਵੇਜ ਜ਼ਰੂਰੀ ਹਨ।ਅਨੁਸੂਚਿਤ ਜਾਤੀ ਵਰਗ ਦੀਆਂ ਮਹਿਲਾਵਾਂ ਨੂੰ ਆਪਣਾ ਜਾਤੀ ਸਰਟੀਫ਼ਿਕੇਟ ਵੀ ਰਜਿਸਟ ?ਰੇਸ਼ਨ ਸਮੇਂ ਲੈ ਕੇ ਆਉਣਾ ਹੋਵੇਗਾ।



ਉਨ੍ਹਾਂ ਦੱਸਿਆ ਕਿ ਵਿਭਾਗੀ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ ਕਿ ਉਹ ਆਪਣੇ-ਆਪਣੇ ਖੇਤਰਾਂ ਵਿੱਚ ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਸਬੰਧੀ ਲੋਕਾਂ ਨੂੰ ਵੱਧ ਤੋਂ ਵੱਧ ਜਾਗਰੂਕ ਕਰਨ ਤਾਂ ਕਿ ਯੋਗ ਲਾਭਪਾਤਰੀਆ ਦੀ ਰਜਿਸਟ ?ਰੇਸ਼ਨ ਨੂੰ ਯਕੀਨੀ ਬਣਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀ ਇਹ ਯੋਜਨਾ ਮਹਿਲਾਵਾਂ ਦੀ ਆਰਥਿਕ ਸੁਰੱਖਿਆਂ ਨੂੰ ਮਜਬੂਤ ਕਰਨ ਅਤੇ ਉਨ੍ਹਾਂ ਦੇ ਜੀਵਨ ਪੱਧਰ ਨੂੰ ਉਪਰ ਚੱਕਣ ਵਿਚ ਸਹਾਈ ਹੋਵੇਗੀ।

ਉਨ੍ਹਾਂ ਸਮੂਹ ਯੋਗ ਮਹਿਲਾਵਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਨਜ਼ਦੀਕੀ ਆਂਗਣਵਾੜੀ ਕੇਂਦਰ ਵਿਖੇ ਆਪਣੀ ਰਜ਼ਿਸਟ ?ਰੇਸ਼ਨ ਕਰਵਾ ਕੇ ਪੰਜਾਬ ਸਰਕਾਰ ਦੀ ਇਸ ਲੋਕ ਭਲਾਈ ਯੋਜਨਾ ਦਾ ਲਾਹਾ ਲੈਣ।

# ਸੰਸਥਾਵਾਂ ਦੀ ਹੋਂਦ ਬਚਾਉਣ ਲਈ ਹਰ ਸੰਭਵ ਉਪਰਾਲਾ ਕਰੇਗੀ ਫੈਪ : ਡਾ. ਕਾਲੇਕਾ



**ਆਜ਼ਾਦ ਸੋਚ**
**ਜਤਿੰਦਰ ਗੋਇਲ**
**ਸਮਾਣਾ , 18 ਜੂਨ**

ਪੰਜਾਬ ਸਰਕਾਰ ਵੱਲੋਂ ਅਨਏਡਿਡ ਪ੍ਰਾਈਵੇਟ ਸਕੂਲਾਂ ਦੀਆਂ ਫੀਸਾਂ ਵਿੱਚ ਸਾਲਾਨਾ ਵਾਧੇ ਦੀ ਦਰ ਨੂੰ 8 ਫੀਸਦੀ ਤੋਂ ਘਟਾ ਕੇ 5 ਫੀਸਦੀ ਕਰਨ ਸਬੰਧੀ ਚੱਲ ਰਹੀਆਂ ਚਰਚਾਵਾਂ ਉੱਤੇ ਪ੍ਰਤੀਕਿਰਿਆ ਦਿੰਦਿਆਂ ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲਜ਼ ਐਂਡ ਐਸੋਸੀਏਸ਼ਨਜ਼ ਆਫ ਪੰਜਾਬ (ਫੈਪ) ਦੇ ਡਾ. ਅੰਮ੍ਰਿਤਪਾਲ ਸਿੰਘ ਕਾਲੇਕਾ ਨੇ ਕਿਹਾ ਕਿ ਅਜਿਹਾ ਫ਼ੈਸਲਾ ਨਾ ਤਾਂ ਮਾਪਿਆਂ ਦੇ ਹਿੱਤ ਵਿੱਚ ਹੋਵੇਗਾ ਅਤੇ ਨਾ ਹੀ ਸਿੱਖਿਆ ਸੰਸਥਾਵਾਂ ਦੇ।

ਉਹਨਾਂ ਕਿਹਾ ਕਿ ਜੇਕਰ ਸਰਕਾਰ ਅਸਲ ਵਿੱਚ ਮਾਪਿਆਂ ਉੱਤੇ ਪੈ ਰਹੇ ਆਰਥਿਕ ਬੋਝ ਨੂੰ ਘਟਾਉਣਾ ਚਾਹੁੰਦੀ ਹੈ ਤਾਂ ਸਭ ਤੋਂ ਪਹਿਲਾਂ ਪ੍ਰਾਈਵੇਟ ਸਿੱਖਿਆ ਸੰਸਥਾਵਾਂ ਨੂੰ ਸਿੱਧੇ ਅਤੇ ਅਸਿੱਧੇ ਤੌਰ 'ਤੇ ਲੱਗ ਰਹੇ ਟੈਕਸਾਂ ਤੋਂ ਮੁਕਤ ਕੀਤਾ ਜਾਣਾ ਚਾਹੀਦਾ ਹੈ। ਉਹਨਾਂ ਦੱਸਿਆ ਕਿ ਹਾਲ ਹੀ ਵਿੱਚ ਲੁਧਿਆਣਾ ਵਿਖੇ ਪੰਜਾਬ ਭਰ ਦੇ ਜ਼ਿਲ੍ਹਾ ਪ੍ਰਧਾਨਾਂ ਅਤੇ ਕੋਰ ਕਮੇਟੀ ਮੈਂਬਰਾਂ ਦੀ ਮੀਟਿੰਗ ਹੋਈ, ਜਿਸ ਵਿੱਚ ਸਰਕਾਰ ਨੂੰ ਇਸ ਸਬੰਧੀ ਮਜ਼ਬੂਤ ਪ੍ਰਤੀਨਿਧਤਾ ਦੇਣ ਦਾ ਫ਼ੈਸਲਾ ਕੀਤਾ ਗਿਆ। ਉਨ੍ਹਾਂ ਕਿਹਾ ਕਿ ਮਹਿੰਗਾਈ ਦਰ ਤੋਂ ਘੱਟ ਵਾਧਾ ਸੰਸਥਾਵਾਂ ਲਈ ਚੁਣੌਤੀ ਬਣ ਕੇ ਉੱਭਰੇਗਾ ਅਤੇ ਅਜਿਹੇ ਵਿੱਚ ਜੇਕਰ ਫੀਸ ਵਾਧੇ ਨੂੰ 5 ਫੀਸਦੀ ਤੱਕ ਸੀਮਿਤ ਕਰ ਦਿੱਤਾ ਜਾਂਦਾ ਹੈ ਤਾਂ ਅਸਲ ਵਿੱਚ ਸਕੂਲਾਂ ਲਈ ਕੋਈ ਵਾਧੂ ਆਰਥਿਕ ਸਰੋਤ ਨਹੀਂ ਬਚੇਗਾ। ਇਸ ਦਾ ਸਿੱਧਾ ਅਸਰ ਅਧਿਆਪਕਾਂ ਅਤੇ ਹੋਰ ਕਰਮਚਾਰੀਆਂ ਦੀਆਂ ਤਨਖਾਹਾਂ ਉੱਤੇ ਪਵੇਗਾ ਅਤੇ ਉਹਨਾਂ ਨੂੰ ਸਨਮਾਨਯੋਗ ਤਨਖਾਹ ਵਾਧਾ ਦੇਣਾ ਵੀ ਮੁਸ਼ਕਿਲ ਹੋ ਜਾਵੇਗਾ। ਉਹਨਾਂ ਕਿਹਾ ਕਿ ਸਕੂਲਾਂ ਲਈ ਲਾਜ਼ਮੀ ਫਾਇਰ ਸੇਫਟੀ ਅਤੇ ਬਿਲਡਿੰਗ ਸੇਫਟੀ ਸਰਟੀਫਿਕੇਟਾਂ ਦੀਆਂ ਫੀਸਾਂ ਵਿੱਚ ਵੀ 100 ਤੋਂ 200 ਫੀਸਦੀ ਤੱਕ ਵਾਧਾ ਹੋ ਚੁੱਕਾ ਹੈ।

ਉਹਨਾਂ ਸਵਾਲ ਉਠਾਇਆ ਕਿ ਜਦੋਂ ਸਰਕਾਰ ਆਪਣੇ ਅਧੀਨ ਚੱਲ ਰਹੀਆਂ ਸੰਸਥਾਵਾਂ ਵਿੱਚ ਫੀਸਾਂ ਵਧਾਉਂਦੀ ਹੈ ਤਾਂ ਉਸ ਲਈ ਕੋਈ ਸੀਮਾ ਨਿਰਧਾਰਤ ਨਹੀਂ ਹੁੰਦੀ, ਪਰ ਪ੍ਰਾਈਵੇਟ ਸਿੱਖਿਆ ਸੰਸਥਾਵਾਂ ਉੱਤੇ ਪਾਬੰਦੀਆਂ ਲਗਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।

ਫੈਪ ਆਗੂ ਨੇ ਕਿਹਾ ਕਿ ਫੈਡਰੇਸ਼ਨ ਵੱਲੋਂ ਸਰਕਾਰ ਅੱਗੇ ਆਪਣਾ ਪੱਖ ਤੱਥਾਂ ਸਮੇਤ ਰੱਖਿਆ ਜਾਵੇਗਾ। ਜੇਕਰ ਸਰਕਾਰ ਨੇ ਸਾਰੇ ਪੱਖਾਂ ਨੂੰ ਸੁਣੇ ਬਿਨਾਂ ਇੱਕਤਰਫਾ ਫ਼ੈਸਲਾ ਲਿਆ ਤਾਂ ਸਿੱਖਿਆ ਸੰਸਥਾਵਾਂ ਦੇ ਹਿੱਤਾਂ ਦੀ ਰੱਖਿਆ ਲਈ ਮਾਨਯੋਗ ਅਦਾਲਤ ਦਾ ਦਰਵਾਜ਼ਾ ਖੜਕਾਉਣਾ ਪੈ ਸਕਦਾ ਹੈ। ਪੰਜਾਬ ਵਿੱਚ ਵੱਡੀ ਗਿਣਤੀ ਵਿੱਚ ਅਜਿਹੇ ਸਕੂਲ ਹਨ ਜਿਹਨਾਂ ਦੀ ਮਹੀਨਾਵਾਰ ਫੀਸ 3000 ਤੋਂ 5000 ਰੁਪਏ ਦੇ ਵਿਚਕਾਰ ਹੈ। ਜੇਕਰ ਅਜਿਹੇ ਸਕੂਲਾਂ ਨੂੰ ਆਪਣੀਆਂ ਫੀਸਾਂ ਵਿੱਚ ਵਾਜਬ ਵਾਧਾ ਕਰਨ ਦੀ ਇਜਾਜ਼ਤ ਨਾ ਮਿਲੀ ਤਾਂ ਉਹਨਾਂ ਲਈ ਮਿਆਰੀ ਸਿੱਖਿਆ, ਆਧੁਨਿਕ ਸਹੂਲਤਾਂ ਅਤੇ ਯੋਗ ਅਧਿਆਪਕਾਂ ਨੂੰ ਸਨਮਾਨਯੋਗ ਤਨਖਾਹਾਂ ਦੇਣਾ ਮੁਸ਼ਕਿਲ ਹੋ। ਉਹਨਾਂ ਆਸ ਪ੍ਰਗਟਾਈ ਕਿ ਪੰਜਾਬ ਸਰਕਾਰ ਸਿੱਖਿਆ ਖੇਤਰ ਦੀਆਂ ਹਕੀਕਤਾਂ ਨੂੰ ਧਿਆਨ ਵਿੱਚ ਰੱਖਦਿਆਂ ਮਾਪਿਆਂ, ਵਿਦਿਆਰਥੀਆਂ, ਅਧਿਆਪਕਾਂ ਅਤੇ ਸੰਸਥਾਵਾਂ ਦੇ ਹਿੱਤਾਂ ਵਿਚਕਾਰ ਸੰਤੁਲਨ ਬਣਾਉਣ ਵਾਲਾ ਫ਼ੈਸਲਾ ਲਵੇਗੀ, ਤਾਂ ਜੋ ਸਿੱਖਿਆ ਦੀ ਗੁਣਵੱਤਾ ਅਤੇ ਸੰਸਥਾਵਾਂ ਦੀ ਸਥਿਰਤਾ ਦੋਵੇਂ ਬਰਕਰਾਰ ਰਹਿ ਸਕਣ।

# ਪਾਕਿਸਤਾਨ 'ਚ ਮਰਦਾਨ ਵਿੱਖੇ ਗੁਰਦੁਆਰੇ 'ਚ ਕਤਲ ਦੀ ਵਾਰਦਾਤ ਦੀ ਐਡਵੋਕੇਟ ਧਾਮੀ ਨੇ ਕੀਤੀ ਸਖ਼ਤ ਨਿੰਦਾ

**ਆਜ਼ਾਦ ਸੋਚ**
**ਸੁਖਰਾਜ ਸਿੰਘ/ਨਵੀਂ ਦਿੱਲੀਂ , 18 ਜੂਨ**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪਾਕਿਸਤਾਨ ਦੇ ਖੈਬਰ ਪਖਤੂਨਖਵਾ ਸੂਬੇ ਦੇ ਮਰਦਾਨ ਸ਼ਹਿਰ ਵਿਚ ਸਥਿਤ ਗੁਰਦੁਆਰਾ ਸਾਹਿਬ ਅੰਦਰ ਸੇਵਾ ਨਿਭਾ ਰਹੇ ਸ਼ਰਧਾਲੂ ਜੋੜੇ ਸ੍ਰੀ ਜਗਨਨਾਥ ਅਤੇ ਬੀਬੀ ਅਸਮਾ ਵੰਤੀ ਦੀ ਕੁਝ ਲੋਕਾਂ ਵੱਲੋਂ ਗੋਲੀ ਮਾਰ ਕੇ ਕੀਤੀ ਗਈ ਹੱਤਿਆ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ।ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਗੁਰਦੁਆਰਾ ਸਾਹਿਬ ਵਰਗੇ ਪਵਿੱਤਰ ਧਾਰਮਿਕ ਅਸਥਾਨ ਅੰਦਰ ਦਾਖਲ ਹੋ ਕੇ ਨਿਰਦੋਸ਼ ਸਿੱਖ ਜੋੜੇ ਦਾ ਕਤਲ ਕਰਨਾ ਬਹੁਤ ਹੀ ਦੁਖਦਾਈ, ਅਮਾਨਵੀ ਅਤੇ ਘੱਟ ਗਿਣਤੀ ਭਾਈਚਾਰਿਆਂ ਵਿੱਚ ਡਰ ਪੈਦਾ ਕਰਨ ਵਾਲੀ ਘਟਨਾ ਹੈ। ਉਨ੍ਹਾਂ ਕਿਹਾ ਕਿ ਇਸ ਘਿਨਾਉਣੇ ਹਮਲੇ ਨੇ ਪਾਕਿਸਤਾਨ ਵਿਚ ਵਸਦੇ ਸਿੱਖ ਭਾਈਚਾਰੇ ਦੀ ਸੁਰੱਖਿਆ ਨੂੰ ਲੈ ਕੇ ਗੰਭੀਰ ਸਵਾਲ ਖੜ੍ਹੇ ਕਰ ਦਿੱਤੇ ਹਨ। ਐਡਵੋਕੇਟ ਧਾਮੀ ਨੇ ਪਾਕਿਸਤਾਨ ਸਰਕਾਰ ਨੂੰ ਅਪੀਲ ਕੀਤੀ ਕਿ ਇਸ ਮਾਮਲੇ ਦੇ ਦੋਸ਼ੀਆਂ ਨੂੰ ਜਲਦ ਤੋਂ ਜਲਦ ਗ੍ਰਿਫ਼ਤਾਰ ਕਰਕੇ ਸਖਤ ਸਜ਼ਾ ਦਿੱਤੀ ਜਾਵੇ। ਉਨ੍ਹਾਂ ਕਿਹਾ ਕਿ ਸਿੱਖ ਧਾਰਮਿਕ ਅਸਥਾਨਾਂ ਅਤੇ ਪਾਕਿਸਤਾਨ ਵਿਚ ਵੱਸਦੇ ਸਿੱਖਾਂ ਸਮੇਤ ਘੱਟ ਗਿਣਤੀ ਭਾਈਚਾਰਿਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣਾ ਪਾਕਿਸਤਾਨ ਸਰਕਾਰ ਦੀ ਜ਼ਿੰਮੇਵਾਰੀ ਹੈ, ਜਿਸ ਪ੍ਰਤੀ ਵਿਸੇ ?ਸ਼ ਧਿਆਨ ਦਿੱਤਾ ਜਾਵੇ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਘਟਨਾ ਚ ਮਾਰੇ ਗਏ ਸਿੱਖ ਜੋੜੇ ਦੇ ਪਰਿਵਾਰ ਨਾਲ ਡੂੰਘੀ ਹਮਦਰਦੀ ਪ੍ਰਗਟ ਕਰਦਿਆਂ ਅਕਾਲ ਪੁਰਖ ਅੱਗੇ ਅਰਦਾਸ ਕੀਤੀ ਕਿ ਵਿਛੜੀਆਂ ਰੂਹਾਂ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ਣ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।



# ਬਾਪੂ ਅਜੀਤ ਸਿੰਘ ਨਮਿਤ ਅੰਤਿਮ ਅਰਦਾਸ ਅੱਜ

**ਆਜ਼ਾਦ ਸੋਚ**
**ਰੂਪ ਚੰਦ ਲਵਲੀ**
**ਪਾਤੜਾਂ , 18 ਜੂਨ**

ਸਤਿਕਾਰਯੋਗ ਬਾਪੂ ਜੀ ਸਰਦਾਰ ਅਜੀਤ ਸਿੰਘ ਜੀ ਦਾ ਜਨਮ ਵੰਡ ਤੋਂ ਪਹਿਲਾਂ ਪਾਕਿਸਤਾਨ ਦੇ ਜ਼ਿਲ੍ਹਾ ਸ਼ੇਖੂਪੁਰਾ ਦੇ ਪਿੰਡ ਝੱਬਰ ਵਿੱਚ ਮਾਤਾ ਹਰਨਾਮ ਕੌਰ ਪਿਤਾ ਸਰਦਾਰ ਹਾਂੜਾ ਸਿੰਘ ਦੇ ਘਰ ਹੋਇਆ। ਸੰਨ 1947 ਦੀ ਭਾਰਤ-ਪਾਕਿਸਤਾਨ ਵੰਡ ਦੌਰਾਨ ਹੋਈ ਭਿਆਨਕ ਕਤਲੋਗਾਰਦ, ਉਜਾੜੇ ਅਤੇ ਦੁਖਦਾਈ ਹਾਲਾਤਾਂ ਨੂੰ ਸਹਿੰਦੇ ਹੋਏ ਉਹ ਆਪਣੇ ਮਾਤਾ ਪਿਤਾ ਸਰਦਾਰ ਹਾੜਾ ਸਿੰਘ ਦੇ ਨਾਲ ਪਰਿਵਾਰ ਸਮੇਤ ਪੰਜਾਬ ਆਏ ਅਤੇ ਪਿੰਡ ਹਰਿਆਊ ਖ਼ੁਰਦ (ਪਟਿਆਲਾ ) ਵਿੱਚ ਆ ਕੇ ਵੱਸ ਗਏ। ਉਹਨਾਂ ਨੇ ਆਪਣੀ ਮਿਹਨਤ, ਸਾਦਗੀ ਅਤੇ ਉੱਚੇ ਜੀਵਨ ਮੁੱਲਾਂ ਨਾਲ ਪਰਿਵਾਰ ਅਤੇ ਸਮਾਜ ਵਿੱਚ ਵਿਸ਼ੇਸ਼ ਸਥਾਨ ਬਣਾਇਆ।ਬਾਪੂ ਅਜੀਤ ਸਿੰਘ ਦੋ ਭਰਾ ਸਨ ਦੂਜੇ ਦਾ ਭਰਾ ਦਾ ਨਾਂ ਦਲੀਪ ਸਿੰਘ ਸੀ ਜੋ ਕਿ ਇਹਨਾਂ ਤੋਂ ਵੱਡੇ ਸਨ ਅਤੇ ਇੱਕ ਭੈਣ ਸੀ ਪਿੰਡ ਦੇ ਵਿੱਚ ਰਹਿ ਕੇ ਕਿਰਤ ਕੀਤੀ ਤੇ ਗੁਰਬਾਣੀ ਦੀ ਸੰਥਿਆ ਲਈ ਉਸ ਤੋਂ ਬਾਅਦ ਪਾਤੜਾਂ ਦੇ ਨੇੜੇ ਪਿੰਡ ਨਿਆਲ ਦੇ ਗੁਰੂਘਰ ਵਿੱਚ 25ਸਾਲ ਸੇਵਾ ਨਿਭਾਈ



ਪਿੰਡ ਨਿਆਲ ਵਿੱਚ ਕਰੀਬ 25 ਸਾਲ ਰਹਿ ਕੇ ਬਾਪੂ ਜੀ ਸਰਦਾਰ ਅਜੀਤ ਸਿੰਘ ਜੀ ਨੇ ਆਪਣੀ ਸਾਦਗੀ, ਨੇਕ ਸੁਭਾਅ ਅਤੇ ਮਿਲਣਸਾਰ ਸ਼ਖਸੀਅਤ ਨਾਲ ਹਰ ਦਿਲ ਵਿੱਚ ਖ਼ਾਸ ਥਾਂ ਬਣਾਈ। ਇਸ ਤੋਂ ਬਾਅਦ ਉਹ ਪਾਤੜਾਂ ਆ ਕੇ ਵੱਸ ਗਏ, ਪਰ ਪਿੰਡ ਨਿਆਲ ਦੀ ਸੰਗਤ ਨਾਲ ਉਹਨਾਂ ਦਾ ਪਿਆਰ ਅਤੇ ਸਨੇਹ ਕਦੇ ਘੱਟ ਨਾ ਹੋਇਆ।

ਅੱਜ ਵੀ ਪਿੰਡ ਨਿਆਲ ਦੇ ਲੋਕ ਬਾਪੂ ਜੀ ਨੂੰ ਬੇਅੰਤ ਪਿਆਰ, ਸਤਿਕਾਰ ਅਤੇ ਸ਼ਰਧਾ ਨਾਲ ਯਾਦ ਕਰਦੇ ਹਨ ਅਤੇ ਉਹਨਾਂ ਦੀਆਂ ਮਿੱਠੀਆਂ ਯਾਦਾਂ ਨੂੰ ਆਪਣੇ ਦਿਲਾਂ ਵਿੱਚ ਸੰਭਾਲੀ ਬੈਠੇ ਹਨ। ਉਹਨਾਂ ਦਾ ਨਿੱਘਾ ਸੁਭਾਅ, ਪਿਆਰ ਭਰੀਆਂ ਗੱਲਾਂ ਅਤੇ ਸਭ ਨੂੰ ਜੋੜ ਕੇ ਰੱਖਣ ਦੀ ਖ਼ੂਬੀ ਹਮੇਸ਼ਾ ਯਾਦ ਰਹੇਗੀ।

÷ਇਨਸਾਨ ਭਾਵੇਂ ਇਸ ਸੰਸਾਰ ਤੋਂ ਚਲਾ ਜਾਵੇ, ਪਰ ਉਸ ਦਾ ਪਿਆਰ, ਨੇਕੀ ਅਤੇ ਯਾਦਾਂ ਸਦਾ ਲੋਕਾਂ ਦੇ ਦਿਲਾਂ ਵਿੱਚ ਜਿਉਂਦੀਆਂ ਰਹਿੰਦੀਆਂ ਹਨ।

ਉਸ ਤੋਂ ਬਾਅਦ ਆਕੇ ਪਾਤੜਾਂ ਵਿੱਚ ਰਹਾਇਸ਼ ਬਣਾ ਲਈ ਅਤੇ ਆਪਣੀ ਕਿਰਤ ਕੀਤੀ ਬਾਪੂ ਅਜੀਤ ਸਿੰਘ ਦੇ ਤਿੰਨ ਬੇਟੇ ਤਿੰਨ ਬੇਟੀਆਂ ਸਨ ਵੱਡਾ ਪੁੱਤਰ ਜਸਵਿੰਦਰ ਸਿੰਘ ਪਾਰਸ ਜੋ ਕਿ ਸ਼ਹਿਰ ਦੇ ਵਿੱਚ ਪੈਸਟੀਸਾਈਡ ਦੀ ਦੁਕਾਨ ਕਰਦੇ ਹਨ ਤੇ ਨਾਲ ਹੀ ਮਾਲਵਾ ਬਾਣੀ ਤੋਂ ਪੱਤਰਕਾਰ ਹਨ

ਜਿਨਾਂ ਦਾ ਇਲਾਕੇ ਦੇ ਵਿੱਚ ਵਧੀਆ ਪਿਆਰ ਤੇ ਸਤਿਕਾਰ ਬਣਾ ਕੇ ਰੱਖਿਆ ਹੋਇਆ ਆਪਣੇ ਬਾਪੂ ਜੀ ਦਾ ਨਾਂ ਉੱਚਾ ਕੀਤਾ ਹੋਇਆ

ਅੱਜ ਸਤਿਕਾਰਯੋਗ ਬਾਪੂ ਜੀ ਸਰਦਾਰ ਅਜੀਤ ਸਿੰਘ ਜੀ ਦੀ ਅੰਤਿਮ ਅਰਦਾਸ ਮੌਕੇ ਸਮੂਹ ਸਨੇਹੀਆਂ, ਰਿਸ਼ਤੇਦਾਰਾਂ, ਮਿੱਤਰਾਂ ਅਤੇ ਯਾਰਾਂ-ਦੋਸਤਾਂ ਨੂੰ ਨਿਮਰ ਬੇਨਤੀ ਹੈ ਕਿ ਪਹੁੰਚ ਕੇ ਵਿਛੜੀ ਰੂਹ ਨੂੰ ਆਪਣੀਆਂ ਅਸੀਸਾਂ ਭੇਟ ਕਰੋ ਅਤੇ ਪਰਿਵਾਰ ਨਾਲ ਦੁੱਖ ਦੀ ਇਸ ਘੜੀ ਵਿੱਚ ਹਮਦਰਦੀ ਸਾਂਝੀ ਕਰੋ।

# ਗੁਰਦੁਆਰਾ ਸ਼ਹੀਦ ਬਾਬਾ ਜੀਵਨ ਸਿੰਘ ਜੀ, ਰਾਣੀਆਂ, ਸਿਰਸਾ ਵਿੱਖੇ ਗੁਰਮਤਿ ਸਿਖਲਾਈ ਕੈਂਪ ਸੰਪੰਨ : ਸੁਖਵਿੰਦਰ ਸਿੰਘ

ਆ ਜ਼ਾਦ ਸੋਚ
ਸੁਖਰਾਜ ਸਿੰਘ/ਨਵੀਂ ਦਿੱਲੀ, 18 ਜੂਨ
======================

ਸਿੱਖ ਮਿਸ਼ਨ ਹਰਿਆਣਾ ਕੁਰੂਕਸ਼ੇਤਰ ਦੇ ਇੰਚਾਰਜ ਸ. ਸੁਖਵਿੰਦਰ ਸਿੰਘ ਨੇ ਦੱਸਿਆ ਕਿ ਸ਼ ?ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਅਤੇ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ ਦੇ ਸਹਿਯੋਗ ਨਾਲ ਸਿੱਖ ਮਿਸ਼ਨ ਹਰਿਆਣਾ ਕੁਰੂਕਸ਼ੇਤਰ ਵੱਲੋਂ ਗੁਰਦੁਆਰਾ ਸ਼ਹੀਦ ਬਾਬਾ ਜੀਵਨ ਸਿੰਘ ਜੀ, ਸੰਤ ਨਗਰ ਰਾਣੀਆਂ, ਜ਼ਿਲ੍ਹਾ ਸਿਰਸਾ ਵਿੱਖੇ ਬੱਚਿਆਂ ਦਾ ਸੱਤ ਰੋਜ਼ਾ ਗੁਰਮੁੱਖੀ ਸਿੱਖਿਆ ਅਤੇ ਗੁਰਮਤਿ ਸਿਖਲਾਈ ਕੈਂਪ ਲਗਾਇਆ ਗਿਆ ਸੀ, ਜਿਸ ਦੀ ਅੱਜ 17 ਜੂਨ 2026 ਨੂੰ ਸੰਪੂਰਨਤਾ ਹੋਈ। ਸ. ਸੁਖਵਿੰਦਰ ਸਿੰਘ ਨੇ ਦੱਸਿਆ ਕਿ ਇਸ ਕੈਂਪ ਦੌਰਾਨ ਭਾਈ ਗੁਰਪਾਲ ਸਿੰਘ ਸਿਰਸਾ ਵੱਲੋਂ ਬੱਚਿਆਂ ਨੂੰ ਗੁਰਬਾਣੀ, ਗੁਰਮੁੱਖੀ ਅਤੇ ਗੁਰੂ ਸਾਹਿਬਾਨ ਜੀ ਜੀਵਨੀ ਅਤੇ ਸਿੱਖ ਇਤਿਹਾਸ ਦੀ ਜਾਣਕਾਰੀ ਮੁਹੱਈਆ ਕਰਵਾਈ ਗਈ।ਇਸ ਕੈਂਪ ਵਿੱਚ ਭਾਗ ਲੈਣ ਵਾਲੇ ਬੱਚਿਆਂ ਨੂੰ ਇੰਚਾਰਜ ਸ. ਸੁਖਵਿੰਦਰ ਸਿੰਘ ਵੱਲੋਂ ਸਰਟੀਫਿਕੇਟ ਅਤੇ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਸ. ਸੁਖਵਿੰਦਰ ਸਿੰਘ ਨੇ ਸਹਿਯੋਗ ਦੇਣ ਲਈ ਸ. ਸੁਖਦੇਵ ਸਿੰਘ ਸੰਧੂ ਪ੍ਰਧਾਨ ਬਾਬਾ ਜੀਵਨ ਸਿੰਘ ਵੈਲਫ਼ੇਅਰ ਸੁਸਾਇਟੀ , ਪ੍ਰਬੰਧਕ ਕਮੇਟੀ ਅਤੇ ਸੰਗਤ ਦਾ ਧੰਨਵਾਦ ਕੀਤਾ। ਉਨ੍ਹਾਂ ਨੇ ਕਿਹਾ ਕਿ ਗਰਮੀਆਂ ਦੀਆਂ ਛੁੱਟੀਆਂ ਦੌਰਾਨ ਗੁਰਮਤਿ ਸਿਖਲਾਈ ਕੈਂਪਾਂ ਦਾ ਮਕਸਦ ਬੱਚਿਆਂ ਨੂੰ ਦੁਨਿਆਵੀ



ਸਿੱਖਿਆ ਦੇ ਨਾਲ-ਨਲ ਗੁਰੂ ਸਾਹਿਬ ਜੀ ਦੀ ਸਿੱਖਿਆ ਤੋਂ ਜਾਣੂ ਕਰਵਾਉਣਾ ਹੈ ਜਿਸ ਨਾਲ ਬੱਚੇ ਸੰਸਾਰ ਵਿਚ ਵਿਚਰਨ ਲਈ ਆਤਮਿਕ ਤੌਰ 'ਤੇ ਮਜ਼ਬੂਤ ਹੁੰਦੇ ਹਨ ਅਤੇ ਆਪਣੇ ਵਿਰਸੇ ਨੂੰ ਅੱਗੇ ਵਧਾਉਂਦੇ ਹਨ। ਇਸ ਮੌਕੇ ਸਰਪੰਚ ਬੀਬੀ ਪ੍ਰੀਤਇੰਦਰ ਸਿੰਘ ਕੌਰ, ਸ. ਬਲਵਿੰਦਰ ਸਿੰਘ ਖੇੜੀ, ਸ. ਹਰਮੀਤ ਸਿੰਘ ਪੰਡੋਰੀ, ਗ੍ਰੰਥੀ ਸਿੰਘ ਬਾਬਾ ਸਤਨਾਮ ਸਿੰਘ, ਭਾਈ ਡੁੰਮਣ ਸਿੰਘ ਵਰਨ ਢਾਡੀ ਜੱਥਾ, ਸ. ਮਲਕੀਤ ਸਿੰਘ, ਸ. ਬਲਵਿੰਦਰ ਸਿੰਘ ਮਮੇਰਾਂ , ਭਾਈ ਹਰਜਿੰਦਰ ਸਿੰਘ ਭੀਖੀ ਸਿੱਖ ਵਿਰਸਾ ਦਲ , ਸ. ਮੁਖਤਿਆਰ ਸਿੰਘ ਸਲਾਹਕਾਰ, ਸ. ਚਰਨਜੀਤ ਸਿੰਘ ਭੱਟੀ ਪ੍ਰਧਾਨ ਪੰਜਾਬੀ ਮਹਾਸਭਾ, ਸ. ਮਲਕੀਤ ਸਿੰਘ, ਸ. ਸ਼ੇਰ ਸਿੰਘ ਆਦਿ ਸ਼ਖ਼ਸੀਅਤਾਂ ਹਾਜ਼ਿਰ ਸਨ।

### ਸ਼ਹਿਰ ਨੂੰ ਸਾਫ਼-ਸੁਥਰਾ ਅਤੇ ਸੁੰਦਰ ਬਣਾਉਣ ਲਈ ਨਗਰ ਕੌਂਸਲ ਦੀ ਵਿਸ਼ੇਸ਼ ਸਫ਼ਾਈ ਮੁਹਿੰਮ ਜਾਰੀ

# ਚੰਦਰ ਪ੍ਰਕਾਸ਼ ਵਧਵਾ 100 ਫੀਸਦੀ ਡੋਰ-ਟੂ-ਡੋਰ ਕੂੜਾ ਇਕੱਤਰ ਕਰਨ ਅਤੇ ਕੂੜੇ ਦੀ ਸਹੀ ਸੰਭਾਲ ਲਈ ਲੋਕਾਂ ਤੋਂ ਸਹਿਯੋਗ ਦੀ ਅਪੀਲ



ਆ ਜ਼ਾਦ ਸੋਚ
ਸ਼ਾਹਿਦ ਜ਼ੁਬੈਰੀ
ਮਾਲੇਰਕੋਟਲਾ, 18 ਜੂਨ
======================

ਪੰਜਾਬ ਸਰਕਾਰ ਦੇ ਸਥਾਨਕ ਸਰਕਾਰਾਂ ਵਿਭਾਗ ਵੱਲੋਂ ਸ਼ਹਿਰੀ ਖੇਤਰਾਂ ਵਿੱਚ ਸਾਫ਼-ਸੁਥਰਾ, ਸਿਹਤਮੰਦ ਅਤੇ ਸੁੰਦਰ ਵਾਤਾਵਰਣ ਯਕੀਨੀ ਬਣਾਉਣ ਦੇ ਉਦੇਸ਼ ਨਾਲ ਨਗਰ ਕੌਂਸਲ ਮਾਲੇਰਕੋਟਲਾ ਵੱਲੋਂ ਚਲਾਈ ਜਾ ਰਹੀ ਵਿਸ਼ੇਸ਼ ਸਫ਼ਾਈ ਮੁਹਿੰਮ ਲਗਾਤਾਰ ਜਾਰੀ ਹੈ। ਇਸ ਮੁਹਿੰਮ ਤਹਿਤ ਅੱਜ ਸ਼ਹਿਰ ਦੇ ਮੁੱਖ ਮਾਰਗਾਂ, ਜਨਤਕ ਸਥਾਨਾਂ ਅਤੇ ਹੋਰ ਅਹਿਮ ਖੇਤਰਾਂ ਵਿੱਚ ਵਿਸ਼ੇਸ਼ ਸਫ਼ਾਈ ਕਾਰਜ ਕਰਵਾਏ ਗਏ।ਇਸ ਸਬੰਧੀ ਜਾਣਕਾਰੀ ਦਿੰਦਿਆਂ ਕਾਰਜ ਸਾਧਕ ਅਫ਼ਸਰ ਨਗਰ ਕੌਂਸਲ ਮਾਲੇਰਕੋਟਲਾ ਚੰਦਰ ਪ੍ਰਕਾਸ਼ ਵਧਵਾ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਮਾਲੇਰਕੋਟਲਾ ਵਿਰਾਜ ਐਸ.ਤਿੜਕੇ ਦੀ ਅਗਵਾਈ ਹੇਠ ਇਹ ਵਿਸ਼ੇਸ਼ ਸਫ਼ਾਈ ਮੁਹਿੰਮ ਸ਼ਹਿਰ ਨੂੰ ਹੋਰ ਸੁੰਦਰ, ਸਾਫ਼-ਸੁਥਰਾ ਅਤੇ ਪ੍ਰਦੂਸ਼ਣ ਮੁਕਤ ਬਣਾਉਣ ਵੱਲ ਇੱਕ ਮਹੱਤਵਪੂਰਨ ਉਪਰਾਲਾ ਹੈ ਉਨ੍ਹਾਂ ਦੱਸਿਆ ਕਿ ਸ਼ਹਿਰ ਵਿੱਚ 100 ਫੀਸਦੀ ਡੋਰ-ਟੂ-ਡੋਰ ਕੂੜਾ ਇਕੱਤਰ ਕਰਨ ਦੀ ਪ੍ਰਣਾਲੀ ਨੂੰ ਹੋਰ ਮਜ਼ਬੂਤ ਬਣਾਉਣ ਲਈ ਦਫ਼ਤਰੀ ਅਧਿਕਾਰੀਆਂ ਅਤੇ ਕਰਮਚਾਰੀਆਂ ਦੀਆਂ ਵਿਸ਼ੇਸ਼ ਡਿਊਟੀਆਂ ਲਗਾਈਆਂ ਗਈਆਂ ਹਨ, ਜੋ ਸਫ਼ਾਈ ਕਾਰਜਾਂ ਦੀ ਨਿਰੰਤਰ ਨਿਗਰਾਨੀ ਕਰ ਰਹੇ ਹਨ।ਵਧਵਾ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਘਰਾਂ ਵਿੱਚ ਗਿੱਲੇ ਅਤੇ ਸੁੱਕੇ ਕੂੜੇ ਨੂੰ ਵੱਖ-ਵੱਖ ਰੱਖਣ ਲਈ ਹਰੇ ਅਤੇ ਨੀਲੇ ਡਸਟਬਿਨਾਂ ਦੀ ਵਰਤੋਂ ਕਰਨ। ਉਨ੍ਹਾਂ ਕਿਹਾ ਕਿ ਗਿੱਲਾ ਕੂੜਾ ਹਰੇ ਡਸਟਬਿਨ ਅਤੇ ਸੁੱਕਾ ਕੂੜਾ ਨੀਲੇ ਡਸਟਬਿਨ ਵਿੱਚ ਪਾ ਕੇ ਹੀ ਸਫ਼ਾਈ ਸੇਵਕਾਂ ਨੂੰ ਸੌਂਪਿਆ ਜਾਵੇ। ਇਸ ਦੇ ਨਾਲ ਹੀ ਕੂੜਾ-ਕਰਕਟ ਨੂੰ ਖੁੱਲ੍ਹੇ ਵਿੱਚ ਸੁੱਟਣ ਤੋਂ ਗੁਰੇਜ਼ ਕੀਤਾ ਜਾਵੇ।ਉਨ੍ਹਾਂ ਕਿਹਾ ਕਿ ਸ਼ਹਿਰ ਨੂੰ ਸਾਫ਼-ਸੁਥਰਾ ਅਤੇ ਸੁੰਦਰ ਬਣਾਉਣ ਲਈ ਨਗਰ ਕੌਂਸਲ ਦੇ ਯਤਨਾਂ ਦੇ ਨਾਲ-ਨਾਲ ਲੋਕਾਂ ਦਾ ਸਹਿਯੋਗ ਵੀ ਬਹੁਤ ਜ਼ਰੂਰੀ ਹੈ। ਨਾਗਰਿਕਾਂ ਦੀ ਸਰਗਰਮ ਭਾਗੀਦਾਰੀ ਨਾਲ ਹੀ ਮਾਲੇਰਕੋਟਲਾ ਨੂੰ ਸਵੱਛ, ਸਿਹਤਮੰਦ ਅਤੇ ਮਾਡਲ ਸ਼ਹਿਰ ਵਜੋਂ ਵਿਕਸਤ ਕੀਤਾ ਜਾ ਸਕਦਾ ਹੈ।

# ਰਾਸ਼ਟਰੀ ਮਹਿਲਾ ਕਮਿਸ਼ਨ ਆਪਕੇ ਦੁਆਰ ਤਹਿਤ ਚੇਅਰਪਰਸਨ ਵੱਲੋਂ ਪਟਿਆਲਾ ਵਿਖੇ 45 ਤੋਂ ਜਿਆਦਾ ਮਾਮਲਿਆਂ 'ਚ ਔਰਤਾਂ ਦੀ ਜਨ ਸੁਣਵਾਈ

## ਔਰਤਾਂ ਨੂੰ ਪਹੁੰਚਯੋਗ, ਸੰਵੇਦਨਸ਼ੀਲ ਅਤੇ ਸਮੇਂ ਸਿਰ ਨਿਆਂ ਪ੍ਰਦਾਨ ਕਰਨਾ ਕਮਿਸ਼ਨ ਦੀ ਪਹਿਲੀ ਤਰਜੀਹ-ਚੇਅਰਪਰਸਨ ਰਹਾਟਕਰ

ਆ ਜ਼ਾਦ ਸੋਚ
ਹਰਵਿੰਦਰ ਸਿੰਘ ਲਾਲੀ
ਪਟਿਆਲਾ, 18 ਜੂਨ
======================

ਰਾਸ਼ਟਰੀ ਮਹਿਲਾ ਕਮਿਸ਼ਨ ਦੇ ਚੇਅਰਪਰਸਨ ਸ੍ਰੀਮਤੀ ਵਿਜੇ ਕਿਸ਼ੋਰ ਰਹਾਟਕਰ ਨੇ ਅੱਜ ਪਟਿਆਲਾ 'ਚ ਕਿਹਾ ਹੈ ਕਿ ਪੀੜਤ ਮਹਿਲਾਵਾਂ ਨੂੰ ਨਿਆਂ ਦਿਵਾਉਣ ਲਈ ਕੌਮੀ ਮਹਿਲਾ ਕਮਿਸ਼ਨ ਦੇ ਦਰਵਾਜੇ ਹਮੇਸ਼ਾ ਖੁੱਲ੍ਹੇ ਹਨ। ਉਨ੍ਹਾਂ ਅੱਜ ਇੱਥੇ ਪੁਲਿਸ ਲਾਈਨਜ਼ ਵਿਖੇ 'ਰਾਸ਼ਟਰੀ ਮਹਿਲਾ ਕਮਿਸ਼ਨ ਆਪਕੇ ਦੁਆਰ' ਤਹਿਤ ਜਨ ਸੁਣਵਾਈ ਕੈਂਪ ਮੌਕੇ 45 ਦੇ ਲਗਪਗ ਮਾਮਲਿਆਂ 'ਚ ਪੀੜਤ ਮਹਿਲਾਵਾਂ ਦੀ ਸੁਣਵਾਈ ਕਰਕੇ ਉਨ੍ਹਾਂ ਨੂੰ ਨਿਆਂ ਦਿਵਾਉਣ ਲਈ ਮੌਕੇ 'ਤੇ ਹੀ ਸਬੰਧਤ ਪੁਲਿਸ ਤੇ ਹੋਰ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ। ਇਸ ਮੌਕੇ ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਅਤੇ ਐਸ.ਐਸ.ਪੀ. ਵਰੁਣ ਸ਼ਰਮਾ ਵੀ ਮੌਜੂਦ ਸਨ।

ਇਸ ਮੌਕੇ ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਔਰਤਾਂ ਨੂੰ ਪਹੁੰਚਯੋਗ, ਸੰਵੇਦਨਸ਼ੀਲ ਅਤੇ ਸਮੇਂ ਸਿਰ ਨਿਆਂ ਪ੍ਰਦਾਨ ਕਰਨਾ ਕਮਿਸ਼ਨ ਦੀ ਪਹਿਲੀ ਤਰਜੀਹ ਹੈ।









ਇਸ ਦੌਰਾਨ ਮੀਡੀਆ ਨਾਲ ਗੱਲਬਾਤ ਕਰਦਿਆਂ ਵਿਜੇ ਕਿਸ਼ੋਰ ਰਹਾਟਕਰ ਨੇ ਜ਼ੋਰ ਦੇਕੇ ਕਿਹਾ ਕਿ ਕਿਸੇ ਵਿਅਕਤੀ ਨੂੰ ਕਿਸੇ ਮਹਿਲਾ ਦੇ ਚਰਿੱਤਰ 'ਤੇ ਉਂਗਲ ਉਠਾਉਣ ਦਾ ਕੋਈ ਅਧਿਕਾਰ ਨਹੀਂ ਹੈ ਅਤੇ ਹਰ ਕਿਸੇ ਨੂੰ ਔਰਤਾਂ ਪ੍ਰਤੀ ਸੰਵੇਨਸ਼ੀਲਤਾ ਦਿਖਾਉਣੀ ਚਾਹੀਦੀ ਹੈ।

ਵਿਜੇ ਰਹਾਟਕਰ ਨੇ ਕਿਹਾ ਕਿ ਔਰਤਾਂ ਵਿਰੁੱਧ ਭੱਦੀ ਸ਼ਬਦਾਵਲੀ ਵਰਤਣ ਦੇ ਮਾਮਲੇ 'ਚ ਮਹਿਲਾ ਕਮਿਸ਼ਨ ਬਹੁਤ ਸਖ਼ਤ ਹੈ, ਇਸ ਲਈ ਕਿਸੇ ਵੀ ਵਿਅਕਤੀ ਨੂੰ ਮਹਿਲਾਵਾਂ ਵਿਰੁੱਧ ਕਿਸੇ ਵੀ ਤਰ੍ਹਾਂ ਦੀ ਮੰਦੀ ਸ਼ਬਦਾਲਵੀ ਵਰਤਣ ਤੋਂ ਗੁਰੇਜ਼ ਕਰਨਾ ਚਾਹੀਦਾ ਹੈ।

ਉਨ੍ਹਾਂ ਦੱਸਿਆ ਕਿ ਰਾਸ਼ਟਰੀ ਮਹਿਲਾ ਕਮਿਸ਼ਨ ਦੀ ਇਹ ਧਾਰਨਾ ਹੈ ਕਿ ਕਿਸੇ ਵੀ ਪੀੜਤ ਮਹਿਲਾ ਦੀ ਪੂਰੀ ਸੁਣਵਾਈ ਹੋਵੇ ਅਤੇ ਉਸਨੂੰ ਸਮਾਂਬੱਧ ਢੰਗ ਨਾਲ ਤਰਕਸੰਗਤ ਨਿਆਂ ਪ੍ਰਦਾਨ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਬਹੁਤੀਆਂ ਪੀੜਤ ਮਹਿਲਾਵਾਂ ਦਿੱਲੀ ਵਿਖੇ ਨਹੀਂ ਜਾ ਸਕਦੀਆਂ ਜਿਸ ਲਈ ਕਮਿਸ਼ਨ ਵੱਲੋਂ ਦੇਸ਼ ਭਰ ਵਿੱਚ ਅਜਿਹੀ ਜਨ ਸੁਣਵਾਈ ਕੀਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਅੱਜ ਘਰੇਲੂ ਹਿੰਸਾ, ਦਹੇਜ, ਬਲਾਤਕਾਰ, ਆਤਮ ਹੱਤਿਆ ਆਦਿ ਮਾਮਲਿਆਂ ਦੀ ਸੁਣਵਾਈ ਕੀਤੀ ਗਈ ਹੈ ਅਤੇ ਕਈ ਮਾਮਲਿਆਂ ਵਿੱਚ ਪੁਲਿਸ ਦੀ ਦੇਰੀ ਦਾ ਨੋਟਿਸ ਲਿਆ ਹੈ, ਜਿਸ ਪ੍ਰਤੀ ਐਸ.ਐਸ.ਪੀ. ਨੇ ਤੁਰੰਤ ਕਾਰਵਾਈ ਦਾ ਭਰੋਸਾ ਦਿੱਤਾ ਹੈ।

ਇਸ ਉਪਰੰਤ ਚੇਅਰਪਰਸਨ ਵਿਜੇ ਰਹਾਟਕਰ ਨੇ ਪਟਿਆਲਾ ਡਵੀਜ਼ਨ ਦੇ 6 ਜ਼ਿਲ੍ਹਿਆਂ ਪਟਿਆਲਾ, ਲੁਧਿਆਣਾ, ਫ਼ਤਹਿਗੜ੍ਹ ਸਾਹਿਬ, ਸੰਗਰੂਰ ਬਰਨਾਲਾ ਸਮੇਤ ਪਟਿਆਲਾ ਪੁਲਿਸ ਰੇਂਜ ਦੇ ਚਾਰ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰ ਤੇ ਐਸ.ਐਸ.ਪੀਜ਼ ਨਾਲ ਸਮੀਖਿਆ ਬੈਠਕ ਵੀ ਕੀਤੀ। ਇਸ ਦੌਰਾਨ ਉਨ੍ਹਾਂ ਨੇ ਜ਼ੋਰ ਦੇਕੇ ਕਿਹਾ ਕਿ 'ਔਰਤਾਂ ਨੂੰ ਨਿਆਂ ਦਿਵਾਉਣ ਲਈ ਪੁਲਿਸ ਤੇ ਸਿਵਲ ਪ੍ਰਸ਼ਾਸਨ ਆਪਸੀ ਤਾਲਮੇਲ ਨਾਲ ਕੰਮ ਕਰੇ।'ਉਨ੍ਹਾਂ ਨੇ ਸਾਰੇ ਵਿਭਾਗਾਂ ਨੂੰ ਔਰਤਾਂ ਨਾਲ ਸਬੰਧਤ ਮਾਮਲਿਆਂ ਨਾਲ ਨਜਿੱਠਣ ਵੇਲੇ ਇੱਕ ਸੰਵੇਦਨਸ਼ੀਲ ਅਤੇ ਜਵਾਬਦੇਹ ਪਹੁੰਚ ਅਪਣਾਉਣ ਦਾ ਸੱਦਾ ਦਿੱਤਾ।

ਉਨ੍ਹਾਂ ਕਿਹਾ ਕਿ ਕੌਮੀ ਕਮਿਸ਼ਨ ਦੀ 'ਤੇਰੇ ਮੇਰੇ ਸਪਨੇ' ਪਹਿਲਕਦਮੀ ਨੂੰ ਜ਼ਿਲ੍ਹਿਆਂ ਵਿੱਚ ਵੀ ਲਾਗੂ ਕੀਤਾ ਜਾਵੇ ਤਾਂ ਕਿ ਵਿਆਹ ਤੋਂ ਪਹਿਲਾਂ ਲੜਕਾ ਤੇ ਲੜਕੀ ਆਪਸੀ ਸੰਵਾਦ ਨਾਲ ਆਪਣੀ ਵਿਆਹੁਤਾ ਜ਼ਿੰਦਗੀ ਨੂੰ ਸ਼ੁਰੂ ਕਰਨ ਤੋਂ ਪਹਿਲਾਂ ਇੱਕ ਦੂਜੇ ਨੂੰ ਸਮਝ ਸਕਣ।

ਫੇਰੀ ਦੌਰਾਨ ਆਪਣੇ ਵੱਖ-ਵੱਖ ਰੁਝੇਵਿਆਂ ਅਤੇ ਗੱਲਬਾਤ ਰਾਹੀਂ, ਸ਼੍ਰੀਮਤੀ ਰਹਾਟਕਰ ਨੇ ਔਰਤਾਂ ਦੀ ਸੁਰੱਖਿਆ, ਸਸ਼ਕਤੀਕਰਨ, ਸੰਸਥਾਗਤ ਜਵਾਬਦੇਹੀ ਅਤੇ ਇੱਕ ਸੰਵੇਦਨਸ਼ੀਲ ਅਤੇ ਜਵਾਬਦੇਹ ਪ੍ਰਸ਼ਾਸਨ ਦੀ ਜ਼ਰੂਰਤ 'ਤੇ ਵਿਸ਼ੇਸ਼ ਜ਼ੋਰ ਦਿੱਤਾ। ਉਨ੍ਹਾਂ ਨੇ ਨਸ਼ਿਆਂ ਦਾ ਸੰਤਾਪ ਭੋਗਦੀਆਂ ਔਰਤਾਂ ਸਮੇਤ ਸਾਇਬਰ ਕ੍ਰਾਈਮ 'ਤੇ ਵੀ ਚਿੰਤਾ ਦਾ ਪ੍ਰਗਟਾਵਾ ਕੀਤਾ ਤੇ ਇਸ ਮਾਮਲੇ 'ਚ ਕੌਮੀ ਮਹਿਲਾ ਕਮਿਸ਼ਨ ਵੱਲੋਂ ਸਹਾਇਤਾ ਦੇਣ ਦੀ ਗੱਲ ਆਖੀ।

ਵਿਜੇ ਕੇ ਰਹਾਟਕਰ ਨੇ ਮਹਿਲਾਵਾਂ ਦੀ ਭਲਾਈ ਵਾਲੀਆਂ ਸਕੀਮਾਂ ਦਾ ਲਾਭ 100 ਫੀਸਦੀ ਹੇਠਲੇ ਪੱਧਰ 'ਤੇ ਔਰਤਾਂ ਤੱਕ ਜਰੂਰ ਪਹੁੰਚਾਉਣ ਅਤੇ ਸਮੁੱਚਾ ਸਿਵਲ ਤੇ ਪੁਲਿਸ ਪ੍ਰਸ਼ਾਸਨ ਵੱਲੋਂ ਮਹਿਲਾ ਸ਼ਸ਼ਕਤੀਕਰਨ ਤੇ ਔਰਤਾਂ ਦੇ ਅਧਿਕਾਰਾਂ ਦੀ ਰੱਖਿਆ ਲਈ ਕੰਮ ਕਰਨਾ ਯਕੀਨੀ ਬਣਾਉਣ ਦੀ ਹਦਾਇਤ ਕੀਤੀ।

ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਚੇਅਰਪਰਸਨ ਨੂੰ ਡਵੀਜਨ ਦੇ ਸਾਰੇ ਅਧਿਕਾਰੀਆਂ ਵੱਲੋਂ ਭਰੋਸਾ ਦਿੱਤਾ ਕਿ ਪ੍ਰਸ਼ਾਸਨ ਕੌਮੀ ਮਹਿਲਾ ਕਮਿਸ਼ਨ ਦੀਆਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਏਗਾ। ਇਸ ਮੌਕੇ ਸਿਵਲ ਪ੍ਰਸ਼ਾਸਨ ਤੇ ਪੁਲਿਸ ਵੱਲੋਂ ਵਿਜੇ ਕੇ ਰਹਾਟਕਰ ਦਾ ਸਨਮਾਨ ਵੀ ਕੀਤਾ ਗਿਆ।

ਇਸ ਤੋਂ ਪਹਿਲਾਂ ਚੇਅਰਪਰਸਨ ਰਹਾਟਕਰ ਨੇ ਥਾਪਰ ਯੂਨੀਵਰਸਿਟੀ ਵਿਖੇ ਕੰਮਕਾਜੀ ਸਥਾਨ 'ਤੇ ਔਰਤਾਂ ਨਾਲ ਛੇੜਛਾੜ ਵਿਰੁੱਧ ਪੀ.ਓ.ਐਸ.ਐਚ ਵਰਕਸ਼ਾਪ 'ਚ ਵੀ ਸੰਬੋਧਨ ਕੀਤਾ ਅਤੇ ਦੇਰ ਸ਼ਾਮ ਆਈ.ਟੀ.ਬੀ.ਪੀ. ਕੈਂਪਸ ਦਾ ਦੌਰਾ ਕਰਕੇ ਐਂਟੀ ਹਿਊਮਨ ਟ ?ਰੈਫਿਕਿੰਗ ਪ੍ਰੋਗਰਾਮ 'ਚ ਸ਼ਿਰਕਤ ਕੀਤੀ। ਇਸ ਤੋਂ ਇਲਾਵਾ ਉਨ੍ਹਾਂ ਨੇ ਪਟਿਆਲਾ ਦੀਆਂ 6 ਲੜਕੀਆਂ ਨੂੰ ਸਿੱਖਿਆ, ਖੇਡਾਂ ਤੇ ਹੁਨਰ ਦੇ ਖੇਤਰ ਵਿੱਚ ਵਿਸ਼ੇਸ਼ ਪ੍ਰਾਪਤੀਆਂ ਕਰਨ ਬਦਲੇ ਸਨਮਾਨਤ ਵੀ ਕੀਤਾ।

ਬੈਠਕ ਦੌਰਾਨ ਡੀ.ਆਈ.ਜੀ. ਪਟਿਆਲਾ ਰੇਂਜ ਕੁਲਦੀਪ ਸਿੰਘ ਚਾਹਲ, ਡਿਪਟੀ ਕਮਿਸ਼ਨਰ ਬਰਨਾਲਾ ਹਰਪ੍ਰੀਤ ਸਿੰਘ, ਐਸ.ਐਸ.ਪੀ. ਸੰਗਰੂਰ ਰਵਜੋਤ ਗਰੇਵਾਲ, ਐਸ.ਐਸ.ਪੀ. ਬਰਨਾਲਾ ਮੁਹੰਮਦ ਸਰਫ਼ਰਾਜ ਆਮਲ ਤੇ ਐਸ.ਐਸ.ਪੀ ਮਲੇਰਕੋਟਲਾ ਗੁਰਮੀਤ ਸਿੰਘ ਸਮੇਤ ਪਟਿਆਲਾ ਦੇ ਏ.ਡੀ.ਸੀ. ਸ਼ਹਿਰੀ ਵਿਕਾਸ ਨਵਰੀਤ ਕੌਰ ਸੇਖੋਂ ਅਤੇ ਬਾਕੀ ਜ਼ਿਲ੍ਹਿਆਂ ਦੇ ਏ.ਡੀ.ਸੀਜ਼ ਤੇ ਐਸ.ਪੀਜ਼ ਸਮੇਤ ਜ਼ਿਲ੍ਹਾ ਸਮਾਜਿਕ ਸੁਰੱਖਿਆ ਤੇ ਪ੍ਰੋਗਰਾਮ ਅਫ਼ਸਰ ਤੇ ਹੋਰ ਅਧਿਕਾਰੀ ਵੀ ਮੌਜੂਦ ਸਨ।

# ਸ਼ੁੱਧ ਦੁੱਧ ਦੀ ਯਕੀਨੀ ਪਹੁੰਚ ਲਈ ਡੇਅਰੀ ਵਿਕਾਸ ਵਿਭਾਗ ਮਾਲੇਰਕੋਟਲਾ ਦਾ ਵਿਸ਼ੇਸ਼ ਉਪਰਾਲਾ, ਦੁੱਧ ਦੀ ਮੁਫ਼ਤ ਜਾਂਚ ਦੀ ਸਹੂਲਤ

ਆ ਜ਼ਾਦ ਸੋਚ
ਸ਼ਾਹਿਦ ਜ਼ੁਬੈਰੀ
ਮਾਲੇਰਕੋਟਲਾ , 18 ਜੂਨ
======================

ਆਮ ਦੁੱਧ ਖਪਤਕਾਰਾਂ ਨੂੰ ਸਾਫ਼-ਸੁਥਰਾ ਅਤੇ ਸ਼ੁੱਧ ਦੁੱਧ ਉਪਲਬਧ ਕਰਵਾਉਣ ਦੇ ਉਦੇਸ਼ ਨਾਲ ਪੰਜਾਬ ਸਰਕਾਰ ਦੇ ਡੇਅਰੀ ਵਿਕਾਸ ਵਿਭਾਗ ਵੱਲੋਂ ਦੁੱਧ ਦੀ ਮੁਫ਼ਤ ਜਾਂਚ ਦੀ ਸਹੂਲਤ ਪ੍ਰਦਾਨ ਕੀਤੀ ਜਾ ਰਹੀ ਹੈ। ਇਹ ਉਪਰਾਲਾ ਕੈਬਨਿਟ ਮੰਤਰੀ, ਪਸ਼ੂ ਪਾਲਣ,ਡੇਅਰੀ ਵਿਕਾਸ ਅਤੇ ਮੱਛੀ ਪਾਲਣ ਵਿਭਾਗ ਪੰਜਾਬ ਗੁਰਮੀਤ ਸਿੰਘ ਖੁੱਡੀਆਂ ਦੀ ਯੋਗ ਰਹਿਨੁਮਾਈ ਅਤੇ ਡਾਇਰੈਕਟਰ ਡੇਅਰੀ ਵਿਕਾਸ ਵਰਿਆਮ ਸਿੰਘ, ਪੰਜਾਬ ਦੀ ਅਗਵਾਈ ਹੇਠ ਚਲਾਇਆ ਜਾ ਰਿਹਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ, ਮਾਲੇਰਕੋਟਲਾ ਸੁਰਿੰਦਰ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ ਮਾਲੇਰਕੋਟਲਾ ਵਿਖੇ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਦੇ ਦਫ਼ਤਰ ਵਿੱਚ ਹਰ ਰੋਜ਼ ਸਵੇਰੇ 10:00 ਵਜੇ ਤੋਂ ਦੁਪਹਿਰ 12:00 ਵਜੇ ਤੱਕ ਦੁੱਧ ਦੀ ਮੁਫ਼ਤ ਜਾਂਚ ਕੀਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਦੁੱਧ ਖਪਤਕਾਰ



ਆਪਣੇ ਵਰਤੋਂ ਵਾਲੇ ਤਾਜ਼ੇ ਦੁੱਧ ਦਾ ਘੱਟੋ-ਘੱਟ 100 ਮਿਲੀਲੀਟਰ ਨਮੂਨਾ ਜਾਂਚ ਲਈ ਲੈ ਕੇ ਆ ਸਕਦੇ ਹਨ। ਜਾਂਚ ਦੌਰਾਨ ਦੁੱਧ ਵਿੱਚ ਵਾਧੂ ਪਾਣੀ ਦੀ ਮਾਤਰਾ ਅਤੇ ਮਿਲਾਵਟੀ ਤੱਤਾਂ ਜਿਵੇਂ ਯੂਰੀਆ, ਸਟਾਰਚ, ਕਾਸਟਿਕ ਸੋਡਾ ਆਦਿ ਦੀ ਮੌਜੂਦਗੀ ਦੀ ਜਾਂਚ ਕੀਤੀ ਜਾਂਦੀ ਹੈ। ਡਿਪਟੀ ਡਾਇਰੈਕਟਰ ਨੇ ਜ਼ਿਲ੍ਹੇ ਦੇ ਸਮੂਹ ਦੁੱਧ ਖਪਤਕਾਰਾਂ ਨੂੰ ਇਸ ਸਹੂਲਤ ਦਾ ਵੱਧ ਤੋਂ ਵੱਧ ਲਾਭ ਉਠਾਉਣ ਦੀ ਅਪੀਲ ਕੀਤੀ ਤਾਂ ਜੋ ਸ਼ੁੱਧ ਅਤੇ ਗੁਣਵੱਤਾ ਭਰਪੂਰ ਦੁੱਧ ਦੀ ਵਰਤੋਂ ਨੂੰ ਯਕੀਨੀ ਬਣਾਇਆ ਜਾ ਸਕੇ।ਵਧੇਰੇ ਜਾਣਕਾਰੀ ਲਈ ਡੇਅਰੀ ਵਿਕਾਸ ਵਿਭਾਗ ਦੇ ਦਫ਼ਤਰ, ਬੀ.ਡੀ.ਪੀ.ਓ. ਦਫ਼ਤਰ, ਮਾਲੇਰਕੋਟਲਾ ਵਿਖੇ ਜਾਂ ਹਰਮੇਸ਼ ਸਿੰਘ ਗਿੱਲ, ਡੇਅਰੀ ਵਿਕਾਸ ਇੰਸਪੈਕਟਰ ਗ੍ਰੇਡ-1 ਨਾਲ ਮੋਬਾਈਲ ਨੰਬਰ 98788-60929 'ਤੇ ਸੰਪਰਕ ਕੀਤਾ ਜਾ ਸਕਦਾ ਹੈ।

## 21 ਜੂਨ ਨੂੰ ਜ਼ਾਕਿਰ ਹੁਸੈਨ ਸਟੇਡੀਅਮ ਵਿਖੇ ਮਨਾਇਆ ਜਾਵੇਗਾ ਅੰਤਰਰਾਸ਼ਟਰੀ ਯੋਗਾ ਦਿਵਸ

ਮਾਲੇਰਕੋਟਲਾ, 17 ਜੂਨ (ਸ਼ਾਹਿਦ ਜ਼ੁਬੈਰੀ) ਡਿਪਟੀ ਕਮਿਸ਼ਨਰ ਮਾਲੇਰਕੋਟਲਾ ਵਿਰਾਜ ਐਸ. ਤਿੜਕੇ ਦੀਆਂ ਹਦਾਇਤਾਂ ਅਤੇ ਜ਼ਿਲ੍ਹਾ ਆਯੁਰਵੈਦਿਕ ਅਤੇ ਯੂਨਾਨੀ ਅਫ਼ਸਰ ਦੇ ਦਿਸ਼ਾ-ਨਿਰਦੇਸ਼ਾਂ ਹੇਠ 11ਵਾਂ ਅੰਤਰਰਾਸ਼ਟਰੀ ਯੋਗਾ ਦਿਵਸ 21 ਜੂਨ ਨੂੰ ਸਵੇਰੇ 6 ਵਜੇ ਤੋਂ 7 ਵਜੇ ਤੱਕ ਜ਼ਾਕਿਰ ਹੁਸੈਨ ਸਟੇਡੀਅਮ, ਮਾਲੇਰਕੋਟਲਾ ਵਿਖੇ ਮਨਾਇਆ ਜਾਵੇਗਾ।ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਨੋਡਲ ਅਫ਼ਸਰ ਡਾ. ਵਾਹਿਦ ਮੁਹੰਮਦ ਨੇ ਦੱਸਿਆ ਕਿ ਅੰਤਰਰਾਸ਼ਟਰੀ ਯੋਗਾ ਦਿਵਸ ਦਾ ਮੁੱਖ ਮੰਤਵ ਲੋਕਾਂ ਨੂੰ ਯੋਗ ਦੇ ਮਹੱਤਵ ਅਤੇ ਇਸ ਨਾਲ ਜੁੜੇ ਸਿਹਤ ਲਾਭਾਂ ਪ੍ਰਤੀ ਜਾਗਰੂਕ ਕਰਨਾ ਹੈ। ਉਨ੍ਹਾਂ ਕਿਹਾ ਕਿ ਯੋਗ ਨਾ ਸਿਰਫ਼ ਸਰੀਰਕ ਤੰਦਰੁਸਤੀ ਨੂੰ ਬਿਹਤਰ ਬਣਾਉਂਦਾ ਹੈ, ਸਗੋਂ ਮਾਨਸਿਕ ਸ਼ਾਂਤੀ, ਆਤਮਿਕ ਉੱਨਤੀ ਅਤੇ ਸਮਾਜਿਕ ਸਦਭਾਵਨਾ ਨੂੰ ਵੀ ਪ੍ਰੋਤਸਾਹਿਤ ਕਰਦਾ ਹੈ। ਯੋਗ ਮਨ ਅਤੇ ਸਰੀਰ ਵਿਚਕਾਰ ਸੰਤੁਲਨ ਸਥਾਪਤ ਕਰਕੇ ਵਿਅਕਤੀ ਨੂੰ ਤਣਾਅ-ਮੁਕਤ ਅਤੇ ਸਿਹਤਮੰਦ ਜੀਵਨ ਜਿਊਣ ਲਈ ਪ੍ਰੇਰਿਤ ਕਰਦਾ ਹੈ।ਉਨ੍ਹਾਂ ਦੱਸਿਆ ਕਿ ਅੰਤਰਰਾਸ਼ਟਰੀ ਯੋਗਾ ਦਿਵਸ ਮੌਕੇ ਸਾਂਝੇ ਯੋਗ ਅਭਿਆਸ ਰਾਹੀਂ ਲੋਕਾਂ ਨੂੰ ਸਿਹਤਮੰਦ ਜੀਵਨ-ਸ਼ੈਲੀ ਅਪਣਾਉਣ ਲਈ ਪ੍ਰੇਰਿਤ ਕੀਤਾ ਜਾਵੇਗਾ। ਸਮਾਗਮ ਦੌਰਾਨ ਯੋਗ ਮਾਹਿਰਾਂ ਵੱਲੋਂ ਵੱਖ-ਵੱਖ ਯੋਗ ਆਸਨਾਂ ਅਤੇ ਪ੍ਰਾਣਾਯਾਮ ਦੀਆਂ ਵਿਧੀਆਂ ਦਾ ਪ੍ਰਦਰਸ਼ਨ ਵੀ ਕੀਤਾ ਜਾਵੇਗਾ।ਡਾ. ਸ਼ਾਹਿਦ ਖਾਨ (ਕੋਆਰਡੀਨੇਟਰ ਯੋਗ ਦਿਵਸ) ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਗਿਣਤੀ ਵਿੱਚ 21 ਜੂਨ ਨੂੰ ਜ਼ਾਕਿਰ ਹੁਸੈਨ ਸਟੇਡੀਅਮ ਵਿਖੇ ਆਯੋਜਿਤ ਸਮਾਗਮ ਵਿੱਚ ਸ਼ਮੂਲੀਅਤ ਕਰਨ ਅਤੇ ਯੋਗ ਨੂੰ ਆਪਣੀ ਰੋਜ਼ਾਨਾ ਜੀਵਨ-ਸ਼ੈਲੀ ਦਾ ਹਿੱਸਾ ਬਣਾਉਣ ਦਾ ਸੰਕਲਪ ਲੈਣ ਤਾਂ ਜ਼ੋ ਇੱਕ ਸਿਹਤਮੰਦ ਸਮਾਜ ਦੀ ਸਿਰਜਣਾ ਵਿੱਚ ਆਪਣਾ ਯੋਗਦਾਨ ਪਾ ਸਕਣ।



# ਜਥੇਦਾਰ ਸਾਹਿਬ ਤੋਂ ਸਮਾਂ ਲੈ ਕੇ ਮਸਲੇ ਨੂੰ ਹੱਲ ਕਰਨ ਦਾ ਯਤਨ ਕਰਨ ਮੁੱਖ ਮੰਤਰੀ ਪੰਜਾਬ: ਹਰਮੀਤ ਸਿੰਘ ਕਾਲਕਾ

ਆ ਜ਼ਾਦ ਸੋਚ
ਸੁਖਰਾਜ ਸਿੰਘ
ਨਵੀਂ ਦਿੱਲੀ, 18 ਜੂਨ
======================

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਆਖਿਆ ਹੈ ਕਿ ਉਹ ਸ੍ਰੀ ਅਕਾਲ ਤਖ਼ਤ ਸਾਹਿਬ ਨਾਲ ਟਕਰਾਅ ਪੈਦਾ ਕਰਨ ਦੀ ਥਾਂ ਨਿਮਾਣੇ ਸਿੱਖ ਵਜੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਨਮੁੱਖ ਪੇਸ਼ ਹੋਣ ਦੇ ਜਾਰੀ ਕੀਤੇ ਗਏ ਹੁਕਮਨਾਮੇ ਦੀ ਪਾਲਣਾ ਕਰਨ। ਅੱਜ ਇਥੇ ਮੀਡੀਆ ਨਾਲ ਗੱਲਬਾਤ ਕਰਦਿਆਂ ਹਰਮੀਤ ਸਿੰਘ ਕਾਲਕਾ ਨੇ ਕਿਹਾ ਕਿ ਸਿੱਖ ਕੌਮ ਵਾਸਤੇ ਸ੍ਰੀ ਅਕਾਲ ਤਖ਼ਤ ਸਾਹਿਬ ਸਰਵਉਚ ਹੈ ਅਤੇ ਜਥੇਦਾਰ ਸਾਹਿਬ ਵੱਲੋਂ ਜਾਰੀ ਕੀਤਾ ਗਿਆ ਹੁਕਮਨਾਮਾ ਇਲਾਹੀ ਹੁਕਮ ਮੰਨਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਸਾਰੀ ਦੁਨੀਆਂ ਦੇ ਸਿੱਖ ਸ੍ਰੀ ਅਕਾਲ ਤਖ਼ਤ ਸਾਹਿਬ ਅੱਗੇ ਨਿਮਾਣੇ ਹੋ ਕੇ ਨਤਮਸਤਕ ਹੁੰਦੇ ਹਨ ਤੇ ਤਖ਼ਤ ਤੋਂ ਜਾਰੀ ਹੁਕਮਾਂ ਦੀ ਪਾਲਣਾ ਕਰਦੇ ਹਨ ਭਾਵੇਂ ਉਹ ਕਿੰਨੇ ਵੀ ਵੱਡੇ ਅਹੁਦੇ 'ਤੇ ਹੀ ਕਿਉਂ ਨਾ ਬੈਠੇ ਹੋਣ। ਉਨ੍ਹਾਂ ਕਿਹਾ ਕਿ ਭਗਵੰਤ ਮਾਨ ਦੇ ਵਿਚਾਰਕ ਤੇ ਸਿਆਸੀ ਮਤਭੇਦ ਹੋ ਸਕਦੇ ਹਨ ਤੇ ਉਹਨਾਂ ਨੂੰ ਆਪਣੀ ਗੱਲ ਕਰਨ ਦਾ ਵੀ ਪੂਰਾ ਹੱਕ ਹੈ ਪਰ ਸ੍ਰੀ ਅਕਾਲ ਤਖ਼ਤ ਸਾਹਿਬ ਨਾਲ ਟਕਰਾਅ ਪੈਦਾ ਕਰਨਾ ਕਿਸੇ ਵੀ ਤਰੀਕੇ ਜਾਇਜ਼ ਨਹੀਂ ਹੈ। ਉਹਨਾਂ ਕਿਹਾ ਕਿ ਮੁੱਖ ਮੰਤਰੀ ਨੂੰ ਚਾਹੀਦਾ ਹੈ ਕਿ ਉਹ ਜਥੇਦਾਰ ਸਾਹਿਬ ਤੋਂ ਸਮਾਂ ਲੈ ਕੇ ਉਹਨਾਂ ਨੂੰ ਮਿਲਣ ਅਤੇ ਸਾਰੇ ਮਸਲੇ ਨੂੰ ਹੱਲ ਕਰਨ ਦੇ ਯਤਨ ਕਰਨ ਤਾਂ ਕਿ ਕੌਮ ਵਿਚ ਕਿਸੇ ਵੀ ਤਰੀਕੇ ਦੀ ਦੁਬਿਧਾ ਪੈਦਾ ਨਾ ਹੋਵੇ। ਹਰਮੀਤ ਸਿੰਘ ਕਾਲਕਾ ਨੇ ਕਿਹਾ ਕਿ ਜੇਕਰ ਅਸੀਂ ਬੀਤੇ ਸਮੇਂ ਦੇ ਇਤਿਹਾਸ 'ਤੇ ਝਾਤ ਮਾਰੀਏ ਤਾਂ ਇਹ ਦੋਸ਼ ਕਿਤੇ ਨਾ ਕਿਤੇ ਸਹੀ ਸਾਬਤ ਹੁੰਦੇ ਹਨ ਕਿ ਸਿੰਘ ਸਾਹਿਬ ਦੇ ਅਹੁਦੇ ਦੀ ਦੁਰਵਰਤੋਂ ਸ ? ?ਆਸੀ ਲਾਭਾਂ ਵਾਸਤੇ ਕੀਤੀ ਗਈ ਖਾਸ ਤੌਰ 'ਤੇ 2015 ਵਿਚ ਡੇਰਾ ਸਿਰਸਾ ਮੁੱਖੀ ਨੂੰ ਮੁਆਫੀ ਦਿੱਤੀ ਗਈ ਤੇ ਫਿਰ ਉਸ ਨੂੰ ਵਾਜਬ ਠਹਿਰਾਉਣ ਵਾਸਤੇ 90 ਲੱਖ ਰੁਪਏ ਦੇ ਇਸ਼ਤਿਹਾਰ ਵੀ ਜਾਰੀ ਕੀਤੇ ਗਏ। ਉਹਨਾਂ ਕਿਹਾ ਕਿ ਸਿਆਸੀ ਤੇ ਵਿਚਾਰਧਾਰਕ ਮਤਭੇਦ ਆਪਣੀ ਥਾਂ ਹਨ ਪਰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵਉਚਤਾ ਆਪਣੀ ਥਾਂ ਹੈ। ਉਹਨਾਂ ਕਿਹਾ ਕਿ ਸਿੱਖਾਂ ਦੀ ਪ੍ਰਤੀਨਿਧ ਜਮਾਤ ਹੋਣ ਦੇ ਨਾਤੇ ਦਿੱਲੀ ਗੁਰਦੁਆਰਾ ਕਮੇਟੀ ਮੁੱਖ ਮੰਤਰੀ ਨੂੰ ਇਹ ਸਲਾਹ ਦਿੰਦੀ ਹੈ ਕਿ ਉਹ ਇਸ ਮਾਮਲੇ ਨੂੰ ਹੱਲ ਕਰਨ ਲਈ ਯਤਨ ਕਰਨ ਤੇ ਇਸ ਨੂੰ ਗਲਤ ਦਿਸ਼ਾ 'ਚ ਨਾ ਵਧਾਇਆ ਜਾਵੇ। ਪਰਮਜੀਤ ਸਿੰਘ ਸਰਨਾ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਦਾੜ੍ਹੀ ਬੰਨ ਕੇ ਆਪਣੀ ਦਲੀਲ ਰੱਖਣ ਬਾਰੇ ਸਵਾਲ ਦੇ ਜਵਾਬ ਵਿਚ ਉਨ੍ਹਾਂ ਕਿਹਾ ਕਿ ਪਰਮਜੀਤ ਸਿੰਘ ਸਰਨਾ ਤੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਾਣ ਮਰਿਆਦਾ ਖਿਆਲ ਰੱਖਣ ਦੀ ਆਸ ਹੀ ਨਹੀਂ ਕੀਤੀ ਜਾ ਸਕਦੀ। ਉਹਨਾਂ ਬੀਤੇ ਸਮੇਂ ਵਿਚ ਖੁਦ ਹੀ ਸ੍ਰੀ ਅਕਾਲ ਤਖ਼ਤ ਸਾਹਿਬ ਨਾਲ ਮੱਥਾ ਲਾਇਆ ਤੇ ਦੋ-ਦੋ ਸੰਗਰਾਂਦਾ ਤੇ ਦੋ-ਦੋ ਗੁਰਪੁਰਬ ਮਨਾ ਕੇ ਸੰਗਤ ਵਿਚ ਦੁਬਿਧਾ ਪੈਦਾ ਕੀਤੀ। ਉਹਨਾਂ ਕਿਹਾ ਕਿ ਜੋ ਘਟਨਾ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਹੋਈ, ਉਸ ਵਾਸਤੇ ਜਥੇਦਾਰ ਸਾਹਿਬ ਤੇ ਉਥੇ ਮੌਜੂਦਾ ਜਥੇਦਾਰ ਟੇਕ ਸਿੰਘ ਧਨੌਲਾ ਨੂੰ ਵੀ ਸ. ਸਰਨਾ ਨੂੰ ਟੋਕਣਾ ਚਾਹੀਦਾ ਸੀ। ਉਹਨਾਂ ਕਿਹਾ ਕਿ ਇਹ ਹਮੇਸ਼ਾ ਬਾਦਲ ਦਲ ਦੀ ਨੀਤੀ ਰਹੀ ਹੈ ਕਿ ਉਹ ਹਰ ਗੱਲ ਨੂੰ ਆਪਣੇ ਤਰੀਕੇ ਤੋੜ ਮਰੋੜ ਕੇ ਪੇਸ਼ ਕਰਦਾ ਹੈ ਤੇ ਪੰਥਕ ਸੰਸਥਾਵਾਂ ਦੀ ਦੁਰਵਰਤੋਂ ਕਰਦਾ ਹੈ ਜੋ ਬਹੁਤ ਮੰਦਭਾਗੀ ਗੱਲ ਹੈ।



# ਸਿਹਤ ਵਿਭਾਗ ਵੱਲੋਂ ਢਕੋਲੀ ਵਿੱਚ ਡਾਇਰੀਆ ਦੀ ਜਾਂਚ ਲਈ ਘਰ-ਘਰ ਜਾਂਚ ਮੁਹਿੰਮ ਤੇਜ਼

ਆ ਜ਼ਾਦ ਸੋਚ
ਅਵਤਾਰ ਸੈਣੀ/ਜ਼ੀਰਕਪੁਰ, 18 ਜੂਨ
======================

ਢਕੋਲੀ ਇਲਾਕੇ ਵਿੱਚ ਡਾਇਰੀਆ ਦੇ ਫੈਲਾਅ ਨੂੰ ਰੋਕਣ ਲਈ ਸਿਹਤ ਵਿਭਾਗ ਵੱਲੋਂ ਸਰਗਰਮੀ ਨਾਲ ਵਿਸ਼ੇਸ਼ ਨਿਗਰਾਨੀ ਅਤੇ ਜਾਂਚ ਮੁਹਿੰਮ ਚਲਾਈ ਜਾ ਰਹੀ ਹੈ। ਡਿਪਟੀ ਕਮਿਸ਼ਨਰ ਸ੍ਰੀਮਤੀ ਕੋਮਲ ਮਿੱਤਲ ਦੇ ਨਿਰਦੇਸ਼ਾਂ 'ਤੇ ਕਾਰਵਾਈ ਕਰਦਿਆਂ ਬਲਾਕ ਰੈਪਿਡ ਰਿਸਪਾਂਸ ਟੀਮ ਨੇ ਕ੍ਰਿਸ਼ਨਾ ਐਨਕਲੇਵ ਅਤੇ ਦਸ਼ਮੇਸ਼ ਐਨਕਲੇਵ ਦਾ ਦੌਰਾ ਕਰਕੇ ਸਥਿਤੀ ਦਾ ਜਾਇਜ਼ਾ ਲਿਆ। ਚੰਗੀ ਗੱਲ ਇਹ ਹੈ ਕਿ ਹੁਣ ਤੱਕ ਸਿਰਫ਼ ਕੁਝ ਸਧਾਰਨ ਮਾਮਲੇ ਹੀ ਸਾਹਮਣੇ ਆਏ ਹਨ ਅਤੇ ਕਿਸੇ ਵੀ ਮਰੀਜ਼ ਦੀ ਹਾਲਤ ਗੰਭੀਰ ਨਹੀਂ ਦੱਸੀ ਜਾ ਹੈ, ਜਿਸ ਕਰਕੇ ਕਿਸੇ ਨੂੰ ਵੀ ਹਸਪਤਾਲ ਦਾਖ਼ਲ ਕਰਵਾਉਣ ਦੀ ਨੌਬਤ ਨਹੀਂ ਆਈ।



**ਸਿਹਤ ਟੀਮਾਂ ਵੱਲੋਂ ਵੱਖ-ਵੱਖ ਇਲਾਕਿਆਂ ਦਾ ਦੌਰਾ ਅਤੇ ਵੰਡੀ ਗਈ ਸਮੱਗਰੀ**: ਇਸ ਸਬੰਧੀ ਜਾਣਕਾਰੀ ਦਿੰਦਿਆਂ ਸਿਹਤ ਵਿਭਾਗ ਦੀ ਟੀਮ ਨੇ ਦਸਿਆ ਕਿ ਅੱਜ ਉਨ੍ਹਾਂ ਦੀ ਟੀਮ ਵੱਲੋਂ ਦਸ਼ਮੇਸ਼ ਇਨਕਲੇਵ ਦੇ 120 ਘਰਾਂ ਦੀ ਜਾਂਚ ਕੀਤੀ ਗਈ। ਇਸ ਦੌਰਾਨ ਡਾਇਰੀਆ ਦੇ 3 ਹਲਕੇ ਮਾਮਲੇ ਮਿਲੇ, ਜਿਨ੍ਹਾਂ ਪਰਿਵਾਰਾਂ ਨੂੰ ਲੋੜੀਂਦੀ ਡਾਕਟਰੀ ਸਲਾਹ ਦਿੱਤੀ ਗਈ। ਬਚਾਅ ਵਜੋਂ ਇਲਾਕੇ ਵਿੱਚ 50 ਓ.ਆਰ.ਐਸ. ਪੈਕਟ ਅਤੇ 250 ਕਲੋਰੀਨ ਦੀਆਂ ਗੋਲੀਆਂ ਵੰਡੀਆਂ ਗਈਆਂ। ਉਨ੍ਹਾਂ ਦਸਿਆ ਕਿ ਪਾਣੀ ਦੀ ਟੈਸਟਿੰਗ ਲਈ 4 ਸੈਂਪਲ ਵੀ ਲਏ ਗਏ ਹਨ। ਅੱਗੇ ਹੋਰ ਜਾਣਕਾਰੀ ਸਾਂਝੀ ਕਰਦਿਆਂ ਸਿਹਤ ਵਿਭਾਗ ਦੀ ਟੀਮ ਨੇ ਦਸਿਆ ਕਿ ਇਸਤੋਂ ਇਲਾਵਾ ਕ੍ਰਿਸ਼ਨਾ ਐਨਕਲੇਵ ਦੇ 90 ਘਰਾਂ ਦਾ ਸਰਵੇਖਣ ਕੀਤਾ ਗਿਆ, ਜਿੱਥੇ ਡਾਇਰੀਆ ਦਾ ਇੱਕ ਵੀ ਮਾਮਲਾ ਸਾਹਮਣੇ ਨਹੀਂ ਆਇਆ। ਉਨ੍ਹਾਂ ਦਸਿਆ ਕਿ ਇੱਥੇ ਵੀ ਸੁਰੱਖਿਆ ਵਜੋਂ 50 ਓ.ਆਰ.ਐਸ. ਪੈਕਟ, 200 ਕਲੋਰੀਨ ਗੋਲੀਆਂ ਵੰਡਣ ਦੇ ਨਾਲ-ਨਾਲ ਪਾਣੀ ਦੇ 3 ਨਮੂਨੇ ਜਾਂਚ ਲਈ ਭੇਜੇ ਗਏ।

**ਸਹਿਤ ਵਿਭਾਗ ਦੀ ਟੀਮ ਨੇ ਲੋਕ ਨੂੰ ਕੀਤਾ ਜਾਗਰੂਕ ਅਤੇ ਸਾਫ਼ ਉਬਲਿਆ ਪਾਣੀ ਪੀਣ ਦੀ ਕੀਤੀ ਅਪੀਲ** : ਇਸ ਮੌਕੇ ਸਿਹਤ ਵਿਭਾਗ ਦੀ ਟੀਮ ਵੱਲੋਂ ਕ੍ਰਿਸ਼ਨਾ ਇਨਕਲੇਵ ਅਤੇ ਦਸ਼ਮੇਸ਼ ਇਨਕਲੇਵ ਦੋਵਾਂ ਹੀ ਖੇਤਰਾਂ ਵਿੱਚ ਲੋਕਾਂ ਨੂੰ ਪਾਣੀ ਤੋਂ ਹੋਣ ਵਾਲੀਆਂ ਬਿਮਾਰੀਆਂ ਪ੍ਰਤੀ ਜਾਗਰੂਕ ਕੀਤਾ ਗਿਆ। ਸਿਹਤ ਕਰਮਚਾਰੀਆਂ ਨੇ ਨਿਵਾਸੀਆਂ ਨੂੰ ਸਾਫ਼ ਪੀਣ ਵਾਲੇ ਪਾਣੀ ਦੀ ਵਰਤੋਂ ਕਰਨ, ਹੱਥਾਂ ਨੂੰ ਚੰਗੀ ਤਰ੍ਹਾਂ ਧੋਣ, ਸਫ਼ਾਈ ਰੱਖਣ ਅਤੇ ਖਾਣ-ਪੀਣ ਵਾਲੀਆਂ ਚੀਜ਼ਾਂ ਨੂੰ ਢੱਕ ਕੇ ਰੱਖਣ ਦੀ ਸਲਾਹ ਦਿੱਤੀ। ਉਨ੍ਹਾ ਨੇ ਢਕੋਲੀ ਖੇਤਰ ਦੀ ਜਨਤਾ ਨੂੰ ਅਪੀਲ ਕਰਦਿਆਂ ਕਿਹਾ ਕਿ ਸਥਿਤੀ ਪੂਰੀ ਤਰ੍ਹਾਂ ਕੰਟਰੋਲ ਹੇਠ ਹੈ ਅਤੇ ਜ਼ਿਲ੍ਹਾ ਪ੍ਰਸ਼ਾਸਨ ਹਰ ਹਾਲਾਤ 'ਤੇ ਨਜ਼ਰ ਰੱਖ ਰਿਹਾ ਹੈ। ਜੇਕਰ ਕਿਸੇ ਵੀ ਵਿਅਕਤੀ ਨੂੰ ਡਾਇਰੀਆ ਜਾਂ ਉਲਟੀ-ਦਸਤ ਦੇ ਲੱਛਣ ਦਿਖਾਈ ਦੇਣ, ਤਾਂ ਉਹ ਤੁਰੰਤ ਆਪਣੇ ਨੇੜਲੇ ਸਿਹਤ ਕੇਂਦਰ ਨਾਲ ਸੰਪਰਕ ਕਰੇ। ਉਨ੍ਹਾਂ ਲੋਕਾਂ ਨੂੰ ਸਿਹਤ ਵਿਭਾਗ ਦੀਆਂ ਹਦਾਇਤਾਂ ਦੀ ਪਾਲਣਾ ਕਰਨ ਦੀ ਵੀ ਤਾਕੀਦ ਕੀਤੀ।

# ਸਿੱਖ ਧਰਮ, ਸਿਆਸਤ ਤੇ ਵਿਦਿਅਕ ਅਦਾਰਿਆ 'ਚ ਬੀਜੇਪੀ-ਆਰ.ਐਸ.ਐਸ ਦੀ ਦਖ਼ਲਅੰਦਾਜ਼ੀ ਚਿੰਤਾਜਨਕ: ਸਿਮਰਨਜੀਤ ਸਿੰਘ ਮਾਨ

ਆ ਜ਼ਾਦ ਸੋਚ
ਸੁਖਰਾਜ ਸਿੰਘ
ਨਵੀਂ ਦਿੱਲੀ, 18 ਜੂਨ
======================

ਜਿਸ ਤਰੀਕੇ ਆਰ.ਐਸ.ਐਸ ਤੇ ਬੀਜੇਪੀ ਘੱਟ ਗਿਣਤੀ ਕੌਮਾਂ ਵਿਰੋਧੀ ਮੁਤੱਸਵੀ ਜਮਾਤਾਂ ਦਾ ਸਿੱਖ ਧਰਮ, ਸਿੱਖ ਸਿਆਸਤ ਅਤੇ ਸਿੱਖਾਂ ਦੇ ਵਿਦਿਅਕ ਅਦਾਰਿਆ, ਯੂਨੀਵਰਸਿਟੀਆਂ, ਕਾਲਜਾਂ ਦੇ ਵਿਦਿਆਰਥੀਆਂ ਦੇ ਸਿਲੇਬਸ 'ਚ ਹਿੰਦੂਤਵ ਸੋਚ ਦੀ ਘੁਸਪੈਠ ਕਰਕੇ ਸਾਡੇ ਅਤਿ ਫ਼ਖ਼ਰ ਵਾਲੇ ਮਨੁੱਖਤਾ ਪੱਖੀ ਇਤਿਹਾਸ ਨੂੰ ਕਿਤਾਬਾਂ 'ਚ ਤਰੋੜ-ਮਰੋੜ ਕੇ ਸਾਡੇ ਵਿਰਸੇ-ਵਿਰਾਸਤ, ਸੱਭਿਆਚਾਰ ਨੂੰ ਗੰਧਲਾ ਕੀਤਾ ਜਾ ਰਿਹਾ ਹੈ, ਇਹ ਉਪਰੋਕਤ ਸੰਗਠਨਾਂ ਦੇ ਅਮਲ ਜਿੱਥੇ ਅਤਿ ਚਿੰਤਾਜਨਕ ਹਨ, ਉਥੇ ਸਭ ਸਿੱਖ ਸੰਸਥਾਵਾਂ, ਸ੍ਰੀ ਅਕਾਲ ਤਖ਼ਤ ਸਾਹਿਬ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ , ਸਿਆਸੀ ਸਿੱਖ ਸੰਗਠਨਾਂ ਆਦਿ ਨੂੰ ਸੰਜ਼ੀਦਾ ਢੰਗ ਨਾਲ ਉਪਰੋਕਤ ਤਾਕਤਾਂ ਦੀਆਂ ਮੰਦਭਾਵਨਾ ਭਰੀਆ ਕਾਰਵਾਈਆ ਵਿਰੁੱਧ ਬੌਧਿਕ ਢੰਗ ਨਾਲ ਲਾਮਬੰਦ ਵੀ ਹੋਣਾ ਪਵੇਗਾ ਅਤੇ ਆਪਣੀ ਕੌਮ ਦੇ ਬੱਚਿਆਂ ਨੂੰ ਸਿੱਖ ਧਰਮ, ਸਿੱਖ ਇਤਿਹਾਸ, ਮਰਿਯਾਦਾਵਾਂ ਤੋਂ ਵਿਸ਼ਾਲਤਾ ਨਾਲ ਜਾਣਕਾਰੀ ਦਿੰਦੇ ਹੋਏ ਆਉਣ ਵਾਲੀ ਸਿੱਖ ਪਨੀਰੀ ਦੇ ਕਿਰਦਾਰ ਨੂੰ ਉੱਚਾ-ਸੁੱਚਾ ਬਣਾਉਣ 'ਚ ਜ਼ਿੰਮੇਵਾਰੀ ਨਭਾਉਣੀ ਪਵੇਗੀ। ਸ੍ਰੀ ਅਕਾਲ ਤਖ਼ਤ ਸਾਹਿਬ ਤੇ ਐਸ.ਜੀ.ਪੀ.ਸੀ ਦੀਆਂ ਕੌਮੀ ਸੰਸਥਾਵਾਂ ਨੂੰ ਸਿੱਦਤ ਨਾਲ ਇਸ ਅਤਿ ਗੰਭੀਰ ਵਿਸ਼ੇ ਵੱਲ ਉਦਮ ਕਰਨੇ ਪੈਣਗੇ ਤਾਂ ਕਿ ਇਹ ਹਿੰਦੂਤਵ ਤਾਕਤਾਂ ਸਾਡੀਆਂ ਧਰਮੀ ਅਤੇ ਵਿਦਿਅਕ ਸੰਸਥਾਵਾਂ ਵਿਚ ਘੁਸਪੈਠ ਕਰਕੇ ਸਾਡਾ ਕੌਮੀ, ਇਖ਼ਲਾਕੀ, ਸਮਾਜਿਕ, ਧਾਰਮਿਕ ਅਤੇ ਮਾਲੀ ਨੁਕਸਾਨ ਨਾ ਕਰ ਸਕਨ। ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੀ ਪ੍ਰਧਾਨਗੀ ਹੇਠ ਬੀਤੇ ਦਿਨੀਂ ਪਾਰਟੀ ਦੇ ਸੀਨੀਅਰ ਮੈਬਰਾਂ ਦੀ ਫਤਹਿਗੜ੍ਹ ਸਾਹਿਬ ਵਿੱਖੇ ਲੰਮਾਂ ਸਮਾਂ ਚੱਲੀ ਇਕੱਤਰਤਾ 'ਚ ਉਭਰਕੇ ਸਾਹਮਣੇ ਆਏ। ਇਸ ਮੀਟਿੰਗ 'ਚ ਉਪਰੋਕਤ ਮੁੱਦੇ ਤੋਂ ਇਲਾਵਾ ਮੁੱਖ ਮੰਤਰੀ ਪੰਜਾਬ ਵੱਲੋਂ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆ ਅਤੇ ਗੁਰੂ ਸਾਹਿਬਾਨ ਜੀ ਦੀਆਂ ਫੋਟੋਆਂ ਦੇ ਕੀਤੇ ਗਏ ਅਪਮਾਨ ਦੀ ਵੀਡੀਓ ਦੀ ਸਾਹਮਣੇ ਆਈ ਜਾਂਚ ਨੇ ਪ੍ਰਤੱਖ ਕਰ ਦਿੱਤਾ ਹੈ ਕਿ ਭਗਵੰਤ ਸਿੰਘ ਮਾਨ ਸਿੱਖ ਕੌਮ ਦਾ ਦੋਸ਼ੀ ਹੈ, ਜਿਸ ਵਿਰੁੱਧ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਹੋਏ ਫੈਸਲੇ ਨਾਲ ਅਸੀਂ ਸਹਿਮਤ ਹਾਂ, ਕਿਉਂਕਿ ਅਜਿਹੇ ਸਿੱਖ ਵਿਰੋਧੀ ਸੋਚ ਰੱਖਣ ਵਾਲੇ ਮੁੱਖ ਮੰਤਰੀ ਨੇ ਬਰਗਾੜੀ, ਮਸਤੂਆਣਾ ਸਾਹਿਬ ਵਿੱਖੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਹਾਜ਼ਰੀ 'ਚ ਸ਼ਰਾਬ ਪੀ ਕੇ ਆਉਣ ਦੇ ਅਮਲ ਉਸ ਦੇ ਸਿੱਖ ਧਰਮ ਵਿਰੋਧੀ ਕਾਰਵਾਈਆਂ ਨੂੰ ਸਾਬਤ ਕਰਦੇ ਹਨ । ਜਿਥੇ ਅਸੀਂ ਇਸ ਫੈਸਲੇ ਨਾਲ ਸਹਿਮਤ ਹਾਂ, ਉਥੇ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੀ ਸਰਬਉੱਚਤਾ ਨੂੰ ਕਾਇਮ ਰੱਖਣ ਲਈ 2 ਦਸੰਬਰ 2024 ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਫਸੀਲ ਤੋਂ ਹੋਏ ਹੁਕਮਨਾਮਿਆ ਨੂੰ ਵੀ ਲਾਗੂ ਕਰਵਾਉਣ ਅਤੇ ਉਸ ਦੀ ਉਲੰਘਣਾ ਕਰਨ ਵਾਲਿਆਂ ਨਾਲ ਕੌਮੀ ਮਰਿਯਾਦਾਵਾਂ ਅਨੁਸਾਰ ਸਿੱਝਣ ਦੀ ਜਿੰਮੇਵਾਰੀ ਨਿਭਾ ਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵਸ੍ਰੇਸ਼ਟ ਉੱਚਤਾ ਅਤੇ ਮਹਾਨਤਾ ਨੂੰ ਹਰ ਕੀਮਤ ਤੇ ਕਾਇਮ ਰੱਖਣਾ ਚਾਹੀਦਾ ਹੈ । ਇਕ ਹੋਰ ਫੈਸਲੇ ਰਾਹੀ 21 ਜੂਨ ਦੇ ਗੱਤਕਾ ਦਿਹਾੜੇ ਨੂੰ ਸਮੁੱਚੇ ਪੰਜਾਬ 'ਚ ਪੂਰੀ ਸਾਨੋ ਸੌਕਤ ਨਾਲ ਮਨਾਉਣ ਦਾ ਫੈਸਲਾ ਹੋਇਆ ਹੈ, ਉਥੇ ਗੁਰਬਾਣੀ ਅਤੇ ਸਿੱਖ ਸੋਚ ਵਿਰੋਧੀ 'ਯੋਗਾ' ਪਿੰਡਾਂ-ਸ਼ਹਿਰਾਂ ਦੇ ਗੁਰੂਘਰਾਂ 'ਚ ਕਰਵਾਏ ਜਾ ਰਹੇ ਪ੍ਰਚਾਰ ਤੇ ਪ੍ਰਸਾਰ ਦੀ ਸਖ਼ਤ ਸ਼ਬਦਾਂ 'ਚ ਨਿੰਦਾ ਕਰਦੇ ਹੋਏ ਇਸ ਨੂੰ ਕਦਾਚਿਤ ਪ੍ਰਵਾਨ ਨਾ ਕਰਨ ਅਤੇ ਸਿੱਖ ਪ੍ਰੰਪਰਾਵਾ ਤੇ ਪਹਿਰਾ ਦੇਣ ਦੀ ਗੱਲ ਕਰਦਾ ਹੈ । ਇਸਦੇ ਨਾਲ ਹੀ 'ਵੰਦੇ-ਮਾਤਰਮ' ਦੇ ਹਿੰਦੂਤਵ ਗਾਇਨ ਨਾਲ ਸਿੱਖ ਕੌਮ ਦਾ ਕੋਈ ਸੰਬੰਧ ਨਹੀਂ, ਸਾਡੇ ਗਾਇਨ 'ਦੇਹ ਸਿਵਾ ਬਰੁ ਮੋਹਿ ਇਹੈ ਸੁਭ ਕਰਮਨ ਤੇ ਕਬਹੂੰ ਨ ਟਰੋਂ' ਨੂੰ ਅਪਣਾਉਣ ਦੀ ਅਪੀਲ ਕਰਦੇ ਹਾਂ । ਇਕ ਹੋਰ ਫੈਸਲੇ ਰਾਹੀ ਜੋ 15 ਸਾਲਾਂ ਤੋਂ ਐਸ.ਜੀ.ਪੀ.ਸੀ ਦੀਆਂ ਹੁਕਮਰਾਨਾਂ ਵੱਲੋਂ ਚੋਣਾਂ ਨਾ ਕਰਵਾ ਕੇ ਸਾਡੀ ਜ਼ਮਹੂਰੀਅਤ ਭੰਗ ਕੀਤੀ ਹੋਈ ਹੈ, ਇਹ ਚੋਣਾਂ ਤੁਰੰਤ ਕਰਵਾ ਕੇ ਜ਼ਮਹੂਰੀਅਤ ਨੂੰ ਬਹਾਲ ਕੀਤਾ ਜਾਵੇ।



# ਐੱਸ.ਆਈ.ਆਰ. ਸਬੰਧੀ ਕਾਂਗਰਸ ਵਰਕਰਾਂ ਦੀ ਅਹਿਮ ਮੀਟਿੰਗ, ਵੋਟਰ ਸੂਚੀਆਂ ਦੀ ਦਰੁਸਤੀ ਲਈ ਲਾਮਬੰਦੀ 'ਤੇ ਜ਼ੋਰ

ਆ ਜ਼ਾਦ ਸੋਚ
ਅਵਤਾਰ ਸੈਣੀ/ਜ਼ੀਰਕਪੁਰ, 18 ਜੂਨ
======================

ਹਲਕਾ ਡੇਰਾਬੱਸੀ ਵਿੱਚ ਆਉਣ ਵਾਲੇ ਸਮੇਂ ਦੌਰਾਨ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਰਾਈ ਨਾਲ ਜਾਂਚ ਐੱਸ.ਆਈ.ਆਰ. ਨੂੰ ਲੈ ਕੇ ਕਾਂਗਰਸ ਪਾਰਟੀ ਵੱਲੋਂ ਤਿਆਰੀਆਂ ਤੇਜ਼ ਕਰ ਦਿੱਤੀਆਂ ਗਈਆਂ ਹਨ। ਇਸੇ ਕੜੀ ਤਹਿਤ ਅੱਜ ਹਲਕਾ ਡੇਰਾਬੱਸੀ ਦੇ ਕਾਂਗਰਸ ਪਾਰਟੀ ਦੇ ਹਲਕਾ ਇੰਚਾਰਜ ਦੀਪਇੰਦਰ ਸਿੰਘ ਢਿੱਲੋਂ ਦੀ ਅਗਵਾਈ ਹੇਠ ਹਲਕੇ ਦੇ ਸਮੂਹ ਵਰਕਰਾਂ ਦੀ ਇੱਕ ਅਹਿਮ ਮੀਟਿੰਗ ਪੰਜਾਬ ਕਾਂਗਰਸ ਪਾਰਟੀ ਦੇ ਆਬਜ਼ਰਵਰ ਹਰਪ੍ਰੀਤ ਸਿੰਘ ਨਾਲ ਹੋਈ। ਮੀਟਿੰਗ ਦੌਰਾਨ ਐੱਸ.ਆਈ.ਆਰ. ਸਬੰਧੀ ਵਿਸਥਾਰਪੂਰਵਕ ਚਰਚਾ ਕੀਤੀ ਗਈ ਅਤੇ ਪਾਰਟੀ ਵਰਕਰਾਂ ਨੂੰ ਇਸ ਮੁਹਿੰਮ ਲਈ ਪੂਰੀ ਤਰ੍ਹਾਂ ਤਿਆਰ ਰਹਿਣ ਦੇ ਨਿਰਦੇਸ਼ ਦਿੱਤੇ ਗਏ।ਮੀਟਿੰਗ ਦੌਰਾਨ ਬੋਲਦਿਆਂ ਦੀਪਇੰਦਰ ਸਿੰਘ ਢਿੱਲੋਂ ਨੇ ਕਿਹਾ ਕਿ ਲੋਕਤੰਤਰ ਦੀ ਮਜ਼ਬੂਤੀ ਲਈ ਵੋਟਰ ਸੂਚੀਆਂ ਦਾ ਸਹੀ ਅਤੇ ਪਾਰਦਰਸ਼ੀ ਹੋਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਹਰ ਯੋਗ ਨਾਗਰਿਕ ਦਾ ਨਾਮ ਵੋਟਰ ਸੂਚੀ ਵਿੱਚ ਸ਼ਾਮਲ ਹੋਣਾ ਚਾਹੀਦਾ ਹੈ ਅਤੇ ਜਿਨ੍ਹਾਂ ਨਾਮਾਂ ਵਿੱਚ ਕੋਈ ਗਲਤੀ ਜਾਂ ਤਰੁੱਟੀ ਹੈ, ਉਨ੍ਹਾਂ ਨੂੰ ਸਮੇਂ ਸਿਰ ਦਰੁਸਤ ਕਰਵਾਉਣਾ ਲਾਜ਼ਮੀ ਹੈ। ਉਨ੍ਹਾਂ ਵਰਕਰਾਂ ਨੂੰ ਕਿਹਾ ਕਿ ਉਹ ਆਪਣੇ-ਆਪਣੇ ਖੇਤਰਾਂ ਵਿੱਚ ਜਾ ਕੇ ਲੋਕਾਂ ਨਾਲ ਸੰਪਰਕ ਕਰਨ ਅਤੇ ਉਨ੍ਹਾਂ ਨੂੰ ਵੋਟਰ ਸੂਚੀ ਦੀ ਜਾਂਚ ਅਤੇ ਸੋਧ ਦੀ ਪ੍ਰਕਿਰਿਆ ਬਾਰੇ ਜਾਣੂ ਕਰਵਾਉਣ।ਪੰਜਾਬ ਕਾਂਗਰਸ ਪਾਰਟੀ ਦੇ ਆਬਜ਼ਰਵਰ ਹਰਪ੍ਰੀਤ ਸਿੰਘ ਨੇ ਵੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਐੱਸ.ਆਈ.ਆਰ. ਦੀ ਪ੍ਰਕਿਰਿਆ ਨੂੰ ਬਹੁਤ ਗੰਭੀਰਤਾ ਨਾਲ ਲੈਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਵੋਟ ਲੋਕਤੰਤਰ ਦੀ ਸਭ ਤੋਂ ਵੱਡੀ ਤਾਕਤ ਹੈ ਅਤੇ ਹਰ ਇੱਕ ਸਹੀ ਵੋਟ ਦਾ ਸੁਰੱਖਿਅਤ ਰਹਿਣਾ ਬਹੁਤ ਜ਼ਰੂਰੀ ਹੈ। ਇਸ ਦੇ ਨਾਲ ਹੀ ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਜਿਹੜੀਆਂ ਵੋਟਾਂ ਨਿਯਮਾਂ ਅਨੁਸਾਰ ਯੋਗ ਨਹੀਂ ਹਨ ਜਾਂ ਜਿਨ੍ਹਾਂ ਵਿੱਚ ਕੋਈ ਤਕਨੀਕੀ ਗੜਬੜ ਹੈ, ਉਨ੍ਹਾਂ ਨੂੰ ਨਿਯਮਾਂ ਮੁਤਾਬਕ ਹਟਾਉਣ ਦੀ ਪ੍ਰਕਿਰਿਆ ਵੀ ਸੁਚਾਰੂ ਢੰਗ ਨਾਲ ਕੀਤੀ ਜਾਣੀ ਚਾਹੀਦੀ ਹੈ। ਮੀਟਿੰਗ ਵਿੱਚ ਹਾਜ਼ਰ ਵਰਕਰਾਂ ਨੂੰ ਵੋਟਰ ਸੂਚੀਆਂ ਦੀ ਜਾਂਚ, ਨਵੇਂ ਵੋਟਰਾਂ ਦੀ ਰਜਿਸਟ ?ਰੇਸ਼ਨ, ਨਾਮਾਂ ਦੀ ਸੋਧ ਅਤੇ ਹੋਰ ਸਬੰਧਤ ਕਾਰਵਾਈਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਉਨ੍ਹਾਂ ਨੂੰ ਹਦਾਇਤ ਕੀਤੀ ਗਈ ਕਿ ਉਹ ਘਰ-ਘਰ ਜਾ ਕੇ ਲੋਕਾਂ ਨੂੰ ਜਾਗਰੂਕ ਕਰਨ ਅਤੇ ਇਹ ਯਕੀਨੀ ਬਣਾਉਣ ਕਿ ਕੋਈ ਵੀ ਯੋਗ ਵੋਟਰ ਆਪਣੇ ਵੋਟ ਦੇ ਅਧਿਕਾਰ ਤੋਂ ਵਾਂਝਾ ਨਾ ਰਹਿ ਜਾਵੇ। ਮੀਟਿੰਗ ਦੇ ਅੰਤ ਵਿੱਚ ਸਮੂਹ ਵਰਕਰਾਂ ਨੇ ਪਾਰਟੀ ਦੀਆਂ ਹਦਾਇਤਾਂ ਅਨੁਸਾਰ ਪੂਰੀ ਤਨਦੇਹੀ ਨਾਲ ਕੰਮ ਕਰਨ ਦਾ ਭਰੋਸਾ ਦਿੱਤਾ ਅਤੇ ਐੱਸ.ਆਈ.ਆਰ. ਪ੍ਰਕਿਰਿਆ ਨੂੰ ਸਫਲ ਬਣਾਉਣ ਲਈ ਇਕਜੁੱਟ ਹੋ ਕੇ ਕੰਮ ਕਰਨ ਦਾ ਸੰਕਲਪ ਲਿਆ। ਕਾਂਗਰਸ ਆਗੂਆਂ ਨੇ ਕਿਹਾ ਕਿ ਵੋਟਰ ਸੂਚੀਆਂ ਦੀ ਸਹੀ ਦਰੁਸਤੀ ਅਤੇ ਪਾਰਦਰਸ਼ਤਾ ਨੂੰ ਯਕੀਨੀ ਬਣਾਉਣ ਲਈ ਪਾਰਟੀ ਹਰ ਪੱਧਰ 'ਤੇ ਲੋਕਾਂ ਦੇ ਨਾਲ ਖੜ੍ਹੀ ਰਹੇਗੀ।



## ਸੰਪਾਦਕੀ

## ਆਜ਼ਾਦ ਸੋਚ

### ਕੁਦਰਤ ਵੱਲ ਪਰਤਣ ਦਾ ਵੇਲਾ

ਪੰਜਾਬੀ ਦੀ ਇਕ ਮਸ਼ਹੂਰ ਕਹਾਵਤ ਹੈ ਕਿ ਮੱਛੀ ਪੱਥਰ ਚੱਟ ਕੇ ਮੁੜਦੀ ਹੈ, ਇਹ ਬਿਲਕੁਲ ਸੱਚ ਅਤੇ ਅਜੋਕੇ ਸਮੇਂ 'ਚ ਬਿਲਕੁਲ ਸਹੀ ਢੁਕਦੀ ਨਜ਼ਰ ਆਉਂਦੀ ਹੈ। ਮੱਧ ਪੂਰਬੀ ਦੇਸ਼ਾਂ ਦੇ ਟਕਰਾਅ ਕਰਕੇ ਦੇਸ਼ ਦੀ ਆਰਥਿਕਤਾ ਤੇ ਖ਼ਤਰਾ ਮੰਡਰਾ ਰਿਹਾ ਹੈ, ਇਹੀ ਕਾਰਨ ਹੈ ਕਿ ਪ੍ਰਧਾਨ ਮੰਤਰੀ ਦੁਆਰਾ ਆਪਣੇ ਸਰੁੱਖਿਅਤ ਅਮਲੇ ਨੂੰ ਘਟਾਉਣਾ, ਦੇਸ਼ ਵਾਸੀਆਂ ਨੂੰ ਪੈਟਰੋਲ ਡੀਜ਼ਲ, ਸਰੋਂ ਦੇ ਤੇਲ ਦੀ ਖ਼ਪਤ ਘੱਟ ਕਰਨ ਅਤੇ ਇਕ ਸਾਲ ਤੱਕ ਸੋਨੇ ਅਤੇ ਚਾਂਦੀ ਦੀ ਖ਼ਰੀਦ ਨਾ ਕਰਨ ਦਾ ਸੁਨੇਹਾ ਦਿੱਤਾ ਹੈ। ਪ੍ਰਧਾਨ ਮੰਤਰੀ ਦੇ ਸੰਦੇਸ਼ ਮੁਤਾਬਿਕ ਲੋੜ ਅਨੁਸਾਰ ਪੈਟਰੋਲ-ਡੀਜ਼ਲ ਦੀ ਵਰਤੋਂ ਕਰੋ, ਹੋ ਸਕੇ ਤਾਂ ਜਨਤਕ ਟਰਾਂਸਪੋਰਟ ਬੱਸਾਂ ਤੇ ਮੈਟਰੋ ਦਾ ਸਹਾਰਾ ਲਿਆ ਜਾਵੇ। ਪ੍ਰਧਾਨ ਮੰਤਰੀ ਜੀ ਦੀ ਅਪੀਲ ਤੋਂ ਬਾਅਦ ਵੱਖ ਵੱਖ ਰਾਜਾਂ ਦੇ ਮੁੱਖ ਮੰਤਰੀਆਂ ਨੇ ਵੀ ਆਪਣੀ ਸਰੁੱਖਿਆ 'ਚ ਕਮੀ ਲਿਆਂਦੀ ਹੈ। ਦਿੱਲੀ ਦੀ ਮੁੱਖ ਮੰਤਰੀ ਰੇਖਾ ਗੁਪਤਾ ਨੇ ਤਾਂ ਦੋ ਦਿਨ ਵਰਕ ਫਰਾਮ ਹੋਮ ਭਾਵ ਘਰ ਤੋਂ ਕੰਮ ਕਰਨ ਦਾ ਐਲਾਨ ਕੀਤਾ ਹੈ। ਆਪਣੇ ਅਧਿਕਾਰੀਆਂ ਦਾ ਵਿਦੇਸ਼ੀ ਦੌਰਾ ਵੀ ਰੱਦ ਕਰ ਦਿੱਤਾ ਹੈ। ਇਸ ਜੰਗ ਦੇ ਪਰਛਾਵੇਂ ਹੇਠ ਸਭ ਤੋਂ ਪਹਿਲਾਂ ਘਰੇਲੂ ਗੈਸ ਸਪਲਾਈ ਪ੍ਰਭਾਵਿਤ ਹੋਈ। ਇਕ ਵਾਰ ਸਿਲੰਡਰ ਬੂਕਿੰਗ ਕਰਵਾਏ ਤੋਂ ਬਾਅਦ ਅਗਲਾ ਸਿਲੰਡਰ ਪੰਤਾਲੀ ਦਿਨਾਂ ਬਾਅਦ ਬੜੀ ਮੁਸ਼ਿਕਲ ਨਾਲ ਮਿਲਣ ਲੱਗਾ, ਡਿਸਟਰੀਬਿਊਟਰਾਂ ਦੁਆਰਾ ਵਾਰ-ਵਾਰ ਸਪਲਾਈ ਨਹੀਂ ਆਈ ਦੀ ਗੱਲ ਆਖੀ ਜਾਣ ਲੱਗੀ। ਜਿਹੜੇ ਪਰਿਵਾਰ ਛੋਟੇ ਹਨ, ਉਹ ਤਾਂ ਔਖਾ ਸੌਖਾ ਲੱਕੜੀ ਬਾਲਣ ਦੀ ਮਦਦ ਨਾਲ ਪੰਤਾਲੀ ਦਿਨ ਉਡੀਕ ਕਰ ਲੈਣਗੇ ਪਰ ਜਿਹੜੇ ਪਰਿਵਾਰ ਵੱਡੇ ਹਨ, ਜਿਨ੍ਹਾਂ ਕੋਲ ? ਲੱਕੜੀ ਬਾਲਣ ਵੀ ਨਹੀਂ, ਉਹ ਭੋਜਨ ਕਿਵੇਂ ਬਣਾਉਣੇ ਇਹ ਚਿੰਤਾ ਵਾਲੀ ਗੱਲ ਹੈ। ਇਹ ਸਾਰਾ ਸੰਕਟ ਜੋ ਦੇਸ਼ 'ਤੇ ਮੰਡਰਾ ਰਿਹਾ ਹੈ ਇਹ ਕੋਈ ਨਵੀਂ ਗੱਲ ਨਹੀਂ, ਜਿਸ ਤਰ੍ਹਾਂ ਮਨੁੱਖ ਨੇ ਕੰਕਰੀਟਾਂ ਦੇ ਜੰਗਲ ਉਸਾਰ ਅੱਖਾਂ 'ਤੇ ਲਾਲਚ ਦੀ ਪੱਟੀ ਬੰਨ੍ਹ ਕੁਦਰਤ ਦੇ ਵਿਨਾਸ਼ ਕਰਨ ਦਾ ਬੀੜਾ ਚੁੱਕਿਆ ਹੈ, ਇਸ ਦੇ ਨਤੀਜੇ ਤਾਂ ਇਕ ਦਿਨ ਭੁਗਤਣੇ ਪੈਣੇ ਸਨ, ਜਿਨ੍ਹਾਂ ਦੀ ਸ਼ੁਰੂਆਤ ਹੋਈ ਜਾਪਦੀ ਹੈ। ਅੰਕੜੇ ਕੁਝ ਵੀ ਕਹਿਣ ਕਿ ਦੇਸ਼ ਕੋਲ ਦੋ ਮਹੀਨਿਆਂ ਦਾ ਸਟਾਕ ਮੌਜੂਦ ਹੈ ਪਰ ਆਮ ਵਿਅਕਤੀ ਸ਼ਸ਼ੋਪੰਜ 'ਚ ਹੈ ਕਿ ਕੱਲ੍ਹ ਨੂੰ ਕੀ ਕਰਾਂਗੇ ? ਅੱਜ ਪੈਟਰੋਲ ਅਤੇ ਡੀਜ਼ਲ ਦਾ ਬਦਲ ਲੱਭਿਆ ਜਾ ਰਿਹਾ ਹੈ । ਹੁਣ ਅਸੀਂ ਫ਼ਾਲਤੂ ਖ਼ਰਚੇ ਘਟਾਉਣ ਦੀ ਗੱਲ ਕਰ ਰਹੇ ਹਾਂ, ਜੇਕਰ ਪਹਿਲਾਂ ਹੀ ਸੰਭਲੇ ਹੁੰਦੇ ਤਾਂ ਸ਼ਾਇਦ ਇਹ ਦਿਨ ਨਾ ਦੇਖਣੇ ਪੈਂਦੇ, ਮਨੁੱਖ ਦੀ ਫ਼ਤਰਤ ਹੀ ਮੱਛੀ ਦੀ ਤਰ੍ਹਾਂ ਹੈ ਜੋ ਪੱਥਰ ਨੂੰ ਇਕ ਵਾਰ ਤਾਂ ਚੱਟ ਕੇ ਹੀ ਵਾਪਸ ਮੁੜਦਾ ਹੈ। ਲੋਕਾਂ ਨੂੰ ਜਿੱਥੇ ਅਜਿਹੇ ਹਾਲਤਾਂ 'ਚ ਸੰਯਮਤਾ ਵਰਤਣੀ ਹੋਵੇਗੀ, ਉੱਥੇ ਸਰਕਾਰ ਨੂੰ ਵੀ ਲੋਕਾਂ 'ਚ ਪੈਦਾ ਹੋਏ ਡਰ ਨੂੰ ਘੱਟ ਕਰਨ ਲਈ ਯਤਨ ਕਰਨੇ ਹੋਣਗੇ ਤਾਂ ਜੋ ਸਹਿਮ ਦਾ ਮਾਹੌਲ ਨਾ ਬਣੇ।




Published, Printed and Owned by Anil Kumar Garg, Published at Street No-11, Manshahia Colony, Near Grewal Filling Station, Sangrur, Punjab State, Pin-148001, Printed at- Tejas Printers, Opposite Government High School, Patiala Cant., Dhamomajra Road, Patiala, Punjab State, Pin-147001. Editor- Surinder Kumar

# ਸੰਵਿਧਾਨ ਦੇ 73ਵੇਂ ਅਤੇ 74ਵੇਂ ਸੋਧ, ਧਾਰਾ 243-ਕਿਉਂ, ਰਾਜ ਨਗਰਪਾਲਿਕਾ ਐਕਟਾਂ ਅਤੇ ਜਨਗਣਨਾ ਮਿਆਰਾਂ ਲਈ ਪੇਂਡੂ-ਸ਼ਹਿਰੀ ਪ੍ਰਸ਼ਾਸਨ ਦੇ ਇਹਨਾਂ ਰਵਾਇਤੀ ਮਾਪਦੰਡਾਂ ਦੀ ਤੁਰੰਤ ਸੋਧ ਦੀ ਲੋੜ

ਗੋਂਡੀਆ - ਵਿਸ਼ਵ ਪੱਧਰ 'ਤੇ, ਭਾਰਤ ਦੁਨੀਆ ਦੇ ਸਭ ਤੋਂ ਤੇਜ਼ੀ ਨਾਲ ਸ਼ਹਿਰੀਕਰਨ ਕਰ ਰਹੇ ਦੇਸ਼ਾਂ ਵਿੱਚੋਂ ਇੱਕ ਹੈ। ਦੇਸ਼ ਦੇ ਹਜ਼ਾਰਾਂ ਪਿੰਡ ਅਸਲ ਵਿੱਚ ਛੋਟੇ ਅਤੇ ਵੱਡੇ ਸ਼ਹਿਰਾਂ ਵਿੱਚ ਬਦਲ ਗਏ ਹਨ। ਉਹ ਬਹੁ-ਮੰਜ਼ਿਲਾ ਇਮਾਰਤਾਂ, ਉਦਯੋਗਿਕ ਸਥਾਪਨਾਵਾਂ, ਨਿੱਜੀ ਹਸਪਤਾਲਾਂ, ਵਿਦਿਅਕ ਸੰਸਥਾਵਾਂ, ਬਾਜ਼ਾਰਾਂ, ਬੈਂਕਿੰਗ ਸਹੂਲਤਾਂ, ਇੰਟਰਨੈਟ ਕਨੈਕਟੀਵਿਟੀ, ਪੱਕੀਆਂ ਸੜਕਾਂ ਅਤੇ ਲੱਖਾਂ ਦੀ ਆਬਾਦੀ ਦਾ ਮਾਣ ਕਰਦੇ ਹਨ। ਇਸ ਦੇ ਬਾਵਜੂਦ, ਉਹ ਅਜੇ ਵੀ ਸਰਕਾਰੀ ਰਿਕਾਰਡਾਂ ਵਿੱਚ ÷ਪਿੰਡਾਂ÷ ਵਜੋਂ ਸੂਚੀਬੱਧ ਹਨ। ਇਸ ਦੇ ਉਲਟ, ਕੁਝ ਖੇਤਰਾਂ ਵਿੱਚ, ਉਸੇ ਭੂਗੋਲਿਕ ਖੇਤਰ ਦਾ ਇੱਕ ਹਿੱਸਾ ਨਗਰ ਕੌਂਸਲ ਜਾਂ ਨਗਰ ਨਿਗਮ ਦੇ ਅਧੀਨ ਹੈ, ਜਦੋਂ ਕਿ ਦੂਜਾ ਹਿੱਸਾ ਗ੍ਰਾਮ ਪੰਚਾਇਤ ਦੇ ਅਧੀਨ ਹੈ। ਅਜਿਹੀ ਸਥਿਤੀ ਵਿੱਚ, ਉਸੇ ਖੇਤਰ ਦੇ ਨਾਗਰਿਕਾਂ ਨੂੰ ਵਿਕਾਸ ਯੋਜਨਾਵਾਂ, ਬੁਨਿਆਦੀ ਢਾਂਚੇ ਅਤੇ ਪ੍ਰਸ਼ਾਸਕੀ ਪ੍ਰਬੰਧਾਂ ਦੇ ਮਾਮਲੇ ਵਿੱਚ ਵੱਖੋ-ਵੱਖਰੇ ਵਿਵਹਾਰ ਦਾ ਸਾਹਮਣਾ ਕਰਨਾ ਪੈਂਦਾ ਹੈ। ਇਹ ਸਥਿਤੀ ਵਿਕਾਸ ਯੋਜਨਾਬੰਦੀ ਦੇ ਦ੍ਰਿਸ਼ਟੀਕੋਣ ਤੋਂ ਇੱਕ ਗੰਭੀਰ ਚਿੰਤਾ ਬਣ ਗਈ ਹੈ, ਅਤੇ ਹੁਣ ਪਿੰਡਾਂ ਅਤੇ ਸ਼ਹਿਰਾਂ ਨੂੰ ਪਰਿਭਾਸ਼ਿਤ ਕਰਨ ਲਈ ਮਾਪਦੰਡਾਂ ਦੀ ਵਿਆਪਕ ਸਮੀਖਿਆ ਦੀ ਮੰਗ ਵੱਧ ਰਹੀ ਹੈ। ਮੈਂ, ਐਡਵੋਕੇਟ ਕਿਸ਼ਨ ਸੰਮੁਖਦਾਸ ਭਵਨਾਨੀ, ਗੋਂਡੀਆ, ਮਹਾਰਾਸ਼ਟਰ, ਸਰਕਾਰ ਦਾ ਧਿਆਨ ਇਸ ਤੱਥ ਵੱਲ ਗੰਭੀਰਤਾ ਨਾਲ ਖਿੱਚਣਾ ਚਾਹੁੰਦਾ ਹਾਂ ਕਿ ਮੈਂ ਸ਼ਹਿਰਾਂ ਵਿੱਚ ਬਹੁਤ ਸਾਰੀਆਂ ਥਾਵਾਂ ਵੇਖੀਆਂ ਹਨ ਜਿੱਥੇ ਸੜਕਾਂ, ਨਦੀਆਂ ਅਤੇ ਨਾਲੀਆਂ ਨੂੰ ਦੂਜੇ ਪਾਸੇ ਸ਼ਹਿਰਾਂ ਅਤੇ ਪਿੰਡਾਂ ਦੁਆਰਾ ਵੱਖ ਕੀਤਾ ਜਾਂਦਾ ਹੈ, ਜਿਸ ਨਾਲ ਬਿਜਲੀ ਦੇ ਬਿੱਲਾਂ ਅਤੇ ਘਰ ਟੈਕਸਾਂ ਤੋਂ ਲੈ ਕੇ ਜੀਵਨ ਸ਼ੈਲੀ ਤੱਕ ਹਰ ਪੱਧਰ 'ਤੇ ਵਿਤਕਰਾ ਹੁੰਦਾ ਹੈ। ਅਸਲੀਅਤ ਵਿੱਚ, ਕਿਸੇ ਖੇਤਰ ਨੂੰ ਪਿੰਡ ਜਾਂ ਸ਼ਹਿਰ ਘੋਸ਼ਿਤ ਕਰਨਾ ਸਿਰਫ਼ ਇੱਕ ਪ੍ਰਸ਼ਾਸਕੀ ਰਸਮ ਨਹੀਂ ਹੈ, ਸਗੋਂ ਇਸਦੇ ਦੂਰਗਾਮੀ ਪ੍ਰਭਾਵ ਹਨ। ਕਿਸੇ ਖੇਤਰ ਦੀ ਸਥਿਤੀ ਇਹ ਨਿਰਧਾਰਤ ਕਰਦੀ ਹੈ ਕਿ ਵਿਕਾਸ ਯੋਜਨਾਵਾਂ ਕਿਵੇਂ ਲਾਗੂ ਕੀਤੀਆਂ ਜਾਣਗੀਆਂ, ਸਥਾਨਕ ਪ੍ਰਸ਼ਾਸਨ ਦੀ ਕਿਸਮ ਜੋ ਕੰਮ ਕਰੇਗੀ, ਨਾਗਰਿਕਾਂ ਲਈ ਉਪਲਬਧ ਸਹੂਲਤਾਂ, ਟੈਕਸਾਂ ਦੀਆਂ ਕਿਸਮਾਂ, ਭੂਮੀ ਵਰਤੋਂ ਨੀਤੀ, ਅਤੇ ਬੁਨਿਆਦੀ ਢਾਂਚਾ ਵਿਕਾਸ ਕਿਸ ਦਿਸ਼ਾ ਵਿੱਚ ਹੋਵੇਗਾ। ਜੇਕਰ ਕੋਈ ਖੇਤਰ ਗ੍ਰਾਮ ਪੰਚਾਇਤ ਦੇ ਅਧਿਕਾਰ ਖੇਤਰ ਵਿੱਚ ਹੈ, ਤਾਂ ਇਹ ਪੇਂਡੂ ਵਿਕਾਸ ਪ੍ਰੋਗਰਾਮਾਂ ਦੁਆਰਾ ਵਧੇਰੇ ਪ੍ਰਭਾਵਿਤ ਹੁੰਦਾ ਹੈ, ਜਦੋਂ ਕਿ ਨਗਰ ਕੌਂਸਲ, ਨਗਰਪਾਲਿਕਾ, ਜਾਂ ਨਗਰ ਨਿਗਮ ਖੇਤਰ ਵਿੱਚ ਸ਼ਾਮਲ ਕਰਨ ਨਾਲ ਸ਼ਹਿਰੀ ਵਿਕਾਸ ਯੋਜਨਾਵਾਂ, ਸੀਵਰੇਜ ਪ੍ਰਣਾਲੀਆਂ, ਸ਼ਹਿਰੀ ਆਵਾਜਾਈ, ਸਮਾਰਟ ਬੁਨਿਆਦੀ ਢਾਂਚੇ ਅਤੇ ਯੋਜਨਾਬੱਧ ਵਿਕਾਸ ਤੱਕ ਪਹੁੰਚ ਮਿਲਦੀ ਹੈ। ਇਸ ਲਈ, ਜੇਕਰ ਕਿਸੇ ਖੇਤਰ ਦੀ ਅਸਲ ਸਥਿਤੀ ਅਤੇ ਇਸਦੇ ਅਧਿਕਾਰਤ ਵਰਗੀਕਰਨ ਵਿੱਚ ਕੋਈ ਅੰਤਰ ਹੈ, ਤਾਂ ਇਹ ਸਿੱਧੇ ਤੌਰ 'ਤੇ ਨਾਗਰਿਕਾਂ ਦੇ ਜੀਵਨ ਪੱਧਰ ਅਤੇ ਵਿਕਾਸ ਦੇ ਮੌਕਿਆਂ ਨੂੰ ਪ੍ਰਭਾਵਤ ਕਰਦਾ ਹੈ।

ਦੋਸਤੋ, ਭਾਰਤ ਵਿੱਚ ਕਿਸੇ ਪਿੰਡ ਦੀ ਕੋਈ ਇਕਸਾਰ ਰਾਸ਼ਟਰੀ ਕਾਨੂੰਨੀ ਪਰਿਭਾਸ਼ਾ ਨਹੀਂ ਹੈ। ਪਿੰਡਾਂ ਦੀ ਪਛਾਣ ਆਮ ਤੌਰ 'ਤੇ ਰਾਜ ਦੇ ਮਾਲੀਆ ਰਿਕਾਰਡਾਂ ਅਤੇ ਪੰਚਾਇਤ ਕਾਨੂੰਨਾਂ ਦੇ ਅਧਾਰ 'ਤੇ ਕੀਤੀ ਜਾਂਦੀ ਹੈ। ਗ੍ਰਾਮ ਪੰਚਾਇਤਾਂ ਸੰਵਿਧਾਨ ਦੇ ਭਾਗ 9√ ਅਤੇ ਪੰਚਾਇਤੀ ਰਾਜ ਪ੍ਰਣਾਲੀ ਦੇ ਅਧੀਨ ਸਥਾਪਿਤ ਕੀਤੀਆਂ ਜਾਂਦੀਆਂ ਹਨ, ਅਤੇ ਰਾਜ ਸਰਕਾਰਾਂ ਆਪਣੇ ਪੰਚਾਇਤ ਐਕਟਾਂ ਦੇ ਅਨੁਸਾਰ ਪਿੰਡਾਂ ਦਾ ਪ੍ਰਬੰਧਨ ਕਰਦੀਆਂ ਹਨ। ਇੱਕ ਖੇਤਰ ਨੂੰ ਆਮ ਤੌਰ 'ਤੇ ਪੇਂਡੂ ਮੰਨਿਆ ਜਾਂਦਾ ਹੈ ਜੇਕਰ ਇਹ ਮਾਲੀਆ ਰਿਕਾਰਡਾਂ ਵਿੱਚ ਇੱਕ ਪਿੰਡ ਵਜੋਂ ਰਜਿਸਟਰਡ ਹੈ, ਇੱਕ ਗ੍ਰਾਮ ਪੰਚਾਇਤ ਦੇ ਪ੍ਰਬੰਧਕੀ ਅਧਿਕਾਰ ਖੇਤਰ ਵਿੱਚ ਆਉਂਦਾ ਹੈ, ਅਤੇ ਇੱਕ ਨਗਰਪਾਲਿਕਾ ਸੰਸਥਾ ਦੀਆਂ ਸੀਮਾਵਾਂ ਤੋਂ ਬਾਹਰ ਸਥਿਤ ਹੈ। ਹਾਲਾਂਕਿ, ਪਿਛਲੇ ਕੁਝ ਦਹਾਕਿਆਂ ਵਿੱਚ, ਬਹੁਤ ਸਾਰੇ ਪਿੰਡ ਵਿਕਸਤ ਹੋਏ ਹਨ ਜਿੱਥੇ ਖੇਤੀਬਾੜੀ ਗਤੀਵਿਧੀਆਂ ਦੀ ਥਾਂ ਉਦਯੋਗ, ਵਪਾਰ ਅਤੇ ਸੇਵਾ ਖੇਤਰ ਨੇ ਲੈ ਲਈ ਹੈ, ਫਿਰ ਵੀ ਉਨ੍ਹਾਂ ਦੀ ਪ੍ਰਸ਼ਾਸਕੀ ਸਥਿਤੀ ਵਿੱਚ ਕੋਈ ਬਦਲਾਅ ਨਹੀਂ ਆਇਆ ਹੈ।

ਦੋਸਤੋ, ਭਾਰਤ ਵਿੱਚ ਸ਼ਹਿਰਾਂ ਨੂੰ ਮੁੱਖ ਤੌਰ 'ਤੇ ਦੋ ਸ਼੍ਰੇਣੀਆਂ ਵਿੱਚ ਸ਼੍ਰੇਣੀਬੱਧ ਕੀਤਾ ਗਿਆ ਹੈ: ਕਾਨੂੰਨੀ ਕਸਬੇ ਅਤੇ ਜਨਗਣਨਾ ਕਸਬੇ। ਕਾਨੂੰਨੀ ਕਸਬੇ ਉਹ ਹਨ ਜੋ ਰਾਜ ਸਰਕਾਰ ਦੁਆਰਾ ਇੱਕ ਕਾਨੂੰਨ ਅਧੀਨ ਨਗਰ ਨਿਗਮ, ਨਗਰ ਕੌਂਸਲ, ਨਗਰਪਾਲਿਕਾ, ਜਾਂ ਕਸਬਾ ਪੰਚਾਇਤ ਵਜੋਂ ਸੂਚਿਤ ਕੀਤੇ ਜਾਂਦੇ ਹਨ। ਉਹ ਰਾਜ ਦੇ ਨਗਰਪਾਲਿਕਾ ਐਕਟਾਂ ਅਧੀਨ ਸਥਾਪਿਤ ਕੀਤੇ ਜਾਂਦੇ ਹਨ, ਅਤੇ ਰਾਜ ਸਰਕਾਰ ਕੋਲ ਉਨ੍ਹਾਂ ਨੂੰ ਬਣਾਉਣ ਦਾ ਅੰਤਮ ਅਧਿਕਾਰ ਹੁੰਦਾ ਹੈ। ਨਗਰ ਨਿਗਮ, ਨਗਰਪਾਲਿਕਾ ਕੌਂਸਲ, ਨਗਰਪਾਲਿਕਾ ਅਤੇ ਕਸਬਾ ਪੰਚਾਇਤਾਂ ਇਸ ਸ਼੍ਰੇਣੀ ਵਿੱਚ ਆਉਂਦੀਆਂ ਹਨ। ਰਾਜ ਸਰਕਾਰਾਂ ਕਿਸੇ ਖੇਤਰ ਦੀ ਆਬਾਦੀ, ਆਰਥਿਕ ਗਤੀਵਿਧੀਆਂ, ਮਾਲੀਆ ਸੰਭਾਵਨਾ ਅਤੇ ਸ਼ਹਿਰੀ ਚਰਿੱਤਰ ਦੇ ਅਧਾਰ ਤੇ ਅਜਿਹੀਆਂ ਸੰਸਥਾਵਾਂ ਸਥਾਪਤ ਕਰਦੀਆਂ ਹਨ। ਦੂਜੇ ਪਾਸੇ, ਜਨਗਣਨਾ ਕਸਬੇ ਦੀ ਧਾਰਨਾ ਭਾਰਤ ਦੀ ਜਨਗਣਨਾ ਦੁਆਰਾ ਵਿਕਸਤ ਕੀਤੀ ਗਈ ਸੀ। ਜਨਗਣਨਾ ਦੇ ਅਨੁਸਾਰ, ਇੱਕ ਖੇਤਰ ਨੂੰ ਜਨਗਣਨਾ ਕਸਬਾ ਮੰਨਿਆ ਜਾਂਦਾ ਹੈ ਜੇਕਰ ਇਹ ਤਿੰਨ ਨਿਰਧਾਰਤ ਮਾਪਦੰਡਾਂ ਨੂੰ ਪੂਰਾ ਕਰਦਾ ਹੈ: ਪਹਿਲਾ, ਖੇਤਰ ਦੀ ਆਬਾਦੀ ਘੱਟੋ ਘੱਟ 5,000 ਹੋਣੀ ਚਾਹੀਦੀ ਹੈ। ਦੂਜਾ, ਆਬਾਦੀ ਘਣਤਾ ਪ੍ਰਤੀ ਵਰਗ ਕਿਲੋਮੀਟਰ ਘੱਟੋ ਘੱਟ 400 ਵਿਅਕਤੀ ਹੋਣੀ ਚਾਹੀਦੀ ਹੈ। ਤੀਜਾ, ਘੱਟੋ-ਘੱਟ 75 ਪ੍ਰਤੀਸ਼ਤ ਪੁਰਸ਼ ਮੁੱਖ ਕਾਰਜਬਲ ਖੇਤੀਬਾੜੀ ਦੀ ਬਜਾਏ ਗੈਰ-ਖੇਤੀਬਾੜੀ ਗਤੀਵਿਧੀਆਂ ਵਿੱਚ ਲੱਗੇ ਹੋਣੇ ਚਾਹੀਦੇ ਹਨ। ਇਹ ਮਾਪਦੰਡ ਮੁੱਖ ਤੌਰ 'ਤੇ 1961 ਦੀ ਮਰਦਮਸ਼ੁਮਾਰੀ ਦੌਰਾਨ ਅਪਣਾਏ ਗਏ ਸਨ ਅਤੇ ਅੱਜ ਵੱਡੇ ਪੱਧਰ 'ਤੇ ਵਰਤੇ ਜਾਂਦੇ ਹਨ।

ਦੋਸਤੋ, ਇਹੀ ਸਮੱਸਿਆ ਸ਼ੁਰੂ ਹੁੰਦੀ ਹੈ। 1961 ਦਾ ਭਾਰਤ ਅਤੇ 2026 ਦਾ ਭਾਰਤ ਬਿਲਕੁਲ ਵੱਖਰੇ ਹਨ। ਛੇ ਦਹਾਕੇ ਪਹਿਲਾਂ, ਦੇਸ਼ ਦੀ ਆਰਥਿਕਤਾ ਮੁੱਖ ਤੌਰ 'ਤੇ ਖੇਤੀਬਾੜੀ-ਅਧਾਰਤ ਸੀ, ਉਦਯੋਗੀਕਰਨ ਸੀਮਤ ਸੀ, ਸ਼ਹਿਰ ਮੁਕਾਬਲਤਨ ਛੋਟੇ ਸਨ, ਅਤੇ ਪੇਂਡੂ ਆਬਾਦੀ ਬਹੁਤ ਜ਼ਿਆਦਾ ਸੀ। ਅੱਜ, ਸਥਿਤੀ ਪੂਰੀ ਤਰ੍ਹਾਂ ਬਦਲ ਗਈ ਹੈ। ਮਹਾਨਗਰ ਸ਼ਹਿਰ ਕਈ ਕਿਲੋਮੀਟਰ ਤੱਕ ਫੈਲ ਗਏ ਹਨ। ਬਹੁਤ ਸਾਰੇ ਪਿੰਡ ਮਹਾਂਨਗਰਾਂ ਦੇ ਉਪਨਗਰ ਬਣ ਗਏ ਹਨ। ਪੇਂਡੂ ਖੇਤਰਾਂ ਵਿੱਚ ਰਹਿਣ ਵਾਲੇ ਲੱਖਾਂ ਲੋਕ ਰੋਜ਼ਗਾਰ ਲਈ ਸ਼ਹਿਰਾਂ ਵਿੱਚ ਆਉਂਦੇ ਹਨ। ਸੇਵਾ ਖੇਤਰ, ਸੂਚਨਾ ਤਕਨਾਲੋਜੀ, ਡਿਜੀਟਲ ਅਰਥਵਿਵਸਥਾ ਅਤੇ ਆਧੁਨਿਕ ਆਵਾਜਾਈ ਨੇ ਪੇਂਡੂ ਅਤੇ ਸ਼ਹਿਰੀ ਜੀਵਨ ਵਿਚਕਾਰ ਰਵਾਇਤੀ ਦੂਰੀ ਨੂੰ ਬਹੁਤ ਹੱਦ ਤੱਕ ਖਤਮ ਕਰ ਦਿੱਤਾ ਹੈ। ਇਸ ਲਈ, ਸਿਰਫ਼ ਆਬਾਦੀ, ਘਣਤਾ ਅਤੇ ਗੈਰ-ਖੇਤੀਬਾੜੀ ਰੁਜ਼ਗਾਰ ਦੇ ਆਧਾਰ 'ਤੇ ਕਿਸੇ ਖੇਤਰ ਦੀ ਅਸਲ ਪ੍ਰਕਿਰਤੀ ਦਾ ਪਤਾ ਲਗਾਉਣਾ ਹੁਣ ਕਾਫ਼ੀ ਨਹੀਂ ਹੈ।

ਦੋਸਤੋ, ਭਾਰਤ ਦੇ ਸੰਵਿਧਾਨ ਵਿੱਚ ਪੇਂਡੂ ਅਤੇ ਸ਼ਹਿਰੀ ਸਥਾਨਕ ਸੰਸਥਾਵਾਂ ਲਈ ਮਹੱਤਵਪੂਰਨ ਸੰਵਿਧਾਨਕ ਪ੍ਰਬੰਧ ਹਨ। 1992 ਵਿੱਚ ਲਾਗੂ ਕੀਤੇ ਗਏ 73ਵੇਂ ਸੰਵਿਧਾਨਕ ਸੋਧ ਨੇ ਪੰਚਾਇਤੀ ਰਾਜ ਸੰਸਥਾਵਾਂ ਨੂੰ ਸੰਵਿਧਾਨਕ ਦਰਜਾ ਦਿੱਤਾ। ਇਸ ਰਾਹੀਂ, ਗ੍ਰਾਮ ਪੰਚਾਇਤ, ਪੰਚਾਇਤ ਸੰਮਤੀ ਅਤੇ ਜ਼ਿਲ੍ਹਾ ਪ੍ਰੀਸ਼ਦ ਵਰਗੀਆਂ ਸੰਸਥਾਵਾਂ ਨੂੰ ਸ਼ਕਤੀ ਦਿੱਤੀ ਗਈ। ਇਸੇ ਤਰ੍ਹਾਂ, 74ਵੇਂ ਸੰਵਿਧਾਨਕ ਸੋਧ ਨੇ ਸ਼ਹਿਰੀ ਸਥਾਨਕ ਸੰਸਥਾਵਾਂ ਨੂੰ ਸੰਵਿਧਾਨਕ ਮਾਨਤਾ ਦਿੱਤੀ, ਜਿਸ ਨਾਲ ਨਗਰ ਪੰਚਾਇਤਾਂ, ਨਗਰ ਪਾਲਿਕਾਵਾਂ ਅਤੇ ਨਗਰ ਨਿਗਮਾਂ ਵਰਗੀਆਂ ਸੰਸਥਾਵਾਂ ਨੂੰ ਸੰਵਿਧਾਨਕ ਦਰਜਾ ਮਿਲਿਆ। ਸੰਵਿਧਾਨ ਦਾ ਅਨੁਛੇਦ 243-

ਕਉਂ ਨਗਰ ਪੰਚਾਇਤਾਂ, ਨਗਰ ਪਾਲਿਕਾਵਾਂ ਅਤੇ ਨਗਰ ਨਿਗਮਾਂ ਦੇ ਗਠਨ ਨਾਲ ਸੰਬੰਧਿਤ ਹੈ। ਇਸ ਅਨੁਛੇਦ ਦੇ ਅਨੁਸਾਰ, ਰਾਜ ਸਰਕਾਰਾਂ ਸਥਾਨਕ ਸਥਿਤੀਆਂ, ਆਬਾਦੀ, ਆਰਥਿਕ ਗਤੀਵਿਧੀਆਂ, ਮਾਲੀਆ ਸੰਭਾਵਨਾ ਅਤੇ ਸ਼ਹਿਰੀ ਜ਼ਰੂਰਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਕਿਸੇ ਵੀ ਖੇਤਰ ਨੂੰ ਸ਼ਹਿਰੀ ਸੰਸਥਾ ਵਜੋਂ ਸੂਚਿਤ ਕਰ ਸਕਦੀਆਂ ਹਨ ।ਹਾਲਾਂਕਿ ਸੰਵਿਧਾਨ ਇੱਕ ਵਿਆਪਕ ਢਾਂਚਾ ਪ੍ਰਦਾਨ ਕਰਦਾ ਹੈ, ਸ਼ਹਿਰ ਘੋਸ਼ਿਤ ਕਰਨ ਦਾ ਅੰਤਮ ਅਧਿਕਾਰ ਰਾਜਾਂ ਕੋਲ ਹੈ। ਹਰੇਕ ਰਾਜ ਦਾ ਨਗਰਪਾਲਿਕਾ ਐਕਟ ਨਗਰ ਪੰਚਾਇਤ, ਨਗਰਪਾਲਿਕਾ ਜਾਂ ਨਗਰ ਨਿਗਮ ਦੇ ਗਠਨ ਲਈ ਵੱਖ-ਵੱਖ ਮਾਪਦੰਡ ਨਿਰਧਾਰਤ ਕਰ ਸਕਦਾ ਹੈ। ਆਮ ਤੌਰ 'ਤੇ, ਆਬਾਦੀ, ਆਬਾਦੀ ਘਣਤਾ, ਸਥਾਨਕ ਮਾਲੀਆ, ਉਦਯੋਗਿਕ ਅਤੇ ਵਪਾਰਕ ਗਤੀਵਿਧੀਆਂ, ਸ਼ਹਿਰੀ ਬੁਨਿਆਦੀ ਢਾਂਚਾ ਅਤੇ ਪ੍ਰਬੰਧਕੀ ਜ਼ਰੂਰਤਾਂ ਵਰਗੇ ਕਾਰਕਾਂ ਨੂੰ ਧਿਆਨ ਵਿੱਚ ਰੱਖਿਆ ਜਾਂਦਾ ਹੈ। ਇਸ ਲਈ ਵੱਖ-ਵੱਖ ਰਾਜਾਂ ਵਿੱਚ ਸਮਾਨ ਆਬਾਦੀ ਵਾਲੇ ਖੇਤਰਾਂ ਦੀਆਂ ਵੱਖ-ਵੱਖ ਸਥਿਤੀਆਂ ਹੋ ਸਕਦੀਆਂ ਹਨ।

ਦੋਸਤੋ, ਜਦੋਂ ਕਿਸੇ ਖੇਤਰ ਦਾ ਪ੍ਰਸ਼ਾਸਕੀ ਵਰਗੀਕਰਨ ਇਸਦੀ ਅਸਲ ਸਥਿਤੀ ਨਾਲ ਮੇਲ ਨਹੀਂ ਖਾਂਦਾ, ਤਾਂ ਬਹੁਤ ਸਾਰੀਆਂ ਸਮੱਸਿਆਵਾਂ ਪੈਦਾ ਹੁੰਦੀਆਂ ਹਨ। ਮੁੱਖ ਸਮੱਸਿਆ ਵਿਕਾਸ ਫੰਡਾਂ ਦੀ ਵੰਡ ਹੈ। ਸ਼ਹਿਰੀ ਵਰਗੀ ਆਬਾਦੀ ਅਤੇ ਜ਼ਰੂਰਤਾਂ ਵਾਲੇ ਖੇਤਰ ਵੀ ਸ਼ਹਿਰੀ ਵਿਕਾਸ ਯੋਜਨਾਵਾਂ ਤੋਂ ਲਾਭ ਪ੍ਰਾਪਤ ਕਰਨ ਦੇ ਯੋਗ ਨਹੀਂ ਹਨ। ਨਤੀਜੇ ਵਜੋਂ, ਸੜਕਾਂ, ਡਰੇਨੇਜ, ਸੀਵਰੇਜ, ਜਨਤਕ ਆਵਾਜਾਈ ਅਤੇ ਠੋਸ ਰਹਿੰਦ-ਖੂੰਹਦ ਪ੍ਰਬੰਧਨ ਵਰਗੀਆਂ ਸਹੂਲਤਾਂ ਨਾਕਾਫ਼ੀ ਵਿਕਸਤ ਹੁੰਦੀਆਂ ਹਨ। ਦੂਜੇ ਪਾਸੇ, ਗ੍ਰਾਮ ਪੰਚਾਇਤਾਂ ਕੋਲ ਤੇਜ਼ੀ ਨਾਲ ਵਧ ਰਹੇ ਸ਼ਹਿਰੀ ਖੇਤਰਾਂ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਵਿੱਤੀ ਅਤੇ ਪ੍ਰਸ਼ਾਸਕੀ ਸਮਰੱਥਾ ਦੀ ਘਾਟ ਹੈ। ਇਸ ਤੋਂ ਇਲਾਵਾ, ਗੈਰ-ਯੋਜਨਾਬੱਧ ਉਸਾਰੀ, ਗੈਰ-ਕਾਨੂੰਨੀ ਕਲੋਨੀਆਂ ਦਾ ਵਿਕਾਸ, ਅਤੇ ਜ਼ਮੀਨ ਦੀ ਵਰਤੋਂ ਵਿੱਚ ਹਫੜਾ-ਦਫੜੀ ਵਧਦੀ ਹੈ। ਅਜਿਹੇ ਖੇਤਰਾਂ ਵਿੱਚ ਪ੍ਰਸ਼ਾਸਕੀ ਉਲਝਣ ਵੀ ਪ੍ਰਚਲਿਤ ਹੈ। ਅਕਸਰ, ਇੱਕੋ ਸੜਕ ਦੇ ਦੋਵੇਂ ਪਾਸੇ ਵੱਖ-ਵੱਖ ਪ੍ਰਸ਼ਾਸਕੀ ਪ੍ਰਣਾਲੀਆਂ ਲਾਗੂ ਹੁੰਦੀਆਂ ਹਨ। ਇੱਕ ਪਾਸਾ ਨਗਰ ਕੌਂਸਲ ਦੀ ਸੀਮਾ ਨੂੰ ਦਰਸਾਉਂਦਾ ਹੈ, ਜਦੋਂ ਕਿ ਦੂਜਾ ਗ੍ਰਾਮ ਪੰਚਾਇਤ ਦੇ ਖੇਤਰ ਨੂੰ ਦਰਸਾਉਂਦਾ ਹੈ। ਨਤੀਜੇ ਵਜੋਂ, ਨਾਗਰਿਕਾਂ ਨੂੰ ਟੈਕਸ, ਬਿਲਡਿੰਗ ਪਰਮਿਟ, ਪਾਣੀ ਦੀ ਸਪਲਾਈ, ਜਾਇਦਾਦ ਰਜਿਸਟ ?ਰੇਸ਼ਨ ਅਤੇ ਹੋਰ ਸੇਵਾਵਾਂ ਵਿੱਚ ਅਸਮਾਨਤਾਵਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਇਹ ਸਥਿਤੀ ਨਿਵੇਸ਼ਕਾਂ ਲਈ ਵੀ ਅਨਿਸ਼ਚਿਤਤਾ ਪੈਦਾ ਕਰਦੀ ਹੈ, ਕਿਉਂਕਿ ਜ਼ਮੀਨ ਦੀ ਵਰਤੋਂ ਅਤੇ ਵਿਕਾਸ ਨਿਯਮ ਅਸਪਸ਼ਟ ਹਨ।

ਦੋਸਤੋ, ਇਸ ਸੰਦਰਭ ਵਿੱਚ, ਸਵਾਲ ਉੱਠਦਾ ਹੈ ਕਿ ਕੀ ਇਹ ਸਥਿਤੀ ਵਿਕਾਸ ਸੰਬੰਧੀ ਵਿਤਕਰੇ ਦਾ ਗਠਨ ਕਰਦੀ ਹੈ। ਕਾਨੂੰਨੀ ਤੌਰ 'ਤੇ, ਇਸਨੂੰ ਸਿੱਧਾ ਵਿਤਕਰਾ ਨਹੀਂ ਮੰਨਿਆ ਜਾ ਸਕਦਾ ਕਿਉਂਕਿ ਸਰਕਾਰਾਂ ਮੌਜੂਦਾ ਕਾਨੂੰਨਾਂ ਅਤੇ ਸੂਚਨਾਵਾਂ ਦੇ ਅਧਾਰ ਤੇ ਕੰਮ ਕਰਦੀਆਂ ਹਨ। ਫਿਰ ਵੀ, ਨੀਤੀਗਤ ਦ੍ਰਿਸ਼ਟੀਕੋਣ ਤੋਂ, ਇਹ ਯਕੀਨੀ ਤੌਰ 'ਤੇ ਕਿਹਾ ਜਾ ਸਕਦਾ ਹੈ ਕਿ ਜੇਕਰ ਕੋਈ ਖੇਤਰ ਸੱਚਮੁੱਚ ਸ਼ਹਿਰੀ ਬਣ ਗਿਆ ਹੈ ਅਤੇ ਫਿਰ ਵੀ ਸ਼ਹਿਰੀ ਵਿਕਾਸ ਯੋਜਨਾਵਾਂ ਅਤੇ ਬੁਨਿਆਦੀ ਢਾਂਚੇ ਦੇ ਨਿਵੇਸ਼ ਤੋਂ ਵਾਂਝਾ ਹੈ, ਤਾਂ ਇਸਦੇ ਨਾਗਰਿਕ ਵਿਕਾਸ ਦੇ ਬਰਾਬਰ ਮੌਕਿਆਂ ਤੋਂ ਵਾਂਝੇ ਹਨ। ਇਸ ਲਈ, ਇਹ ਸਥਿਤੀ ਲਾਜ਼ਮੀ ਤੌਰ 'ਤੇ ਵਿਕਾਸ ਸੰਬੰਧੀ ਅਸਮਾਨਤਾ ਦਾ ਰੂਪ ਧਾਰਨ ਕਰ ਲੈਂਦੀ ਹੈ।

ਦੋਸਤੋ, ਮਾਹਿਰਾਂ ਦਾ ਮੰਨਣਾ ਹੈ ਕਿ ਪਿੰਡਾਂ ਅਤੇ ਸ਼ਹਿਰਾਂ ਨੂੰ ਪਰਿਭਾਸ਼ਿਤ ਕਰਨ ਲਈ ਹੁਣ ਨਵੇਂ ਅਤੇ ਆਧੁਨਿਕ ਮਾਪਦੰਡਾਂ ਦੀ ਲੋੜ ਹੈ। ਸਿਰਫ਼ ਆਬਾਦੀ ਅਤੇ ਰੁਜ਼ਗਾਰ 'ਤੇ ਆਧਾਰਿਤ ਮਾਪਦੰਡ ਅੱਜ ਦੀਆਂ ਗੁੰਝਲਦਾਰ ਸਮਾਜਿਕ-ਆਰਥਿਕ ਹਕੀਕਤਾਂ ਨੂੰ ਨਹੀਂ ਦਰਸਾਉਂਦੇ। ਭਵਿੱਖ ਵਿੱਚ, ਨਿਰਮਾਣ ਖੇਤਰ, ਭੂਮੀ ਵਰਤੋਂ ਦੇ ਪੈਟਰਨ, ਆਰਥਿਕ ਏਕੀਕਰਨ, ਰੋਜ਼ਾਨਾ ਯਾਤਰੀ ਆਵਾਜਾਈ, ਆਵਾਜਾਈ ਸੰਪਰਕ, ਡਿਜੀਟਲ ਸੰਪਰਕ, ਪਾਣੀ ਅਤੇ ਸੀਵਰੇਜ ਸਹੂਲਤਾਂ ਦੀ ਉਪਲਬਧਤਾ, ਅਤੇ ਵਾਤਾਵਰਣ ਸੰਭਾਲਣ ਦੀ ਸਮਰੱਥਾ ਵਰਗੇ ਮਾਪਦੰਡਾਂ ਨੂੰ ਵੀ ਸ਼ਾਮਲ ਕੀਤਾ ਜਾਣਾ ਚਾਹੀਦਾ ਹੈ। ਇਹ ਕਿਸੇ ਖੇਤਰ ਦੀ ਅਸਲ ਪ੍ਰਕਿਰਤੀ ਦਾ ਵਧੇਰੇ ਵਿਗਿਆਨਕ ਮੁਲਾਂਕਣ ਕਰਨ ਦੇ ਯੋਗ ਬਣਾਏਗਾ। ਡਿਜੀਟਲ ਯੁੱਗ ਵਿੱਚ, ਸੈਟੇਲਾਈਟ ਇਮੇਜਰੀ, ਡਰੋਨ ਸਰਵੇਖਣ ਅਤੇ ਭੂ-ਸਥਾਨਕ ਜਾਣਕਾਰੀ ਪ੍ਰਣਾਲੀਆਂ ਦੀ ਵਰਤੋਂ ਇਸ ਕੰਮ ਨੂੰ ਹੋਰ ਸਰਲ ਬਣਾ ਸਕਦੀ ਹੈ। ਸੈਟੇਲਾਈਟ-ਅਧਾਰਤ ਵਿਸ਼ਲੇਸ਼ਣ ਆਸਾਨੀ ਨਾਲ ਕਿਸੇ ਖੇਤਰ ਵਿੱਚ ਉਸਾਰੀ ਗਤੀਵਿਧੀ ਦੀ ਹੱਦ, ਸ਼ਹਿਰੀ ਵਰਤੋਂ ਵਿੱਚ ਤਬਦੀਲ ਕੀਤੀ ਗਈ ਖੇਤੀਬਾੜੀ ਜ਼ਮੀਨ ਦੀ ਹੱਦ, ਅਤੇ ਆਬਾਦੀ ਘਣਤਾ ਅਤੇ ਆਰਥਿਕ ਗਤੀਵਿਧੀ ਦੇ ਪੱਧਰ ਨੂੰ ਨਿਰਧਾਰਤ ਕਰ ਸਕਦਾ ਹੈ। ਜੇਕਰ ਅਜਿਹੇ ਵਿਗਿਆਨਕ ਸਰਵੇਖਣ ਹਰ ਪੰਜ ਸਾਲਾਂ ਵਿੱਚ ਕੀਤੇ ਜਾਂਦੇ ਹਨ, ਤਾਂ ਪੇਂਡੂ ਅਤੇ ਸ਼ਹਿਰੀ ਵਰਗੀਕਰਨ ਨੂੰ ਹੋਰ ਯਥਾਰਥਵਾਦੀ ਬਣਾਇਆ ਜਾ ਸਕਦਾ ਹੈ ।ਇਹ ਸੁਧਾਰ 2047 ਵਿੱਚ ਵਿਕਸਤ ਭਾਰਤ ਦੇ ਟੀਚੇ ਨੂੰ ਪ੍ਰਾਪਤ ਕਰਨ ਲਈ ਜ਼ਰੂਰੀ ਹੈ। ਅੱਜ, ਭਾਰਤ ਵਿੱਚ ਬਹੁਤ ਸਾਰੇ ਅਖੌਤੀ ਪਿੰਡ ਆਰਥਿਕ ਤੌਰ 'ਤੇ ਸ਼ਹਿਰੀ ਬਣ ਗਏ ਹਨ, ਜਦੋਂ ਕਿ ਬਹੁਤ ਸਾਰੇ ਛੋਟੇ ਕਸਬੇ ਮਹਾਨਗਰ ਖੇਤਰਾਂ ਦਾ ਹਿੱਸਾ ਬਣ ਗਏ ਹਨ। ਅਜਿਹੀ ਸਥਿਤੀ ਵਿੱਚ, 1961 ਦੇ ਮਾਪਦੰਡਾਂ 'ਤੇ ਅਧਾਰਤ ਵਰਗੀਕਰਨ ਪ੍ਰਣਾਲੀ ਭਵਿੱਖ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਵਿੱਚ ਅਸਮਰੱਥ ਜਾਪਦੀ ਹੈ। ਵਿਕਾਸ ਸਰੋਤਾਂ ਦੀ ਬਰਾਬਰ ਵੰਡ, ਯੋਜਨਾਬੱਧ ਸ਼ਹਿਰੀਕਰਨ, ਬਿਹਤਰ ਸਥਾਨਕ ਸ਼ਾਸਨ, ਅਤੇ ਸੰਤੁਲਿਤ ਖੇਤਰੀ ਵਿਕਾਸ ਤਾਂ ਹੀ ਸੰਭਵ ਹੋਵੇਗਾ ਜੇਕਰ ਪੇਂਡੂ ਅਤੇ ਸ਼ਹਿਰੀ ਖੇਤਰਾਂ ਦੀਆਂ ਪਰਿਭਾਸ਼ਾਵਾਂ ਨੂੰ ਆਧੁਨਿਕ ਹਕੀਕਤਾਂ ਨੂੰ ਦਰਸਾਉਣ ਲਈ ਮੁੜ ਪਰਿਭਾਸ਼ਿਤ ਕੀਤਾ ਜਾਵੇ।

ਇਸ ਤਰ੍ਹਾਂ, ਜੇਕਰ ਅਸੀਂ ਉਪਰੋਕਤ ਵਰਣਨ ਦੀ ਜਾਂਚ ਅਤੇ ਮੁਲਾਂਕਣ ਕਰਦੇ ਹਾਂ, ਤਾਂ ਅਸੀਂ ਪਾਉਂਦੇ ਹਾਂ ਕਿ ਭਾਰਤ ਵਿੱਚ ਪਿੰਡਾਂ ਅਤੇ ਸ਼ਹਿਰਾਂ ਨੂੰ ਪਰਿਭਾਸ਼ਿਤ ਕਰਨ ਲਈ ਮੌਜੂਦਾ ਪ੍ਰਣਾਲੀ ਨੇ ਦਹਾਕਿਆਂ ਤੋਂ ਪ੍ਰਸ਼ਾਸਕੀ ਸਥਿਰਤਾ ਪ੍ਰਦਾਨ ਕੀਤੀ ਹੈ, ਪਰ ਬਦਲਦੇ ਸਮੇਂ ਨੇ ਇਸਦੀ ਵਿਆਪਕ ਸਮੀਖਿਆ ਨੂੰ ਅਟੱਲ ਬਣਾ ਦਿੱਤਾ ਹੈ। ਸੰਵਿਧਾਨ ਵਿੱਚ 73ਵੇਂ ਅਤੇ 74ਵੇਂ ਸੋਧਾਂ, ਧਾਰਾ 243-ਕਿਉਂ, ਰਾਜ ਨਗਰਪਾਲਿਕਾ ਐਕਟਾਂ ਅਤੇ ਜਨਗਣਨਾ ਦੇ ਮਿਆਰਾਂ ਨੇ ਪੇਂਡੂ ਅਤੇ ਸ਼ਹਿਰੀ ਸ਼ਾਸਨ ਦੀ ਨੀਂਹ ਰੱਖੀ ਹੈ। ਹਾਲਾਂਕਿ, ਅੱਜ, ਇਹਨਾਂ ਰਵਾਇਤੀ ਮਾਪਦੰਡਾਂ ਨੂੰ ਆਧੁਨਿਕ ਤਕਨੀਕੀ, ਆਰਥਿਕ ਅਤੇ ਸਮਾਜਿਕ ਸੂਚਕਾਂ ਨਾਲ ਜੋੜਨ ਦੀ ਜ਼ਰੂਰਤ ਪੈਦਾ ਹੁੰਦੀ ਹੈ। ਕੇਵਲ ਤਦ ਹੀ ਭਾਰਤ ਦੇ ਅਸਲ ਸ਼ਹਿਰੀਕਰਨ ਨੂੰ ਮਾਨਤਾ ਦਿੱਤੀ ਜਾਵੇਗੀ ਅਤੇ ਵਿਕਾਸ ਦੇ ਲਾਭ ਹਰ ਨਾਗਰਿਕ ਤੱਕ ਬਰਾਬਰ ਪਹੁੰਚਣਗੇ।

-ਕੰਪਾਈਲਰ ਲੇਖਕ - ਟੈਕਸ ਮਾਹਿਰ ਕਾਲਮਨਵੀਸ ਸਾਹਿਤਕਾਰ ਅੰਤਰਰਾਸ਼ਟਰੀ ਲੇਖਕ ਚਿੰਤਕ ਕਵੀ ਸੰਗੀਤ ਮੀਡੀਆ ਸੀਏ(ਏਟੀਸੀ) ਐਡਵੋਕੇਟ ਕਿਸ਼ਨ ਸੰਮੁਖਦਾਸ ਭਵਨਾਨੀ ਗੋਂਡੀਆ ਮਹਾਰਾਸ਼ਟਰ
9226229318

ਦੋਸਤੋ, ਭਾਰਤ ਵਿੱਚ ਕਿਸੇ ਪਿੰਡ ਦੀ ਕੋਈ ਇਕਸਾਰ ਰਾਸ਼ਟਰੀ ਕਾਨੂੰਨੀ ਪਰਿਭਾਸ਼ਾ ਨਹੀਂ ਹੈ। ਪਿੰਡਾਂ ਦੀ ਪਛਾਣ ਆਮ ਤੌਰ 'ਤੇ ਰਾਜ ਦੇ ਮਾਲੀਆ ਰਿਕਾਰਡਾਂ ਅਤੇ ਪੰਚਾਇਤ ਕਾਨੂੰਨਾਂ ਦੇ ਅਧਾਰ 'ਤੇ ਕੀਤੀ ਜਾਂਦੀ ਹੈ। ਗ੍ਰਾਮ ਪੰਚਾਇਤਾਂ ਸੰਵਿਧਾਨ ਦੇ ਭਾਗ 9√ ਅਤੇ ਪੰਚਾਇਤੀ ਰਾਜ ਪ੍ਰਣਾਲੀ ਦੇ ਅਧੀਨ ਸਥਾਪਿਤ ਕੀਤੀਆਂ ਜਾਂਦੀਆਂ ਹਨ, ਅਤੇ ਰਾਜ ਸਰਕਾਰਾਂ ਆਪਣੇ ਪੰਚਾਇਤ ਐਕਟਾਂ ਦੇ ਅਨੁਸਾਰ ਪਿੰਡਾਂ ਦਾ ਪ੍ਰਬੰਧਨ ਕਰਦੀਆਂ ਹਨ। ਇੱਕ ਖੇਤਰ ਨੂੰ ਆਮ ਤੌਰ 'ਤੇ ਪੇਂਡੂ ਮੰਨਿਆ ਜਾਂਦਾ ਹੈ ਜੇਕਰ ਇਹ ਮਾਲੀਆ ਰਿਕਾਰਡਾਂ ਵਿੱਚ ਇੱਕ ਪਿੰਡ ਵਜੋਂ ਰਜਿਸਟਰਡ ਹੈ, ਇੱਕ ਗ੍ਰਾਮ ਪੰਚਾਇਤ ਦੇ ਪ੍ਰਬੰਧਕੀ ਅਧਿਕਾਰ ਖੇਤਰ ਵਿੱਚ ਆਉਂਦਾ ਹੈ, ਅਤੇ ਇੱਕ ਨਗਰਪਾਲਿਕਾ ਸੰਸਥਾ ਦੀਆਂ ਸੀਮਾਵਾਂ ਤੋਂ ਬਾਹਰ ਸਥਿਤ ਹੈ। ਹਾਲਾਂਕਿ, ਪਿਛਲੇ ਕੁਝ ਦਹਾਕਿਆਂ ਵਿੱਚ, ਬਹੁਤ ਸਾਰੇ ਪਿੰਡ ਵਿਕਸਤ ਹੋਏ ਹਨ ਜਿੱਥੇ ਖੇਤੀਬਾੜੀ ਗਤੀਵਿਧੀਆਂ ਦੀ ਥਾਂ ਉਦਯੋਗ, ਵਪਾਰ ਅਤੇ ਸੇਵਾ ਖੇਤਰ ਨੇ ਲੈ ਲਈ ਹੈ, ਫਿਰ ਵੀ ਉਨ੍ਹਾਂ ਦੀ ਪ੍ਰਸ਼ਾਸਕੀ ਸਥਿਤੀ ਵਿੱਚ ਕੋਈ ਬਦਲਾਅ ਨਹੀਂ ਆਇਆ ਹੈ। ਦੋਸਤੋ, ਭਾਰਤ ਵਿੱਚ ਸ਼ਹਿਰਾਂ ਨੂੰ ਮੁੱਖ ਤੌਰ 'ਤੇ ਦੋ ਸ਼੍ਰੇਣੀਆਂ ਵਿੱਚ ਸ਼੍ਰੇਣੀਬੱਧ ਕੀਤਾ ਗਿਆ ਹੈ: ਕਾਨੂੰਨੀ ਕਸਬੇ ਅਤੇ ਜਨਗਣਨਾ ਕਸਬੇ। ਕਾਨੂੰਨੀ ਕਸਬੇ ਉਹ ਹਨ ਜੋ ਰਾਜ ਸਰਕਾਰ ਦੁਆਰਾ ਇੱਕ ਕਾਨੂੰਨ ਅਧੀਨ ਨਗਰ ਨਿਗਮ, ਨਗਰ ਕੌਂਸਲ, ਨਗਰਪਾਲਿਕਾ, ਜਾਂ ਕਸਬਾ ਪੰਚਾਇਤ ਵਜੋਂ ਸੂਚਿਤ ਕੀਤੇ ਜਾਂਦੇ ਹਨ। ਉਹ ਰਾਜ ਦੇ ਨਗਰਪਾਲਿਕਾ ਐਕਟਾਂ ਅਧੀਨ ਸਥਾਪਿਤ ਕੀਤੇ ਜਾਂਦੇ ਹਨ, ਅਤੇ ਰਾਜ ਸਰਕਾਰ ਕੋਲ ਉਨ੍ਹਾਂ ਨੂੰ ਬਣਾਉਣ ਦਾ ਅੰਤਮ ਅਧਿਕਾਰ ਹੁੰਦਾ ਹੈ। ਨਗਰ ਨਿਗਮ, ਨਗਰਪਾਲਿਕਾ ਕੌਂਸਲ, ਨਗਰਪਾਲਿਕਾ ਅਤੇ ਕਸਬਾ ਪੰਚਾਇਤਾਂ ਇਸ ਸ਼੍ਰੇਣੀ ਵਿੱਚ ਆਉਂਦੀਆਂ ਹਨ। ਰਾਜ ਸਰਕਾਰਾਂ ਕਿਸੇ ਖੇਤਰ ਦੀ ਆਬਾਦੀ, ਆਰਥਿਕ ਗਤੀਵਿਧੀਆਂ, ਮਾਲੀਆ ਸੰਭਾਵਨਾ ਅਤੇ ਸ਼ਹਿਰੀ ਚਰਿੱਤਰ ਦੇ ਅਧਾਰ ਤੇ ਅਜਿਹੀਆਂ ਸੰਸਥਾਵਾਂ ਸਥਾਪਤ ਕਰਦੀਆਂ ਹਨ। ਦੂਜੇ ਪਾਸੇ, ਜਨਗਣਨਾ ਕਸਬੇ ਦੀ ਧਾਰਨਾ ਭਾਰਤ ਦੀ ਜਨਗਣਨਾ ਦੁਆਰਾ ਵਿਕਸਤ ਕੀਤੀ ਗਈ ਸੀ। ਜਨਗਣਨਾ ਦੇ ਅਨੁਸਾਰ, ਇੱਕ ਖੇਤਰ ਨੂੰ ਜਨਗਣਨਾ ਕਸਬਾ ਮੰਨਿਆ ਜਾਂਦਾ ਹੈ ਜੇਕਰ ਇਹ ਤਿੰਨ ਨਿਰਧਾਰਤ ਮਾਪਦੰਡਾਂ ਨੂੰ ਪੂਰਾ ਕਰਦਾ ਹੈ: ਪਹਿਲਾ, ਖੇਤਰ ਦੀ ਆਬਾਦੀ ਘੱਟੋ ਘੱਟ 5,000 ਹੋਣੀ ਚਾਹੀਦੀ ਹੈ। ਦੂਜਾ, ਆਬਾਦੀ ਘਣਤਾ ਪ੍ਰਤੀ ਵਰਗ ਕਿਲੋਮੀਟਰ ਘੱਟੋ ਘੱਟ 400 ਵਿਅਕਤੀ ਹੋਣੀ ਚਾਹੀਦੀ ਹੈ। ਤੀਜਾ, ਘੱਟੋ-ਘੱਟ 75 ਪ੍ਰਤੀਸ਼ਤ ਪੁਰਸ਼ ਮੁੱਖ ਕਾਰਜਬਲ ਖੇਤੀਬਾੜੀ ਦੀ ਬਜਾਏ ਗੈਰ-ਖੇਤੀਬਾੜੀ ਗਤੀਵਿਧੀਆਂ ਵਿੱਚ ਲੱਗੇ ਹੋਣੇ ਚਾਹੀਦੇ ਹਨ। ਇਹ ਮਾਪਦੰਡ ਮੁੱਖ ਤੌਰ 'ਤੇ 1961 ਦੀ ਮਰਦਮਸ਼ੁਮਾਰੀ ਦੌਰਾਨ ਅਪਣਾਏ ਗਏ ਸਨ ਅਤੇ ਅੱਜ ਵੱਡੇ ਪੱਧਰ 'ਤੇ ਵਰਤੇ ਜਾਂਦੇ ਹਨ ਦੋਸਤੋ, ਇਹੀ ਸਮੱਸਿਆ ਸ਼ੁਰੂ ਹੁੰਦੀ ਹੈ। 1961 ਦਾ ਭਾਰਤ ਅਤੇ 2026 ਦਾ ਭਾਰਤ ਬਿਲਕੁਲ ਵੱਖਰੇ ਹਨ। ਛੇ ਦਹਾਕੇ ਪਹਿਲਾਂ, ਦੇਸ਼ ਦੀ ਆਰਥਿਕਤਾ ਮੁੱਖ ਤੌਰ 'ਤੇ ਖੇਤੀਬਾੜੀ-ਅਧਾਰਤ ਸੀ, ਉਦਯੋਗੀਕਰਨ ਸੀਮਤ ਸੀ, ਸ਼ਹਿਰ ਮੁਕਾਬਲਤਨ ਛੋਟੇ ਸਨ, ਅਤੇ ਪੇਂਡੂ ਆਬਾਦੀ ਬਹੁਤ ਜ਼ਿਆਦਾ ਸੀ। ਅੱਜ, ਸਥਿਤੀ ਪੂਰੀ ਤਰ੍ਹਾਂ ਬਦਲ ਗਈ ਹੈ। ਮਹਾਨਗਰ ਸ਼ਹਿਰ ਕਈ ਕਿਲੋਮੀਟਰ ਤੱਕ ਫੈਲ ਗਏ ਹਨ। ਬਹੁਤ ਸਾਰੇ ਪਿੰਡ ਮਹਾਂਨਗਰਾਂ ਦੇ ਉਪਨਗਰ ਬਣ ਗਏ ਹਨ। ਪੇਂਡੂ ਖੇਤਰਾਂ ਵਿੱਚ ਰਹਿਣ ਵਾਲੇ ਲੱਖਾਂ ਲੋਕ ਰੋਜ਼ਗਾਰ ਲਈ ਸ਼ਹਿਰਾਂ ਵਿੱਚ ਆਉਂਦੇ ਹਨ। ਸੇਵਾ ਖੇਤਰ, ਸੂਚਨਾ ਤਕਨਾਲੋਜੀ, ਡਿਜੀਟਲ ਅਰਥਵਿਵਸਥਾ ਅਤੇ ਆਧੁਨਿਕ ਆਵਾਜਾਈ ਨੇ ਪੇਂਡੂ ਅਤੇ ਸ਼ਹਿਰੀ ਜੀਵਨ ਵਿਚਕਾਰ ਰਵਾਇਤੀ ਦੂਰੀ ਨੂੰ ਬਹੁਤ ਹੱਦ ਤੱਕ ਖਤਮ ਕਰ ਦਿੱਤਾ ਹੈ। ਇਸ ਲਈ, ਸਿਰਫ਼ ਆਬਾਦੀ, ਘਣਤਾ ਅਤੇ ਗੈਰ-ਖੇਤੀਬਾੜੀ ਰੁਜ਼ਗਾਰ ਦੇ ਆਧਾਰ 'ਤੇ ਕਿਸੇ ਖੇਤਰ ਦੀ ਅਸਲ ਪ੍ਰਕਿਰਤੀ ਦਾ ਪਤਾ ਲਗਾਉਣਾ ਹੁਣ ਕਾਫ਼ੀ ਨਹੀਂ ਹੈ। ਦੋਸਤੋ, ਭਾਰਤ ਦੇ ਸੰਵਿਧਾਨ ਵਿੱਚ ਪੇਂਡੂ ਅਤੇ ਸ਼ਹਿਰੀ ਸਥਾਨਕ ਸੰਸਥਾਵਾਂ ਲਈ ਮਹੱਤਵਪੂਰਨ ਸੰਵਿਧਾਨਕ ਪ੍ਰਬੰਧ ਹਨ। 1992 ਵਿੱਚ ਲਾਗੂ ਕੀਤੇ ਗਏ 73ਵੇਂ ਸੰਵਿਧਾਨਕ ਸੋਧ ਨੇ ਪੰਚਾਇਤੀ ਰਾਜ ਸੰਸਥਾਵਾਂ ਨੂੰ ਸੰਵਿਧਾਨਕ ਦਰਜਾ ਦਿੱਤਾ। ਇਸ ਰਾਹੀਂ, ਗ੍ਰਾਮ ਪੰਚਾਇਤ, ਪੰਚਾਇਤ ਸੰਮਤੀ ਅਤੇ ਜ਼ਿਲ੍ਹਾ ਪ੍ਰੀਸ਼ਦ ਵਰਗੀਆਂ ਸੰਸਥਾਵਾਂ ਨੂੰ ਸ਼ਕਤੀ ਦਿੱਤੀ ਗਈ। ਇਸੇ ਤਰ੍ਹਾਂ, 74ਵੇਂ ਸੰਵਿਧਾਨਕ ਸੋਧ ਨੇ ਸ਼ਹਿਰੀ ਸਥਾਨਕ ਸੰਸਥਾਵਾਂ ਨੂੰ ਸੰਵਿਧਾਨਕ ਮਾਨਤਾ ਦਿੱਤੀ, ਜਿਸ ਨਾਲ ਨਗਰ ਪੰਚਾਇਤਾਂ, ਨਗਰ ਪਾਲਿਕਾਵਾਂ ਅਤੇ ਨਗਰ ਨਿਗਮਾਂ ਵਰਗੀਆਂ ਸੰਸਥਾਵਾਂ ਨੂੰ ਸੰਵਿਧਾਨਕ ਦਰਜਾ ਮਿਲਿਆ। ਸੰਵਿਧਾਨ ਦਾ ਅਨੁਛੇਦ 243-ਕਉਂ ਨਗਰ ਪੰਚਾਇਤਾਂ, ਨਗਰ ਪਾਲਿਕਾਵਾਂ ਅਤੇ ਨਗਰ ਨਿਗਮਾਂ ਦੇ ਗਠਨ ਨਾਲ ਸੰਬੰਧਿਤ ਹੈ।

# ਕਸਰਤ ਅਤੇ ਸੈਰ ਤੋਂ ਦੂਰ ਹੁੰਦੇ ਲੋਕ

ਅੱਜ ਦੇ ਵਿਗਿਆਨਕ ਅਤੇ ਡਿਜੀਟਲ ਯੁੱਗ ਵਿੱਚ ਮਨੁੱਖੀ ਸੁਖ-ਸਹੂਲਤਾਂ ਤਾਂ ਅਸਮਾਨ ਨੂੰ ਛੂਹ ਰਹੀਆਂ ਹਨ, ਪਰ ਇਸ ਤਰੱਕੀ ਦੀ ਇੱਕ ਬਹੁਤ ਵੱਡੀ ਕੀਮਤ ਸਾਨੂੰ ਆਪਣੀ ਸਿਹਤ ਦੇ ਰੂਪ ਵਿੱਚ ਚੁਕਾਉਣੀ ਪੈ ਰਹੀ ਹੈ, ਕਿਉਂਕਿ ਅੱਜ ਦਾ ਇਨਸਾਨ ਕਸਰਤ ਅਤੇ ਸੈਰ ਵਰਗੀਆਂ ਅਤਿ ਜ਼ਰੂਰੀ ਸਰੀਰਕ ਗਤੀਵਿਧੀਆਂ ਤੋਂ ਲਗਾਤਾਰ ਦੂਰ ਹੁੰਦਾ ਜਾ ਰਿਹਾ ਹੈ। ਮਸ਼ੀਨੀਕਰਨ ਨੇ ਸਾਡੀ ਜ਼ਿੰਦਗੀ ਨੂੰ ਇੰਨਾ ਆਰਾਮਦਾਇਕ ਬਣਾ ਦਿੱਤਾ ਹੈ ਕਿ ਰੋਜ਼ਾਨਾ ਦੀ ਭੱਜ-ਦੌੜ ਅਤੇ ਹੱਥੀਂ ਮਿਹਨਤ ਬਿਲਕੁਲ ਗਾਇਬ ਹੋ ਚੁੱਕੀ ਹੈ। ਇਸ ਸਰੀਰਕ ਨਿਸ਼ਕਿਰਿਆ ਨੇ ਮਨੁੱਖ ਨੂੰ ਇੱਕ ਅਜਿਹੇ ਗੰਭੀਰ ਸਿਹਤ ਸੰਕਟ ਵੱਲ ਧੱਕ ਦਿੱਤਾ ਹੈ, ਜਿੱਥੇ ਸੁਸਤ ਜੀਵਨ ਸ਼ੈਲੀ ਕਾਰਨ ਸਰੀਰ ਬਿਮਾਰੀਆਂ ਦਾ ਘਰ ਬਣਦਾ ਜਾ ਰਿਹਾ ਹੈ।

ਵਿਸ਼ਵ ਸਿਹਤ ਸੰਗਠਨ (⇨8®) ਦੀਆਂ ਹਾਲੀਆ ਰਿਪੋਰਟਾਂ ਮੁਤਾਬਕ ਦੁਨੀਆ ਦੀ ਲਗਭਗ 31% ਬਾਲਗ ਆਬਾਦੀ ਸਰੀਰਕ ਤੌਰ 'ਤੇ ਬਿਲਕੁਲ ਨਿਸ਼ਕਿਰਿਆ ਹੈ, ਜੋ ਹਫ਼ਤੇ ਵਿੱਚ ਲੋੜੀਂਦੇ 15 ਮਿੰਟ ਦੀ ਕਸਰਤ ਵੀ ਨਹੀਂ ਕਰਦੇ। ਜੇਕਰ ਇਹੀ ਟ ?ਰੈਂਡ ਜਾਰੀ ਰਿਹਾ, ਤਾਂ 2030 ਤੱਕ ਇਹ ਅੰਕੜਾ ਵੱਧ ਕੇ 35% ਹੋਣ ਦਾ ਅਨੁਮਾਨ ਹੈ। ਇਸ ਤੋਂ ਵੀ ਵੱਧ ਚਿੰਤਾਜਨਕ ਗੱਲ ਇਹ ਹੈ ਕਿ ਦੁਨੀਆ ਭਰ ਦੇ 80% ਤੋਂ ਵੱਧ ਕਿਸ਼ੋਰ (11 ਤੋਂ 17 ਸਾਲ ਦੇ ਬੱਚੇ) ਲੋੜੀਂਦੀ ਸਰੀਰਕ ਗਤੀਵਿਧੀ ਨਹੀਂ ਕਰ ਰਹੇ, ਜਿਸ ਕਾਰਨ ਨਵੀਂ ਪੀੜ੍ਹੀ ਬਚਪਨ ਵਿੱਚ ਹੀ ਗੰਭੀਰ ਰੋਗਾਂ ਦਾ ਸ਼ਿਕਾਰ ਹੋ ਰਹੀ ਹੈ।

ਭਾਰਤ ਦੇ ਵਿੱਚ ਇਹ ਸਥਿਤੀ ਇੱਕ ਭਿਆਨਕ ਸਿਹਤ ਸੰਕਟ ਦਾ ਰੂਪ ਧਾਰਨ ਕਰ ਚੁੱਕੀ ਹੈ। ਨੈਸ਼ਨਲ ਸਟੈਟਿਸਟੀਕਲ ਆਫ਼ ?ਸ (©♥®) ਦੇ ਹਾਲੀਆ ਰਾਸ਼ਟਰੀ ਸਰਵੇਖਣ ਦੇ ਹੈਰਾਨੀਜਨਕ ਅੰਕੜੇ ਦੱਸਦੇ ਹਨ ਕਿ ਭਾਰਤ ਵਿੱਚ ਪਿਛਲੇ 7 ਸਾਲਾਂ ਵਿੱਚ ਦਿਲ ਦੀਆਂ ਬਿਮਾਰੀਆਂ ਲਗਭਗ ਤਿੰਨ ਗੁਣਾ ਵੱਧ ਗਈਆਂ ਹਨ। ਜਿੱਥੇ 2017-18 ਵਿੱਚ ਪ੍ਰਤੀ ਇੱਕ ਲੱਖ ਆਬਾਦੀ ਪਿੱਛੇ ਦਿਲ ਦੇ ਰੋਗਾਂ ਦੇ 1,333 ਮਾਮਲੇ ਸਨ, ਉੱਥੇ ਹੀ ਇਹ ਗਿਣਤੀ ਵੱਧ ਕੇ ਲਗਭਗ 3800 ਪ੍ਰਤੀ ਲੱਖ ਹੋ ਗਈ ਹੈ। ਸਰਵੇਖਣ ਅਨੁਸਾਰ ਦੇਸ਼ ਦੀ ਲਗਭਗ ਅੱਧੀ ਆਬਾਦੀ ਕਿਸੇ ਨਾ ਕਿਸੇ ਦਿਲ ਦੇ ਰੋਗ ਜਾਂ ਮੈਟਾਬੋਲਿਕ ਵਿਕਾਰ (ਜਿਵੇਂ ਸ਼ੂਗਰ ਅਤੇ ਹਾਈ ਬਲੱਡ ਪ੍ਰੈਸ਼ਰ) ਨਾਲ ਜੂਝ ਰਹੀ ਹੈ, ਜੋ ਸਿੱਧੇ ਤੌਰ 'ਤੇ ਸੁਸਤ ਜੀਵਨ ਸ਼ੈਲੀ ਅਤੇ ਪੈਦਲ ਨਾ ਚੱਲਣ ਦਾ ਨਤੀਜਾ ਹੈ।

ਮੈਡੀਕਲ ਖੋਜਾਂ ਮੁਤਾਬਕ, ਸਰੀਰਕ ਅਕਰਮਣਤਾ ਕਾਰਨ ਵਿਸ਼ਵ ਪੱਧਰ 'ਤੇ ਕੋਰੋਨਰੀ ਹਾਰਟ ਡਿਜ਼ੀਜ਼ ਦੇ 6%, ਟਾਈਪ-2 ਸ਼ੂਗਰ ਦੇ 7% ਅਤੇ 10% ਦੇ ਕਰੀਬ ਛਾਤੀ ਤੇ ਕੋਲਨ ਕੈਂਸਰ ਦੇ ਮਾਮਲੇ ਸਿੱਧੇ ਤੌਰ 'ਤੇ ਕਸਰਤ ਨਾ ਕਰਨ ਕਰਕੇ ਹੁੰਦੇ ਹਨ। ਸਿਹਤ ਮਾਹਰ ਚੇਤਾਵਨੀ ਦਿੰਦੇ ਹਨ ਕਿ ਅੱਜ-ਕੱਲ੍ਹ ਨੌਜਵਾਨਾਂ ਵਿੱਚ ਹਾਰਟ ਅਟੈਕ ਦੇ ਮਾਮਲੇ ਵਧਣ ਦਾ ਸਭ ਤੋਂ ਵੱਡਾ ਕਾਰਨ ਸਰੀਰਕ ਹਿਲਜੁਲ ਦੀ ਕਮੀ ਹੈ ਇਸ ਸਰੀਰਕ ਨਿਸ਼ਕਿਰਿਆ ਦਾ ਆਰਥਿਕ ਬੋਝ ਵੀ ਬਹੁਤ ਭਾਰੀ ਹੈ। ⇨8® ਦੇ ਅਨੁਸਾਰ, ਜੇਕਰ ਲੋਕਾਂ ਨੇ ਸੈਰ ਅਤੇ ਕਸਰਤ ਨੂੰ ਨਾ ਅਪਣਾਇਆ, ਤਾਂ 2020 ਤੋਂ 2030 ਦੇ ਵਿਚਕਾਰ ਦੁਨੀਆ ਭਰ ਵਿੱਚ 50 ਕਰੋੜ ਨਵੇਂ ਰੋਕਥਾਮ ਯੋਗ ਗੈਰ-ਸੰਚਾਰੀ ਰੋਗ ਪੈਦਾ ਹੋਣਗੇ, ਜਿਸ ਦੇ ਇਲਾਜ 'ਤੇ ਲਗਭਗ 27 ਅਰਬ ਡਾਲਰ ਸਲਾਨਾ ਖਰਚ ਹੋਣਗੇ।

ਪੁਰਾਣੇ ਸਮਿਆਂ ਵਿੱਚ ਮਨੁੱਖੀ ਜੀਵਨ ਪੂਰੀ ਤਰ੍ਹਾਂ ਸਰੀਰਕ ਮਿਹਨਤ 'ਤੇ ਨਿਰ ਰ ਸੀ। ਲੋਕ ਮੀਲਾਂ ਪੈਦਲ ਚੱਲਦੇ ਸਨ, ਖੇਤਾਂ ਵਿੱਚ ਕੰਮ ਕਰਦੇ ਸਨ, ਅਤੇ ਰ ਦੇ ਸਾਰੇ ਕੰਮ ਹੱਥਾਂ ਨਾਲ ਕਰਦੇ ਸਨ। ਉਸ ਸਮੇਂ ਸੈਰ ਜਾਂ ਕਸਰਤ ਲਈ ਕੋਈ ਵੱਖਰਾ ਸਮਾਂ ਕੱਢਣ ਦੀ ਲੋੜ ਨਹੀਂ ਪੈਂਦੀ ਸੀ ਕਿਉਂਕਿ ਉਨ੍ਹਾਂ ਦੀ ਰੋਜ਼ਾਨਾ ਦੀ ਜ਼ਿੰਦਗੀ ਹੀ ਆਪਣੇ ਆਪ ਵਿੱਚ ਇੱਕ ਬਹੁਤ ਵਧੀਆ ਕਸਰਤ ਸੀ। ਪਰ ਅੱਜ, ਵੀਹਵੀਂ ਅਤੇ ਇੱਕੀਵੀਂ ਸਦੀ ਦੇ ਉਦਯੋਗਿਕ ਅਤੇ ਡਿਜੀਟਲ ਇਨਕਲਾਬ ਨੇ ਸਭ ਕੁਝ ਬਦਲ ਕੇ ਰੱਖ ਦਿੱਤਾ ਹੈ। ਅੱਜ ਸਾਡੇ ਕੋਲ ਹਰ ਛੋਟੇ-ਮੋਟੇ ਕੰਮ ਲਈ ਮਸ਼ੀਨਾਂ ਮੌਜੂਦ ਹਨ। ਘਰ ਦੀ ਸਫ਼ਾਈ ਤੋਂ ਲੈ ਕੇ ਕੱਪੜੇ ਧੋਣ ਤੱਕ, ਅਤੇ ਇੱਕ ਥਾਂ ਤੋਂ ਦੂਜੀ ਥਾਂ ਜਾਣ ਲਈ ਗੱਡੀਆਂ-ਮੋਟਰਾਂ ਨੇ ਸਾਡੀ ਪੈਦਲ ਚੱਲਣ ਦੀ ਆਦਤ ਨੂੰ ਖ਼ਤਮ ਕਰ ਦਿੱਤਾ ਹੈ। ਇਸ ਬਦਲਾਅ ਨੇ ਮਨੁੱਖ ਨੂੰ ਸੁਸਤ ਅਤੇ ਆਲਸੀ ਬਣਾ ਦਿੱਤਾ ਹੈ, ਜਿਸ ਕਾਰਨ ਉਹ ਸਰੀਰਕ ਗਤੀਵਿਧੀਆਂ ਤੋਂ ਲਗਾਤਾਰ ਦੂਰ ਹੁੰਦਾ ਜਾ ਰਹੀ ਹੈ।

ਲੋਕਾਂ ਦਾ ਸਰੀਰਕ ਸੱਭਿਆਚਾਰ ਤੋਂ ਟੁੱਟਣ ਪਿੱਛੇ ਕੋਈ ਇੱਕ ਕਾਰਨ ਨਹੀਂ ਹੈ, ਬਲਕਿ ਕਈ ਸਮਾਜਿਕ, ਆਰਥਿਕ ਅਤੇ ਮਨੋਵਿਗਿਆਨਕ ਕਾਰਨ ਜ਼ਿੰਮੇਵਾਰ ਹਨ। ਮੋਬਾਈਲ ਫੋਨ, ਲੈਪਟਾਪ, ਟੈਲੀਵਿਜ਼ਨ ਅਤੇ ਸੋਸ਼ਲ ਮੀਡੀਆ ਨੇ ਲੋਕਾਂ ਨੂੰ ਆਪਣੇ ਵੱਲ ਇੰਨਾ ਆਕਰਸ਼ਿਤ ਕਰ ਲਿਆ ਹੈ ਕਿ ਲੋਕ ਘੰਟਿਆਂ ਬੱਧੀ ਇੱਕੋ ਜਗ ?ਹਾ ਬੈਠੇ ਰਹਿੰਦੇ ਹਨ। ਬੱਚਿਆਂ ਤੋਂ ਲੈ ਕੇ ਬਜ਼ੁਰਗਾਂ ਤੱਕ, ਸਾਰੇ ਆਪਣਾ ਵਿਹਲਾ ਸਮਾਂ ਪਾਰਕ ਵਿੱਚ ਸੈਰ ਕਰਨ ਦੀ ਬਜਾਏ ਸਕ੍ਰੀਨ ਦੇ ਸਾਹਮਣੇ ਬਿਤਾਉਣਾ ਪਸੰਦ ਕਰਦੇ ਹਨ। ਅੱਜ ਦੀ ਭੱਜ-ਦੌੜ ਭਰੀ ਜ਼ਿੰਦਗੀ ਵਿੱਚ ਹਰ ਇਨਸਾਨ ਪੈਸਾ ਕਮਾਉਣ ਦੀ ਦੌੜ ਵਿੱਚ ਲੱਗਾ ਹੋਇਆ ਹੈ। ਲੋਕ ਦਿਨ-ਰਾਤ ਨੌਕਰੀ ਕਰਦੇ ਹਨ ਅਤੇ ਫਿਰ ਬਹਾਨਾ ਬਣਾਉਂਦੇ ਹਨ ਕਿ ਉਨ੍ਹਾਂ ਕੋਲ ਸੈਰ ਜਾਂ ਕਸਰਤ ਕਰਨ ਲਈ ਸਮਾਂ ਨਹੀਂ ਹੈ।

ਲੇਖਕ ਆਪਣੀਆਂ ਰਚਨਾਵਾਂ ਸਬੰਧੀ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਲਈ ਮੋਬਾਇਲ ਨੰਬਰ 79860-87886'ਤੇ ਸੰਪਰਕ ਕਰਨ।

ਰੋਜ਼ਾਨਾ ਆਜ਼ਾਦ ਸੋਚ 'ਚ ਛਪਣ ਵਾਲੀ ਲੇਖ ਸਮਗਰੀ ਲੇਖਕਾਂ ਦੇ ਨਿਜੀ ਵਿਚਾਰ ਹੁੰਦੇ ਹਨ। ਇੰਨਾਂ ਨਾਲ ਅਖਬਾਰ ਦਾ ਕੋਈ ਲੈਣਾ ਦੇਣਾ ਨਹੀਂ ਹੈ। ਪਾਠਕ ਸਾਹਿਬਾਨ ਨੋਟ ਕਰਨ। ਪ੍ਰਕਾਸ਼ਤ ਸਮੱਗਰੀ ਬਾਰੇ ਕੋਈ ਵੀ ਇਤਰਾਜ਼ ਸਬੰਧਤ ਲੇਖਕ ਕੋਲ ਹੀ ਉਠਾਇਆ ਜਾਵੇ। - ਸੰਪਾਦਕ

# ਮੁੱਖ ਮੰਤਰੀ ਭਗਵੰਤ ਮਾਨ ਦੀ ਲੋਕ-ਹਿਤੈਸ਼ੀ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾਂ' ਨੂੰ ਮਿਲਿਆ ਭਰਪੂਰ ਹੁੰਗਾਰਾ

## ਘਨੌਰ ਦੇ ਪਿੰਡ ਆਕੜ ਤੇ ਚਮਾਰੂ ਵਿੱਚ ਯਾਤਰੀਆਂ ਦੇ ਡਰਾਅ ਕੱਢੇ ਗਏ : ਰਘਵੀਰ ਸਿੰਘ ਗੋਪਾਲਪੁਰ



**ਆਜ਼ਾਦ ਸੋਚ, ਅੰਟਾਲ, ਸੂਦ, ਘਨੌਰ, 18 ਜੂਨ :**

ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਚਲਾਈ ਜਾ ਰਹੀ ਲੋਕ-ਪੱਖੀ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾਂ' ਤਹਿਤ ਹਲਕਾ ਘਨੌਰ ਦੇ ਪਿੰਡ ਆਕੜ ਅਤੇ ਚਮਾਰੂ ਵਿਖੇ ਤੀਰਥ ਯਾਤਰੀਆਂ ਦੀ ਚੋਣ ਲਈ ਡਰਾਅ ਕੱਢੇ ਗਏ। ਇਸ ਮੌਕੇ ਸੰਗਤਾਂ ਵਿੱਚ ਭਾਰੀ ਉਤਸ਼ਾਹ ਅਤੇ ਖੁਸ਼ੀ ਦੇਖਣ ਨੂੰ ਮਿਲੀ। ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਦੀ ਇਸ ਵਿਲੱਖਣ ਪਹਿਲ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਯੋਜਨਾ ਧਾਰਮਿਕ ਭਾਵਨਾਵਾਂ ਨਾਲ ਜੁੜੇ ਹਜ਼ਾਰਾਂ ਲੋਕਾਂ ਲਈ ਵਰਦਾਨ ਸਾਬਤ ਹੋ ਰਹੀ ਹੈ।ਡਰਾਅ ਦੀ ਪ੍ਰਕਿਰਿਆ ਸ: ਰਘਵੀਰ ਸਿੰਘ ਗੋਪਾਲਪੁਰ, ਜ਼ਿਲ੍ਹਾ ਪ੍ਰਧਾਨ, ਵਿਰਾਸਤ ਸੇਵਾ ਸੰਗਠਨ ਪਟਿਆਲਾ ਵੱਲੋਂ ਪਾਰਦਰਸ਼ੀ ਢੰਗ ਨਾਲ ਸੰਪੰਨ ਕਰਵਾਈ ਗਈ। ਉਨ੍ਹਾਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਨਾਲ ਕੀਤੇ ਵਾਅਦੇ ਲਗਾਤਾਰ ਪੂਰੇ ਕਰ ਰਹੀ ਹੈ ਅਤੇ ਤੀਰਥ ਯਾਤਰਾ ਯੋਜਨਾ ਬਜ਼ੁਰਗਾਂ ਅਤੇ ਧਾਰਮਿਕ ਰੁਚੀ ਰੱਖਣ ਵਾਲੇ ਲੋਕਾਂ ਲਈ ਇੱਕ ਇਤਿਹਾਸਕ ਉਪਰਾਲਾ ਹੈ।

ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਸੂਬੇ ਦੇ ਹਰ ਵਰਗ ਦੀ ਭਲਾਈ ਲਈ ਵਚਨਬੱਧ ਹੈ ਅਤੇ ਲੋਕਾਂ ਨੂੰ ਬਿਨਾਂ ਕਿਸੇ ਭੇਦਭਾਵ ਦੇ ਸਰਕਾਰੀ ਸਹੂਲਤਾਂ ਦਾ ਲਾਭ ਦਿੱਤਾ ਜਾ ਰਿਹਾ ਹੈ। ਇਸ ਯੋਜਨਾ ਰਾਹੀਂ ਹਜ਼ਾਰਾਂ ਸ਼ਰਧਾਲੂਆਂ ਨੂੰ ਦੇਸ਼ ਦੇ ਪ੍ਰਮੁੱਖ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਨ ਦਾ ਸੁਨਹਿਰੀ ਮੌਕਾ ਮਿਲ ਰਿਹਾ ਹੈ, ਜਿਸ ਨਾਲ ਲੋਕਾਂ ਵਿੱਚ ਸਰਕਾਰ ਪ੍ਰਤੀ ਵਿਸ਼ਵਾਸ ਹੋਰ ਮਜ਼ਬੂਤ ਹੋਇਆ ਹੈ। ਇਸ ਮੌਕੇ ਪਿੰਡ ਆਕੜ ਦੇ ਸਰਪੰਚ ਸ: ਸਤਨਾਮ ਸਿੰਘ, ਪਿੰਡ ਚਮਾਰੂ ਦੇ ਸਰਪੰਚ ਸ: ਲਖਵਿੰਦਰ ਸਿੰਘ, ਸ: ਦਰਸ਼ਨ ਸਿੰਘ ਦਸਮੇਸ਼ ਨਗਰ, ਸੰਦੀਪ ਸਿੰਘ, ਸਿਵਾਨੀ ਜੀ ਸਮੇਤ ਹੋਰ ਪਤਵੰਤੇ ਆਗੂ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ। ਹਾਜ਼ਰ ਸੰਗਤਾਂ ਨੇ ਪੰਜਾਬ ਸਰਕਾਰ ਅਤੇ ਮੁੱਖ ਮੰਤਰੀ ਭਗਵੰਤ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੀਆਂ ਲੋਕ-ਭਲਾਈ ਯੋਜਨਾਵਾਂ ਸਮਾਜ ਦੇ ਹਰ ਵਰਗ ਨੂੰ ਸਰਕਾਰ ਨਾਲ ਜੋੜਨ ਦਾ ਕੰਮ ਕਰ ਰਹੀਆਂ ਹਨ।

ਡਰਾਅ ਦੌਰਾਨ ਪੂਰਾ ਮਾਹੌਲ ਧਾਰਮਿਕ ਰੰਗ ਵਿੱਚ ਰੰਗਿਆ ਹੋਇਆ ਦਿਖਾਈ ਦਿੱਤਾ ਅਤੇ ਚੁਣੇ ਗਏ ਯਾਤਰੀਆਂ ਨੂੰ ਸੰਗਤਾਂ ਵੱਲੋਂ ਵਧਾਈਆਂ ਦਿੱਤੀਆਂ ਗਈਆਂ। ਪਿੰਡ ਵਾਸੀਆਂ ਨੇ ਉਮੀਦ ਜਤਾਈ ਕਿ ਪੰਜਾਬ ਸਰਕਾਰ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੀਆਂ ਲੋਕ-ਹਿਤੈਸ਼ੀ ਯੋਜਨਾਵਾਂ ਜਾਰੀ ਰੱਖੇਗੀ, ਤਾਂ ਜੋ ਆਮ ਲੋਕਾਂ ਨੂੰ ਸਿੱਧਾ ਲਾਭ ਮਿਲਦਾ ਰਹੇ।

# ਰਾਮ ਦਾਸ ਭੁੱਕਲ ਨੂੰ ਬਣਾਇਆ ਗਿਆ ਬਸਪਾ ਸੰਗਰੂਰ ਦਾ ਜ਼ਿਲ੍ਹਾ ਮੀਤ ਪ੍ਰਧਾਨ

**ਆਜ਼ਾਦ ਸੋਚ, ਸਤਨਾਮ ਸਿੰਘ ਛਾਬੜਾ, ਖਨੌਰੀ, 18 ਜੂਨ :**

ਬਹੁਜਨ ਸਮਾਜ ਪਾਰਟੀ (ਬਸਪਾ) ਦੇ ਜਥੇਬੰਦਕ ਢਾਂਚੇ ਨੂੰ ਮਜ਼ਬੂਤ ਕਰਨ ਲਈ ਪਾਰਟੀ ਹਾਈਕਮਾਂਡ ਵੱਲੋਂ ਇੱਕ ਅਹਿਮ ਫੈਸਲਾ ਲੈਂਦਿਆਂ, ਸੀਨੀਅਰ ਅਤੇ ਟਕਸਾਲੀ ਆਗੂ ਰਾਮਦਾਸ ਭੁੱਕਲ ਨੂੰ ਜ਼ਿਲ੍ਹਾ ਸੰਗਰੂਰ ਦਾ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਇਹ ਨਿਯੁਕਤੀ ਪਾਰਟੀ ਦੀ ਰਾਸ਼ਟਰੀ ਪ੍ਰਧਾਨ ਭੈਣ ਕੁਮਾਰੀ ਮਾਇਆਵਤੀ ਜੀ, ਸੂਬਾ ਪ੍ਰਧਾਨ ਸਰਦਾਰ ਅਵਤਾਰ ਸਿੰਘ ਕਰੀਮਪੁਰੀ ਅਤੇ ਸੂਬਾ ਜਨਰਲ ਸਕੱਤਰ ਡਾਕਟਰ ਮੱਖਣ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਹੇਠ, ਯੂਥ ਦੇ ਜ਼ਿਲ੍ਹਾ ਇੰਚਾਰਜ ਅਮਨ ਬੌਧ ਅਤੇ ਜ਼ਿਲ੍ਹਾ ਪ੍ਰਧਾਨ ਸਰਦਾਰ ਸਤਿਗੁਰ ਸਿੰਘ ਮੱਟੂ ਦੀ ਯੋਗ ਅਗਵਾਈ ਹੇਠ ਕੀਤੀ ਗਈ ਹੈ।ਜ਼ਿਕਰਯੋਗ ਹੈ ਕਿ ਰਾਮਦਾਸ ਭੁੱਕਲ ਲੰਬੇ ਸਮੇਂ ਤੋਂ ਪਾਰਟੀ ਨੂੰ ਸਮਰਪਿਤ ਹਨ। ਉਨ੍ਹਾਂ ਨੇ ਪਾਰਟੀ ਵਿੱਚ ਬੂਥ ਪੱਧਰ ਤੋਂ ਕੰਮ ਸ਼ੁਰੂ ਕਰਕੇ ਹਲਕਾ ਪ੍ਰਧਾਨ ਅਤੇ 3 ਵਾਰ ਹਲਕਾ ਇੰਚਾਰਜ ਵਜੋਂ ਸੇਵਾਵਾਂ ਨਿਭਾਈਆਂ ਹਨ। ਇਸ ਤੋਂ ਇਲਾਵਾ, ਉਹ ਸਾਲ 2017 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਬਸਪਾ ਦੇ



ਚੋਣ ਨਿਸ਼ਾਨ 'ਹਾਥੀ' ਉੱਪਰ ਚੋਣ ਵੀ ਲੜ ਚੁੱਕੇ ਹਨ। ਉਨ੍ਹਾਂ ਦੀਆਂ ਇਨ੍ਹਾਂ ਵਡਮੁੱਲੀਆਂ ਸੇਵਾਵਾਂ ਅਤੇ ਵਫ਼ਾਦਾਰੀ ਨੂੰ ਦੇਖਦੇ ਹੋਏ ਪਾਰਟੀ ਵੱਲੋਂ ਹੁਣ ਉਨ੍ਹਾਂ ਨੂੰ ਜ਼ਿਲ੍ਹਾ ਮੀਤ ਪ੍ਰਧਾਨ ਦਾ ਅਹਿਮ ਅਹੁਦਾ ਸੌਂਪਿਆ ਗਿਆ ਹੈ। ਇਸ ਮੌਕੇ ਗੱਲਬਾਤ ਕਰਦਿਆਂ ਨਵ-ਨਿਯੁਕਤ ਜ਼ਿਲ੍ਹਾ ਮੀਤ ਪ੍ਰਧਾਨ ਰਾਮਦਾਸ ਭੁੱਕਲ ਨੇ ਕਿਹਾ, "ਮੈਂ ਭੈਣ ਕੁਮਾਰੀ ਮਾਇਆਵਤੀ ਜੀ, ਸਰਦਾਰ ਅਵਤਾਰ ਸਿੰਘ ਕਰੀਮਪੁਰੀ, ਡਾਕਟਰ ਮੱਖਣ ਸਿੰਘ, ਅਮਨ ਬੌਧ ਅਤੇ ਜ਼ਿਲ੍ਹਾ ਪ੍ਰਧਾਨ ਸਰਦਾਰ ਸਤਿਗੁਰ ਸਿੰਘ ਮੱਟੂ ਦਾ ਤਹਿ ਦਿਲੋਂ ਧੰਨਵਾਦੀ ਹਾਂ, ਜਿਨ੍ਹਾਂ ਨੇ ਮੇਰੀ ਮਿਹਨਤ 'ਤੇ ਭਰੋਸਾ ਜਤਾਇਆ। ਮੈਂ ਪਹਿਲਾਂ ਵਾਂਗ ਹੀ ਪੂਰੀ ਇਮਾਨਦਾਰੀ ਨਾਲ ਪਾਰਟੀ ਦੀ ਚੜ੍ਹਦੀ ਕਲਾ ਲਈ ਕੰਮ ਕਰਾਂਗਾ ਅਤੇ ਬਾਬਾਸਾਹਿਬ ਡਾ. ਬੀ.ਆਰ. ਅੰਬੇਡਕਰ ਤੇ ਮਾਨਵਰ ਕਾਂਸ਼ੀ ਰਾਮ ਜੀ ਦੇ ਮਿਸ਼ਨ ਨੂੰ ਘਰ-ਘਰ ਤੱਕ ਪਹੁੰਚਾਵਾਂਗਾ।" ਇਸ ਖੁਸ਼ੀ ਦੇ ਮੌਕੇ 'ਤੇ ਰਾਮਦਾਸ ਭੁੱਕਲ ਨੂੰ ਵਧਾਈ ਦੇਣ ਲਈ ਹਲਕਾ ਲਹਿਰਾ ਦੇ ਸੀਨੀਅਰ ਆਗੂ ਤੇ ਹਲਕਾ ਪ੍ਰਧਾਨ ਰਾਜਕੁਮਾਰ ਬੋਪੁਰ, ਭੂਰਾ ਸਿੰਘ ਲਹਿਲ, ਬਾਲੀ ਸਿੰਘ *ਹਿਲ, ਗੁਲਾਬ ਸਿੰਘ ਛਾਛੀਆਂ, ਪਵਿੱਤਰ ਸਿੰਘ ਸੰਗਰੂਰ, ਸੋਨੂੰ ਰਾਣਾ ਅਤੇ ਹਰਦੀਪ ਸਿੰਘ ਰਾਮਪੁਰਾ ਆਦਿ ਸਾਥੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਇਨ੍ਹਾਂ ਸਾਰੇ ਆਗੂਆਂ ਅਤੇ ਵਰਕਰਾਂ ਨੇ ਰਾਮਦਾਸ ਭੁੱਕਲ ਦਾ ਮੂੰਹ ਮਿੱਠਾ ਕਰਵਾਇਆ ਅਤੇ ਉਮੀਦ ਜਤਾਈ ਕਿ ਉਨ੍ਹਾਂ ਦੀ ਅਗਵਾਈ ਹੇਠ ਜ਼ਿਲ੍ਹੇ ਵਿੱਚ ਪਾਰਟੀ ਹੋਰ ਮਜ਼ਬੂਤ ਹੋਵੇਗੀ।

# ਸਰਕਾਰੀ ਹਸਪਤਾਲ ਧੂਰੀ ਵਿੱਚ ਮੁਫ਼ਤ ਲੰਗਰ ਸੇਵਾ ਸ਼ਲਾਘਾਯੋਗ ਉਪਰਾਲਾ : ਵਰਿੰਦਰ ਕੁਮਾਰ ਕੱਦ

**ਆਜ਼ਾਦ ਸੋਚ, ਵਰਮਾ, ਧੂਰੀ, 18 ਜੂਨ:**

ਸਰਬ ਭਾਰਤੀ ਸੇਵਾ ਸਮਿਤੀ ਰਜਿ ਧੂਰੀ ਵੱਲੋਂ ਸ਼ਹਿਰ ਨਿਵਾਸੀਆਂ ਦੇ ਸਹਿਯੋਗ ਨਾਲ ਸਰਕਾਰੀ ਹਸਪਤਾਲ ਵਿੱਚ ਮਰੀਜ਼ਾਂ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਲਈ ਚਲਾਈ ਜਾ ਰਹੀ ਮੁਫ਼ਤ ਲੰਗਰ ਸੇਵਾ ਦੀ ਹਰ ਪਾਸੇ ਸ਼ਲਾਘਾ ਕੀਤੀ ਜਾ ਰਹੀ ਹੈ। ਇਸ ਸਬੰਧੀ ਖੱਤਰੀ ਮਹਾ ਸਭਾ ਦੇ ਸੂਬਾ ਪ੍ਰਧਾਨ ਅਤੇ ਜ਼ਿਲ੍ਹਾ ਇੰਚਾਰਜ ਸੰਗਰੂਰ-ਮਲੇਰਕੋਟਲਾ ਵਰਿੰਦਰ ਕੁਮਾਰ ਕੱਦ ਨੇ ਕਿਹਾ ਕਿ ਇਹ ਬਹੁਤ ਹੀ ਸ਼ਲਾਘਾਯੋਗ ਅਤੇ ਮਨੁੱਖਤਾ ਭਰਿਆ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਦੂਰ-ਦੁਰਾਡੇ ਪਿੰਡਾਂ ਅਤੇ ਸ਼ਹਿਰਾਂ ਤੋਂ ਆਪਣੇ ਮਰੀਜ਼ਾਂ ਦਾ ਇਲਾਜ ਕਰਵਾਉਣ ਲਈ ਆਉਣ ਵਾਲੇ ਲੋਕਾਂ ਨੂੰ ਇਸ ਸੇਵਾ ਨਾਲ ਵੱਡੀ ਰਾਹਤ ਮਿਲ ਰਹੀ ਹੈ। ਉਨ੍ਹਾਂ ਦੱਸਿਆ ਕਿ ਹਸਪਤਾਲ ਵਿੱਚ ਦਾਖਲ ਮਰੀਜ਼ ਦੀ ਚਿੰਤਾ ਦੇ ਨਾਲ-ਨਾਲ ਪਰਿਵਾਰਕ



ਮੈਂਬਰਾਂ ਨੂੰ ਭੋਜਨ ਦੀ ਵੀ ਫਿਕਰ ਰਹਿੰਦੀ ਹੈ।ਮਹਿੰਗਾਈ ਦੇ ਇਸ ਦੌਰ ਵਿੱਚ ਕਈ ਗਰੀਬ ਅਤੇ ਲੋੜਵੰਦ ਪਰਿਵਾਰਾਂ ਲਈ ਬਾਹਰੋਂ ਭੋਜਨ ਖਰੀਦਣਾ ਮੁਸ਼ਕਲ ਹੋ ਜਾਂਦਾ ਹੈ। ਪਹਿਲਾਂ ਕਈ ਮਰੀਜ਼ਾਂ ਦੇ ਨਾਲ ਆਏ ਰਿਸ਼ਤੇਦਾਰ ਭੋਜਨ ਦੀ ਢੁੱਕਵੀਂ ਵਿਵਸਥਾ ਨਾ ਹੋਣ ਕਾਰਨ ਭੁੱਖੇ ਰਹਿਣ ਲਈ ਮਜਬੂਰ ਹੋ ਜਾਂਦੇ ਸਨ, ਪਰ ਹੁਣ ਇਸ ਮੁਫ਼ਤ ਲੰਗਰ ਸੇਵਾ ਨੇ ਉਨ੍ਹਾਂ ਦੀ ਇਸ ਸਮੱਸਿਆ ਨੂੰ ਕਾਫ਼ੀ ਹੱਦ ਤੱਕ ਦੂਰ ਕਰ ਦਿੱਤਾ ਹੈ। ਵਰਿੰਦਰ ਕੁਮਾਰ ਨੇ ਸਰਬ ਭਾਰਤੀ ਸੇਵਾ ਸਮਿਤੀ ਅਤੇ ਇਸ ਕਾਰਜ ਵਿੱਚ ਸਹਿਯੋਗ ਦੇ ਰਹੇ ਸ਼ਹਿਰ ਨਿਵਾਸੀਆਂ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਸਮਾਜ ਸੇਵਾ ਦੇ ਅਜਿਹੇ ਉਪਰਾਲੇ ਹੋਰਨਾਂ ਸੰਸਥਾਵਾਂ ਲਈ ਵੀ ਪ੍ਰੇਰਨਾ ਸਰੋਤ ਹਨ। ਉਨ੍ਹਾਂ ਆਸ ਪ੍ਰਗਟਾਈ ਕਿ ਇਹ ਸੇਵਾ ਭਵਿੱਖ ਵਿੱਚ ਵੀ ਨਿਰੰਤਰ ਜਾਰੀ ਰਹੇਗੀ ਅਤੇ ਲੋੜਵੰਦ ਲੋਕਾਂ ਨੂੰ ਇਸ ਦਾ ਲਾਭ ਮਿਲਦਾ ਰਹੇਗਾ। ਇਸ ਮੌਕੇ ਰਕੇਸ਼ ਕੁਮਾਰ ਪ੍ਰਧਾਨ, ਸੰਜੇ ਕੁਮਾਰ, ਕਮਲਜੀਤ ਸਿੰਘ, ਸੋਨੂ ਢਿੱਲੋਂ, ਸੁਭਾਸ਼ ਕੁਮਾਰ, ਗੁਰਮੇਲ ਸਿੰਘ ਤੋਂ ਇਲਾਵਾ ਸਮਿਤੀ ਮੈਂਬਰ ਹਾਜ਼ਰ ਸਨ।

# ਭਾਰਤ-ਚੀਨ( ਤਿੱਬਤ) ਸਰਹੱਦ 'ਤੇ ਪਾਣੀ ਬਚਾਓ,ਦਰੱਖਤਾਂ ਨੂੰ ਬਚਾਓ ਦਾ ਜਾਗਰੂਕਤਾ ਬੈਨਰ ਦਾ ਪ੍ਰਦਰਸ਼ਿਤ ਕੀਤਾ

**ਆਜ਼ਾਦ ਸੋਚ, ਕੰਵਲ ਸਰਾਂ, ਫਰੀਦਕੋਟ, 18 ਜੂਨ:**

ਰੋਟਰੀ ਇੰਟਰਨੈਸ਼ਨਲ ਕਲੱਬ ਜੋ ਦੁਨੀਆ ਵਿੱਚ ਕਿਸੇ ਜਾਣਕਾਰੀ ਦੀ ਮੁਥਾਜ ਨਹੀਂ। ਇਸ ਸੰਸਥਾ ਵੱਲੋਂ ਦੁਨੀਆ ਵਿੱਚ ਤੇ ਭਾਰਤ ਵਿਚ ਵੱਖ ਵੱਖ ਏਰੀਏ ਵਿੱਚ ਲੋਕ ਭਲਾਈ ਦੇ ਪ੍ਰੋਜੈਕਟ ਲਗਾ ਕੇ ਸਮਾਜ ਵਿੱਚ ਅਜਿਹੇ ਕੰਮ ਕੀਤੇ ਜਿਨਾਂ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ। ਇਸ ਦੀ ਕੜੀ ਤਹਿਤ ਪੀ.ਡੀ.ਜੀ ਰੋਟੇਰੀਅਨ ਬਾਘ ਸਿੰਘ ਪੰਨੂੰ ਨੇ ਇੱਕ ਹੋਰ ਮੀਲ ਪੱਥਰ ਹਿਮਾਚਲ ਪ੍ਰਦੇਸ਼ ਦੀ ਸੁੰਦਰ ਸਪੀਤੀ ਘਾਟੀ ਵਿੱਚ ਸਥਾਪਿਤ ਕਰ ਦਿੱਤਾ। ਪੰਨੂੰ ਨੇ ਇਤਿਹਾਸਕ ਤਾਬੋ ਮੱਠ,ਧੰਕਰ ਮੱਠ ਵਿਖੇ ਪਾਣੀ ਬਚਾਓ,ਦਰੱਖਤਾਂ ਨੂੰ ਬਚਾਓ ਅਤੇ ਪਲਾਸਟਿਕ ਦੀ ਵਰਤੋ ਨਾ ਕਰੋ ਦਾ ਜਾਗਰੂਕਤਾ ਬੈਨਰ ਦਾ ਪ੍ਰਦਰਸ਼ਿਤ ਕੀਤਾ ਤੇ ਉੱਥੇ ਦੇ ਰਹਿਣ ਵਾਲੇ ਲੋਕਾਂ ਨੂੰ ਜਾਗੂ ਕਰਵਾਇਆ। ਇੱਥੇ ਹਜਾਰ ਸਾਲ ਪੁਰਾਣੇ ਤਾਬੋ ਮੱਠ, ਜਿਸ ਨੂੰ "ਹਿਮਾਲਿਆ ਦਾ ਅਜੰਤਾ" ਵੀ ਕਿਹਾ ਜਾਂਦਾ ਹੈ ਅਤੇ ਭਾਰਤ ਦੇ ਸਭ ਤੋ ਪ੍ਰਾਚੀਨ ਅਤੇ ਨਿਰੰਤਰ ਚੱਲ ਰਹੇ ਬੋਧ ਕੇਂਦਰਾਂ ਵਿੱਚੋਂ ਇੱਕ ਹੈ। ਇਸੇ ਤਰਾਂ ਧੰਕਰ ਮੱਠ ਆਪਣੀ ਵਿਲੱਖਣ ਪਹਾੜੀ ਚੋਟੀ ਉੱਤੇ ਬਣੀ ਸ਼ਾਨਦਾਰ ਸਥਿਤ ਅਤੇ ਇਤਿਹਾਸਕ ਮਹੱਤਤਾ ਲਈ ਪ੍ਰਸਿੱਧ ਹੈ ਵਿਖੇ ਪੀ.ਡੀ.ਜੀ. ਰੋਟੇਰੀਅਨ ਬਾਘ ਸਿੰਘ ਪੰਨੂੰ (ਡਿਸਟ੍ਰਿਕਟ ਗਵਰਨਰ 2017-18 ਰੋਟਰੀ ਇੰਟਰਨੈਸ਼ਨਲ ਡਿਸਟ੍ਰਿਕਟ 3090) ਨੇ ਪਾਣੀ ਦੀ ਸੰਭਾਲ,ਵੱਧ ਤੋਂ ਵੱਧ ਰੁੱਖ ਲਗਾਉਣੇ ਅਤੇ ਪਲਾਸਟਿਕ ਦੀ ਵਰਤੋਂ ਤੋਂ ਬਚਣ ਦਾ ਸੰਦੇਸ਼ ਦਿੰਦਿਆ ਕਿਹਾ ਕਿ ਵਾਤਾਵਰਣ ਦੀ ਸੁਰੱਖਿਆ ਸਾਡੀ ਸਾਂਝੀ ਜਿੰਮੇਵਾਰੀ ਹੈ। ਕੁਦਰਤ ਨੂੰ ਬਚਾ ਕੇ ਹੀ ਅਸੀਂ ਆਉਣ ਵਾਲੀਆਂ ਪੀੜ੍ਹੀਆਂ ਲਈ ਸੁਰੱਖਿਆ ਅਤੇ ਸੁੰਦਰ ਭਵਿੱਖ ਨੂੰ ਯਕੀਨ ਬਣਾ ਸਕਦੇ ਹਾਂ। ਪੀ.ਡੀ.ਜੀ. ਰੋਟੇਰੀਅਨ ਬਾਘ ਸਿੰਘ ਪੰਨੂੰ ਇੱਥੋ ਹੀ ਬਸ ਨਹੀ ਹੋਏ ਹਿਮਾਚਲ ਪ੍ਰਦੇਸ਼ ਦੇ ਭਾਰਤ-ਚੀਨ( ਤਿੱਬਤ) ਸਰਹੱਦ ਨੇੜੇ ਸਥਿਤ 3920 ਮੀਟਰ ਉੱਚੇ ਲੇਪਚਾ ਲਾ ਪਾਸ ਵਿਖੇ ਵੀ ਬੈਨਰ ਲਗਾਕੇ ਪਾਣੀ ਦੀ ਸੰਭਾਲ,ਵੱਧ ਤੋ ਵੱਧ ਰੁੱਖ ਲਗਾਉਣੇ ਅਤੇ ਪਲਾਸਟਿਕ ਦੀ ਵਰਤੋ ਤੋ ਬਚਨ ਦਾ ਸੰਦੇਸ਼ ਦਿੱਤਾ। ਪੰਨੂੰ ਦੀ ਇਸ ਮੁਹਿੰਮ ਵਾਤਾਵਰਣ ਸੰਭਾਲ, ਜਲ ਬਚਾਓ, ਰੁੱਖ ਲਗਾ ? ਅਤੇ ਪਲਾਸਟਿਕ ਮੁਕਤ ਸਮਾਜ ਦੇ ਸੰਦੇਸ਼ ਨੂੰ ਦੁਨੀਆ




ਦੇ ਦੂਰ-ਦੁਰਾਡੇ ਅਤੇ ਇਤਿਹਾਸਿਕ ਸਥਾਨਾਂ ਤੱਕ ਪਹੁੰਚਾਉਣ ਦਾ ਇੱਕ ਵਿਲੱਖਣ ਉਪਰਾਲਾ ਹੈ।ਪ੍ਰਸਿੱਧ ਰੋਟੇਰੀਅਨ ਬਾਘ ਸਿੰਘ ਪੰਨੂੰ ਨੇ ਰੋਟਰੀ ਕਲੱਬ ਰਾਜਪਾਲਯਮ (ਡਿਸਟ੍ਰਿਕਟ 3212) ਵਿਖੇ 289ਵੇਂ ਪਾਲ ਹੈਰਿਸ ਬਸਟ ਦਾ ਉਦਘਾਟਨ ਕਰਕੇ ਇੱਕ ਹੋਰ ਇਤਿਹਾਸਕ ਮੀਲ ਪੱਥਰ ਸਥਾਪਿਤ ਕੀਤਾ ਹੈ। ਰੋਟਰੀ ਦੇ 121 ਸਾਲਾਂ ਦੇ ਇਤਿਹਾਸ ਵਿੱਚ ਸ਼ਾਇਦ ਪਹਿਲੀ ਵਾਰ ਅਜਿਹੇ ਪ੍ਰਸਿੱਧ ਅਤੇ ਦੂਰਦਰਸ਼ ਸਥਾਨਾਂ ਤੇ ਵਾਤਾਵਰਣ ਸੁਰੱਖਿਆ ਅਤੇ ਰੋਟਰੀ ਦੇ ਸੰਦੇਸ਼ ਨਾਲ ਬੈਨਰ ਪ੍ਰਦਰਸ਼ਿਤ ਕਰਕੇ ਇੱਕ ਨਵਾਂ ਕੀਰਤੀਮਾਨ ਸਿਰਜਣ ਦੀ ਪਹਿਲ ਕੀਤੀ ਹੈ। ਯਾਦ ਰਹੇ ਇਹ ਬੈਨਰ ਰੋਟਰੀ ਕਲੱਬ ਫਰੀਦਕੋਟ ਨੂੰ ਇੱਕ ਪ੍ਰੋਜੈਕਟ ਦਿੱਤਾ ਗਿਆ ਸੀ ਉਸ ਸਮੇਂ ਕਲੱਬ ਦੇ ਪ੍ਰਸਿੱਧ ਡਾ.ਸੁਰਿੰਦਰ ਪਾਲ ਸਿੰਘ ਸੰਧੀ ਜਿਨਾਂ ਦੀ ਸਖਤ ਮਿਹਨਤ ਸਦਕਾ ਇਸ ਪ੍ਰੋਜੈਕਟ ਦੀ ਉਸ ਸਮੇਂ ਸ਼ੁਰੂਆਤ ਕੀਤੀ ਗਈ ਸੀ ਤੇ ਡਾ.ਸੰਧੀ ਇਸ ਪ੍ਰੋਜੈਕਟ ਦੇ ਚੇਅਰਮੈਨ ਸਨ। ਡਾ.ਸੰਧੀ 06 ਜੁਲਾਈ 2025 ਨੂੰ ਅਚਾਨਕ ਸਾਨੂੰ ਸਦੀਵੀ ਵਿਛੋੜਾ ਦੇ ਗਏ ਸਨ । ਡਾ.ਸੰਧੀ ਇੱਕ ਰੋਟੇਰੀਅਨ ਨਹੀ ਸਨ ਉਹ ਇੱਕ ਸੰਸਥਾ ਸਨ। ਅੱਜ ਉਹਨਾਂ ਦੇ ਚਲੇ ਜਾਣ ਨਾਲ ਪ੍ਰੀਵਾਰ ਨੂੰ ਤਾਂ ਘਾਟਾ ਪਿਆ ਹੀ ਇਸ ਤੋਂ ਵੱਧ ਘਾਟਾ ਰੋਟਰੀ ਨੂੰ ਪਿਆ। ਅੱਜ ਜਦੋਂ ਪੀ.ਡੀ.ਜੀ. ਰੋਟੇਰੀਅਨ ਬਾਘ ਸਿੰਘ ਪੰਨੂੰ (ਡਿਸਟ੍ਰਿਕਟ ਗਵਰਨਰ 2017-18 ਰੋਟਰੀ ਇੰਟਰਨੈਸ਼ਨਲ ਡਿਸਟ੍ਰਿਕਟ 3090) ਡਾ.ਸੰਧੀ ਦੀ ਬੈਨਰ ਤੇ ਲੱਗੀ ਤਸਵੀਰ ਵਾਲਾ ਬੈਨਰ ਹਿਮਾਚਲ ਪ੍ਰਦੇਸ਼ ਦੇ ਭਾਰਤ-ਚੀਨ( ਤਿੱਬਤ) ਸਰਹੱਦ ਤੇ ਹਿਮਾਚਲ ਪ੍ਰਦੇਸ਼ ਦੀ ਸੁੰਦਰ ਸਪੀਤੀ ਘਾਟੀ ਵਿਖੇ ਇਤਿਹਾਸਕ ਤਾਬੋ ਮੱਠ,ਧੰਕਰ ਮੱਠ ਵਿਖੇ ਪਾਣੀ ਬਚਾਓ,ਦਰੱਖਤਾਂ ਨੂੰ ਬਚਾਓ ਅਤੇ ਪਲਾਸਟਿਕ ਦੀ ਵਰਤੋ ਨਾ ਕਰੋ ਦਾ ਜਾਗਰੂਕਤਾ ਦਾ ਸੰਦੇਸ਼ ਦਿੰਦੇ ਹਨ ਤਾਂ ਸਾਨੂੰ ਇਹ ਲੱਗਦਾ ਹੈ ਡਾ.ਸੰਧੀ ਰੋਟਰੀ ਦੇ ਕਾਰਜ ਹੁਣ ਵੀ ਪੂਰੇ ਕਰ ਰਹੇ ਹਨ। ਰੋਟਰੀ ਕਲੱਬ ਫਰੀਦਕੋਟ ਦੇ ਪ੍ਰਧਾਨ ਰੋਟੇਰੀਅਨ ਅਸ਼ਵਨੀ ਬਾਂਸਲ,ਸੈਕਟਰੀ ਦਵਿੰਦਰ ਸਿੰਘ ਪੰਜਾਬ ਮੋਟਰਜ਼ ਅਤੇ ਰੋਟੇਰੀਅਨ ਮਨਪ੍ਰੀਤ ਸਿੰਘ ਬਰਾੜ ( ਭੋਲੂਵਾਲਾ) ਕੋ-ਚੇਅਰਮੈਨ ਅਤੇ ਸਮੂਹ ਮੈਂਬਰਾਂ ਨੇ ਤਹਿ ਦਿਲੋਂ ਧੰਨਵਾਦ ਕੀਤਾ ਹੈ ਪੀ.ਡੀ.ਜੀ. ਰੋਟੇਰੀਅਨ ਬਾਘ ਸਿੰਘ ਪੰਨੂੰ (ਡਿਸਟ੍ਰਿਕਟ ਗਵਰਨਰ 2017-18 ਰੋਟਰੀ ਇੰਟਰਨੈਸ਼ਨਲ ਡਿਸਟ੍ਰਿਕਟ 3090) ਦਾ ਅਤੇ ਕਿਹਾ ਪੰਨੂੰ ਵੱਲੋਂ ਕੀਤੇ ਜਾ ਰਹੇ ਕਾਰਜ ਬਹੁਤ ਹੀ ਸ਼ਲਾਘਾਯੋਗ ਹਨ। ਰੋਟੇਰੀਅਨ ਡਾ.ਸੁਰਿੰਦਰ ਪਾਲ ਸਿੰਘ ਸੰਧੀ ਵੱਲੋਂ ਆਰੰਭ ਕੀਤੇ ਕਾਰਜ ਭਾਰਤ-ਚੀਨ( ਤਿੱਬਤ) ਸਰਹੱਦ ਅਤੇ ਇਤਿਹਾਸਕ ਤਾਬੋ ਮੱਠ,ਧੰਕਰ ਮੱਠ ਵਿੱਖੇ ਲੋਕਾਂ ਨੂੰ ਕਰ ਰਹੇ ਹਨ ਜਾਗਰੂਕ। ਰੋਟਰੀ ਕਲੱਬ ਫਰੀਦਕੋਟ ਦੇ ਸੀਨੀਅਰ ਮੈਂਬਰ ਜਿਨਾਂ ਵਿੱਚ ਐਡਵੋਕੇਟ ਲਲਿਤ ਮੋਹਨ ਗੁਪਤਾ , ਅਸ਼ੋਕ ਸੱਚਰ, ਡਾ.ਬਿਮਲ ਗਰਗ, ਭਾਰਤ ਭੂਸ਼ਣ ਸਿੰਗਲਾ , ਸੰਜੀਵ ਗਰਗ , ਕੁਲਜੀਤ ਸਿੰਘ ਵਾਲੀਆ,,ਇੰਜ.ਜੀਤ ਸਿੰਘ, ਪ੍ਰਿਤਪਾਲ ਸਿੰਘ ਕੋਹਲੀ,ਰਮੇਸ਼ ਚੰਦਰ ਜੈਨ, ਅਤੇ ਅਰਵਿੰਦ ਛਾਬੜਾ ਨੇ ਪੀ.ਡੀ.ਜੀ ਬਾਘ ਸਿੰਘ ਪੰਨੂੰ ਦੀ ਉਹਨਾਂ ਵੱਲੋ ਕੀਤੇ ਜਾ ਰਹੇ ਕਾਰਜਾਂ ਦਾ ਵਿਸ਼ੇਸ਼ ਧੰਨਵਾਦ ਕੀਤਾ।

# ਨੌਜਵਾਨ ਸਭਾ ਵੱਲੋਂ ਠੰਡੇ-ਮਿੱਠੇ ਪਾਣੀ ਦੀ ਛਬੀਲ ਲਗਾਈ ਗਈ



**ਆਜ਼ਾਦ ਸੋਚ, ਅਭਿਸ਼ੇਕ ਸੂਦ, ਭਾਗ ਸਿੰਘ, ਘਨੌਰ, 18 ਜੂਨ :**

ਪਿੰਡ ਸੈਦ ਖੇੜੀ ਵਿਖੇ ਸੰਤ ਬਾਬਾ ਤੁਲਸੀ ਦਾਸ ਜੀ ਦੇ ਗੁਰਦੁਆਰਾ ਸਾਹਿਬ ਵਿਖੇ ਉੱਥੇ ਦੀ ਪ੍ਰਬੰਧਕ ਕਮੇਟੀ ਅਤੇ ਨੌਜਵਾਨ ਸਭਾ ਵੱਲੋਂ ਠੰਡੇ ਮਿੱਠੇ ਪਾਣੀ ਦੀ ਛਬੀਲ ਲਗਾਈ ਗਈ ਜਿਸ ਵਿੱਚ ਵਿਸ਼ੇਸ਼ ਤੌਰ ਤੇ ਭਾਰਤੀ ਕਿਸਾਨ ਮਜ਼ਦੂਰ ਯੂਨੀਅਨ ਭਾਰਤ ਦੇ ਕੌਮੀ ਪ੍ਰਧਾਨ ਮਨਜੀਤ ਸਿੰਘ ਘੁਮਾਣਾ, ਲੱਖਾ ਸਿੰਘ ਸਾਬਕਾ ਸਰਪੰਚ ਕਬੂਲਪੁਰ ਮੀਤ ਪ੍ਰਧਾਨ ਪੰਜਾਬ, ਬਲਕਾਰ ਸਿੰਘ ਸੂਬਾ ਸਕੱਤਰ ਪੰਜਾਬ, ਸਰਿੰਦਰ ਸਿੰਘ ਮੀਤ ਪ੍ਰਧਾਨ ਜਿਲਾ ਪਟਿਆਲਾ ਪਹੁੰਚੇ ਜਿੱਥੇ ਗੁਰਦੁਆਰਾ ਸਾਹਿਬ ਦੇ ਪ੍ਰਬੰਧਕ ਕਮੇਟੀ ਤੇ ਨੌਜਵਾਨ ਵੀਰਾਂ ਨੇ ਕੌਮੀ ਪ੍ਰਧਾਨ ਮਨਜੀਤ ਸਿੰਘ ਘੁਮਾਣਾ ਅਤੇ ਉਹਨਾਂ ਦੇ ਸਾਥੀਆਂ ਦਾ ਸਿਰੋਪਾਓ ਦੀ ਬਖਸ਼ਿਸ਼ ਦੇ ਕੇ ਸਨਮਾਨ ਕੀਤਾ ਇਸ ਮੌਕੇ ਮਨਜੀਤ ਸਿੰਘ ਘੁਮਾਣਾ ਵੱਲੋਂ ਸੇਵਾ ਕਰਨ ਵਾਲੇ ਸੇਵਾਦਾਰਾਂ ਦੀ ਮਾਲੀ ਮਦਦ ਕਰਕੇ ਹੌਂਸਲਾ ਅਫਜਾਈ ਕੀਤੀ ਗਈ ਇਸ ਮੌਕੇ ਬਿੱਟੂ ਸਿੰਘ ਸੈਦ ਖੇੜੀ ਇਕਾਈ ਪ੍ਰਧਾਨ, ਇਸ਼ਵਿੰਦਰ ਸਿੰਘ, ਬਲਜੀਤ ਸਿੰਘ ਹੈਡ ਗ੍ਰੰਥੀ , ਗੁਰਮੇਲ ਸਿੰਘ ਬਖ਼ਸ਼ੀਸ਼ ਸਿੰਘ, ਜਸ਼ਨ ਸਿੰਘ , ਹਰਮਨ ਸਿੰਘ , ਜਸ਼ਨ ਸਿੰਘ , ਗੈਵੀ , ਕੀਰਤ, ਵਿੱਕੀ , ਕਾਲੀ, ਗੁਰਵਿੰਦਰ ਸਿੰਘ, ਹਰਪ੍ਰੀਤ ਸਿੰਘ ਸਨੀ, ਮਨਪ੍ਰੀਤ ਸਿੰਘ ਮੰਨੂ , ਅਰਸ਼ਪ੍ਰੀਤ ਸਿੰਘ , ਲਵਪ੍ਰੀਤ ਸਿੰਘ ਹਾਜ਼ਰ ਸਨ।

# ਯੋਗ 'ਚ ਬੇਹੱਦ ਲਾਭਦਾਇਕ ਹੈ ਵਜ਼ਰ ਆਸਣ: ਅਚਾਰਿਆ ਖੁਰਾਨਾ



**ਆਜ਼ਾਦ ਸੋਚ, ਪਰਿੰਸ ਜਿੰਦਲ, ਭੀਖੀ, 18 ਜੂਨ:**

ਸਥਾਨਕ ਲਾਲਾ ਦੌਲਤ ਮੱਲ ਮਿਉਂਸਪਲ ਪਾਰਕ ਵਿਖੇ ਸੇਵਾ ਭਾਰਤੀ ਸੰਸਥਾ ਦੀ ਅਗਵਾਈ ਹੇਠ ਚੱਲ ਰਹੇ ਯੋਗ ਕੈਂਪ ਦੌਰਾਨ ਸਾਧਕਾਂ ਨੂੰ ਯੋਗ ਅਤੇ ਪ੍ਰਾਣਾਯਾਮ ਕਰਵਾਉਂਦਿਆਂ ਯੋਗ ਅਚਾਰਿਆ ਯੋਗੇਸ਼ ਖੁਰਾਣਾ ਨੇ ਕਿਹਾ ਕਿ ਯੋਗ 'ਚ ਵਜਰ ਆਸਣ ਦੇ ਬੇਹੱਦ ਫਾਇਦੇ ਹਨ। ਉਹਨਾਂ ਕਿਹਾ ਕਿ ਵਜਰਾਸਨ, ਜਿਸਨੂੰ ਥੰਡਰਬੋਲਟ ਜਾਂ ਡਾਇਮੰਡ ਪੋਜ਼ ਵੀ ਕਿਹਾ ਜਾਂਦਾ ਹੈ, ਦਾ ਅਭਿਆਸ ਸਰੀਰਕ ਅਤੇ ਮਾਨਸਿਕ ਸਿਹਤ ਲਈ ਬਹੁਤ ਸਾਰੇ ਫਾਇਦੇ ਪ੍ਰਦਾਨ ਕਰਦਾ ਹੈ। ਇਹ ਸਧਾਰਨ ਜਿਹਾ ਲੱਗਣ ਵਾਲਾ ਆਸਣ ਪੇਟ ਅਤੇ ਅੰਤੜੀਆਂ ਵਿੱਚ ਖੂਨ ਸੰਚਾਰ ਨੂੰ ਵਧਾ ਕੇ, ਫੁੱਲਣ ਅਤੇ ਕਬਜ਼ ਤੋਂ ਰਾਹਤ ਦੇ ਕੇ ਪਾਚਨ ਕਿਰਿਆ ਨੂੰ ਬਿਹਤਰ ਬਣਾਉਂਦਾ ਹੈ। ਅਚਾਰਿਆ ਯੋਗੇਸ਼ ਖੁਰਾਣਾ ਨੇ ਦੱਸਿਆ ਕਿ ਵਜਰਾਸਣ ਪੇਡੂ ਦੀਆਂ ਮਾਸਪੇਸ਼ੀਆਂ ਨੂੰ ਮਜ਼ਬੂਤ ਬਣਾਉਂਦਾ ਹੈ ਅਤੇ ਪਿੱਠ ਦਰਦ ਤੇ ਰੀੜ੍ਹ ਦੀ ਹੱਡੀ ਦੀਆਂ ਸਮੱਸਿਆਵਾਂ ਨੂੰ ਘਟਾਉਂਦਾ ਹੈ। ਉਹਨਾਂ ਕਿਹਾ ਕਿ ਇਸ ਆਸਣ ਨੂੰ ਆਪਣੀ ਰੋਜ਼ਾਨਾ ਦਿਨਚਰਿਆ ਵਿੱਚ ਸ਼ਾਮਲ ਕਰਨਾ ਲਾਜ਼ਮੀ ਹੈ। ਇਸ ਮੌਕੇ ਅਨਿਲ ਅੱਗਰਵਾਲ ਜਿੰਦਲ, ਨਰਿੰਦਰ ਰੱਤੀ, ਗੁਰਜੀਤ ਸਿੰਘ ਬਾਬਰੇਕੇ, ਪ੍ਰੈਸ ਕਲੱਬ ਪ੍ਰਧਾਨ ਸੁਰੇਸ਼ ਸਿੰਗਲਾ, ਨਰਿੰਦਰ ਜਿੰਦਲ (ਡੀਸੀ), ਅਸ਼ੋਕ ਜੈਨ, ਨਿੱਕਾ ਸ਼ਾਰਦਾ, ਵਿੱਕੀ ਜਿੰਦਲ, ਡਾ. ਰਾਕੇਸ਼ ਜਿੰਦਲ ਬੱਬੀ, ਮੁਨੀਸ਼ ਜਿੰਦਲ, ਅਮਨਦੀਪ ਸ਼ਾਰਦਾ ਆਦਿ ਵੀ ਹਾਜ਼ਰ ਸਨ।

# ਫੈਮਿਲੀ ਫਰੈਂਡਜ਼ ਕਲੱਬ ਫਰੀਦਕੋਟ ਦੀ ਮਹੀਨਾਵਾਰ ਮੀਟਿੰਗ ਹੋਈ



**ਆਜ਼ਾਦ ਸੋਚ, ਕੰਵਲ ਸਰਾਂ, ਫਰੀਦਕੋਟ, 18 ਜੂਨ:**

ਪਿਛਲੇ ਦਿਨੀਂ ਫੈਮਿਲੀ ਫਰੈਂਡਜ਼ ਕਲੱਬ ਫਰੀਦਕੋਟ ਦੀ ਮਹੀਨਾਵਾਰ ਮੀਟਿੰਗ ਅਰੋਮਾ ਹੋਟਲ ਫਰੀਦਕੋਟ ਵਿਖੇ ਅਰਵਿੰਦ ਛਾਬੜਾ ਅਤੇ ਡਿੰਪਲ ਛਾਬੜਾ ਦੀ ਯੋਗ ਅਗਵਾਈ ਵਿੱਚ ਹੋਈ। ਮੀਟਿੰਗ ਵਿੱਚ ਸਮਾਜ ਭਲਾਈ ਦੇ ਕੰਮਾਂ ਨੂੰ ਕਰਨ ਤੇ ਵਿਚਾਰ ਵਟਾਂਦਰਾ ਕੀਤਾ ਹੈ।ਇਹ ਵੀ ਵਿਚਾਰ ਕੀਤਾ ਗਿਆ ਮਹੀਨੇ ਵਿੱਚ ਘੱਟ ਘੱਟ ਦੋ ਮੀਟਿੰਗ ਕੀਤੀਆ ਜਾਇਆ ਕਰਨ। ਇਹ ਵੀ ਵਿਚਾਰ ਕੀਤਾ ਗਿਆ ਕਿ ਅਗਲੀ ਪ੍ਰੀਵਾਰਕ ਮੀਟਿੰਗ ਸ਼ਹਿਰ ਤੋਂ ਬਾਹਰ ਕੀਤੀ ਜਾਵੇ ਇਸ ਦੌਰਾਨ ਅਰਵਿੰਦ ਛਾਬੜਾ ਨੇ ਸੁਝਾਅ ਦਿੱਤੇ ਜੇ ਸਾਰੇ ਮੈਂਬਰ ਸਹਿਮਤ ਹੋਣ ਤਾਂ ਉਹਨਾਂ ਦੇ ਫਾਰਮ ਹਾਊਸ ਤੇ ਕੀਤੀ ਜਾਵੇਗੀ। ਇਸ ਸਬੰਧੀ ਤਾਰੀਕ ਬਾਅਦ ਵਿੱਚ ਸਾਰੇ ਪ੍ਰੀਵਾਰ ਮੈਂਬਰਾਂ ਨੂੰ ਦੱਸ ਦਿੱਤੀ ਜਾਵੇਗੀ। ਅੱਜ ਦੀ ਮੀਟਿੰਗ ਵਿੱਚ ਜਿੰਨਾਂ ਪ੍ਰੀਵਾਰ ਮੈਂਬਰ ਨੇ ਸ਼ਿਰਕਤ ਕੀਤੀ ਉਹਨਾਂ ਵਿੱਚ ਸ੍ਰੀਮਤੀ ਮੰਜੂ ਸੁਖੀਜਾ ਸਮਾਜ ਸੇਵੀ,ਰਾਜੇਸ਼ ਕੁਮਾਰ ਸੁਖੀਜਾ,ਰਜਨੀਸ਼ ਸ਼ਰਮਾਂ,ਸ੍ਰੀਮਤੀ ਕਵਿਤਾ ਸ਼ਰਮਾਂ,ਸ੍ਰੀਮਤੀ ਸੁਰਿੰਦਰਪਾਲ ਕੌਰ ਸਰਾਂ ਪ੍ਰਿੰਸੀਪਲ (ਸੇਵਾਮੁਕਤ), ਰੋਟੇਰੀਅਨ ਕੇ.ਪੀ.ਸਿੰਘ ਸਰਾਂ,ਸ੍ਰੀਮਤੀ ਗੁਰਲੀਨ ਕੌਰ ਬੱਬਰਾ,ਅਜੈਵੀਰ ਸਿੰਘ ਬੱਬਰਾ ਬਿਜਨਸਮੈਨ ਤੇ ਸਮਾਜ ਸੇਵੀ,ਸ਼ਿਵਅੰਸ਼ ਸਿੰਘ ਬੱਬਰਾ,ਸ੍ਰੀਮਤੀ ਤੇਜਿੰਦਰ ਕੌਰ ਮਾਨ ਕਾਉਂਸਲਰ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਅਤੇ ਹਸਪਤਾਲ ਫਰੀਦਕੋਟ ਅਤੇ ਪਰਮਜੀਤ ਸਿੰਘ ਮਾਨ ਬਿਜਨਸਮੈਨ ਆਦਿ ਮੌਜੂਦ ਸਨ। ਅੰਤ ਵਿੱਚ ਸਾਰੇ ਪ੍ਰੀਵਾਰਕ ਮੈਬਰਾਂ ਨੇ ਡਿਨਰ ਦਾ ਆਨੰਦ ਮਾਣਿਆ।

# ਬਾਬਾ ਫਰੀਦ ਸੰਸਥਾ ਵਿਖੇ ਸਮਾਜ ਵਿੱਚ ਫੈਲ ਰਹੇ ਵਹਿਮਾਂ-ਭਰਮਾਂ ਵਿਰੁੱਧ ਜਾਗਰੁਕਤਾ ਸੈਮੀਨਾਰ ਅੱਜ

**ਆਜ਼ਾਦ ਸੋਚ, ਗੁਰਪ੍ਰੀਤ ਸਿੰਘ ਖਾਲਸਾ, ਲੌਂਗੋਵਾਲ,18 ਜੂਨ:**

ਸਮਾਜ ਵਿੱਚ ਫੈਲ ਰਹੇ ਵਹਿਮਾਂ-ਭਰਮਾਂ, ਅੰਧਵਿਸ਼ਵਾਸਾਂ ਅਤੇ ਗੈਰ-ਵਿਗਿਆਨਕ ਧਾਰਨਾਵਾਂ ਖ਼ਿਲਾਫ਼ ਲੋਕਾਂ ਨੂੰ ਜਾਗਰੂਕ ਕਰਨ ਦੇ ਉਦੇਸ਼ ਨਾਲ ਬਾਬਾ ਫਰੀਦ ਮੈਮੋਰੀਅਲ ਐਜੂਕੇਸ਼ਨ ਐਂਡ ਵੈਲਫੇਅਰ ਸੋਸਾਇਟੀ (ਰਜਿ:)ਲੌਂਗੋਵਾਲ ਵੱਲੋਂ ਇੱਕ ਵਿਸ਼ੇਸ਼ ਸੈਮੀਨਾਰ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਹ ਸੈਮੀਨਾਰ ਅੱਜ 19 ਜੂਨ ਨੂੰ ਨੇੜੇ ਮੂਲੇ ਕਾ ਦਰਵਾਜਾ, ਲੌਂਗੋਵਾਲ ਵਿਖੇ ਕਰਵਾਇਆ ਜਾਵੇਗਾ। ਇਸ ਸੈਮੀਨਾਰ ਦਾ ਮੁੱਖ ਵਿਸ਼ਾ ਸਮਾਜ ਵਿੱਚ ਵੱਧ ਰਹੇ ਵਹਿਮ-ਭਰਮ ਹੋਵੇਗਾ। ਇਸ ਮੌਕੇ ਤਰਕਸ਼ੀਲ ਸੋਸਾਇਟੀ ਪੰਜਾਬ ਦੇ ਸੂਬਾ ਜਥੇਬੰਦਕ ਆਗੂ ਰਾਜਿੰਦਰ ਭਦੌੜ ਮੁੱਖ ਬੁਲਾਰੇ ਵਜੋਂ ਸ਼ਿਰਕਤ ਕਰਨਗੇ। ਉਹ ਆਪਣੇ ਵਿਚਾਰਾਂ ਰਾਹੀਂ ਲੋਕਾਂ ਨੂੰ ਅੰਧਵਿਸ਼ਵਾਸਾਂ ਤੋਂ ਦੂਰ ਰਹਿ ਕੇ



ਵਿਗਿਆਨਕ ਸੋਚ ਅਤੇ ਤਰਕਸ਼ੀਲ ਵਿਚਾਰਧਾਰਾ ਅਪਣਾਉਣ ਲਈ ਪ੍ਰੇਰਿਤ ਕਰਨਗੇ। ਸੰਸਥਾ ਦੇ ਅਹੁਦੇਦਾਰਾਂ ਨੇ ਦੱਸਿਆ ਕਿ ਅੱਜ ਦੇ ਆਧੁਨਿਕ ਯੁੱਗ ਵਿੱਚ ਵੀ ਸਮਾਜ ਦਾ ਇੱਕ ਵੱਡਾ ਹਿੱਸਾ ਵਹਿਮਾਂ-ਭਰਮਾਂ ਅਤੇ ਅੰਧਵਿਸ਼ਵਾਸਾਂ ਦੀ ਗ੍ਰਿਫ਼ਤ ਵਿੱਚ ਹੈ, ਜਿਸ ਕਾਰਨ ਕਈ ਸਮਾਜਿਕ ਅਤੇ ਆਰਥਿਕ ਸਮੱਸਿਆਵਾਂ ਪੈਦਾ ਹੋ ਰਹੀਆਂ ਹਨ। ਅਜਿਹੇ ਸਮਾਗਮਾਂ ਦਾ ਮਕਸਦ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨਾ ਅਤੇ ਉਨ੍ਹਾਂ ਨੂੰ ਸੱਚਾਈ, ਵਿਗਿਆਨ ਅਤੇ ਤਰਕ ਦੇ ਰਾਹ 'ਤੇ ਤੁਰਨ ਲਈ ਪ੍ਰੇਰਿਤ ਕਰਨਾ ਹੈ। ਸੋਸਾਇਟੀ ਵੱਲੋਂ ਇਲਾਕੇ ਦੇ ਬੁੱਧੀਜੀਵੀਆਂ, ਨੌਜਵਾਨਾਂ, ਵਿਦਿਆਰਥੀਆਂ, ਅਧਿਆਪਕਾਂ ਅਤੇ ਸਮੂਹ ਨਾਗਰਿਕਾਂ ਨੂੰ ਇਸ ਸੈਮੀਨਾਰ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਸਮਾਜ ਨੂੰ ਅੰਧਵਿਸ਼ਵਾਸਾਂ ਤੋਂ ਮੁਕਤ ਕਰਨ ਅਤੇ ਇੱਕ ਸਿਹਤਮੰਦ ਤੇ ਜਾਗਰੂਕ ਸਮਾਜ ਦੀ ਸਿਰਜਣਾ ਲਈ ਅਜਿਹੇ ਉਪਰਾਲਿਆਂ ਵਿੱਚ ਲੋਕਾਂ ਦੀ ਭਾਗੀਦਾਰੀ ਬਹੁਤ ਜ਼ਰੂਰੀ ਹੈ। ਸੋਸਾਇਟੀ ਨੇ ਸਮੂਹ ਇਲਾਕਾ ਵਾਸੀਆਂ ਨੂੰ ਵੱਧ ਤੋਂ ਵੱਧ ਗਿਣਤੀ ਵਿੱਚ ਪਹੁੰਚ ਕੇ ਇਸ ਜਾਗਰੂਕਤਾ ਮੁਹਿੰਮ ਦਾ ਹਿੱਸਾ ਬਣਨ ਦੀ ਅਪੀਲ ਕੀਤੀ ਹੈ।

# ਝੋਨੇ ਵਿੱਚ ਬੇਲੋੜੀ ਡੀ.ਏ.ਪੀ. ਤੋਂ ਬਚੋ, ਮਿੱਟੀ ਪਰਖ ਨੂੰ ਬਣਾਓ ਖੇਤੀ ਦਾ ਅਧਾਰ: ਡਾ. ਗਰਗ

**ਆਜ਼ਾਦ ਸੋਚ, ਬੂਟਾ ਸਿੰਘ ਭੁਟਾਲ, ਮੂਨਕ, 18 ਜੂਨ:**




ਖੇਤੀ ਲਾਗਤ ਘਟਾਉਣ, ਮਿੱਟੀ ਦੀ ਸਿਹਤ ਸੰਭਾਲਣ ਅਤੇ ਰਸਾਇਣਕ ਖਾਦਾਂ ਦੀ ਸੁਚੱਜੀ ਵਰਤੋਂ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਦੇ ਦਿਸ਼ਾ-ਨਿਰਦੇਸ਼ਾਂ ਹੇਠ ਫਾਰਮ ਸਲਾਹਕਾਰ ਸੇਵਾ ਕੇਂਦਰ, ਸੰਗਰੂਰ ਵੱਲੋਂ ਪਿੰਡ ਭੂਲਣ (ਮੂਨਕ ਨੇੜੇ) ਵਿਖੇ ਕਿਸਾਨ ਸਿਖਲਾਈ ਕੈਂਪ ਲਾਇਆ ਗਿਆ। ਕੈਂਪ ਦੌਰਾਨ ਕਿਸਾਨਾਂ ਨੂੰ ਮਿੱਟੀ ਪਰਖ ਅਧਾਰਿਤ ਖਾਦ ਪ੍ਰਬੰਧਨ, ਝੋਨੇ ਅਤੇ ਬਾਸਮਤੀ ਦੀ ਪੌਦ ਲਈ ਜੀਵਾਣੂ ਖਾਦਾਂ ਦੀ ਮਹੱਤਤਾ ਅਤੇ ਝੋਨੇ ਵਿੱਚ ਫਾਸਫੋਰਸ ਖਾਦ ਦੀ ਬੇਲੋੜੀ ਵਰਤੋਂ ਤੋਂ ਬਚਣ ਸਬੰਧੀ ਵਿਗਿਆਨਕ ਜਾਣਕਾਰੀ ਦਿੱਤੀ ਗਈ। ਵਿਗਿਆਨੀਆਂ ਨੇ ਕਿਸਾਨਾਂ ਨੂੰ ਸੰਤੁਲਿਤ ਪੋਸ਼ਕ ਤੱਤ ਪ੍ਰਬੰਧਨ ਅਪਣਾਉਣ ਲਈ ਪ੍ਰੇਰਿਤ ਕੀਤਾ ਤਾਂ ਜੋ ਵੱਧ ਮੁਨਾਫ਼ੇ ਦੇ ਨਾਲ-ਨਾਲ ਮਿੱਟੀ ਦੀ ਉਪਜਾਊ ਸ਼ਕਤੀ ਨੂੰ ਵੀ ਲੰਬੇ ਸਮੇਂ ਤੱਕ ਬਰਕਰਾਰ ਰੱਖਿਆ ਜਾ ਸਕੇ। ਇਸ ਸਿਖਲਾਈ ਕੈਂਪ ਵਿੱਚ ਲਗਭਗ 30 ਕਿਸਾਨਾਂ ਨੇ ਉਤਸ਼ਾਹਪੂਰਵਕ ਭਾਗ ਲਿਆ। ਡਾ. ਅਸ਼ੋਕ ਕੁਮਾਰ ਗਰਗ, ਸੀਨੀਅਰ ਪਸਾਰ ਵਿਗਿਆਨੀ, ਨੇ ਕਿਸਾਨਾਂ ਨੂੰ ਮਿੱਟੀ ਪਰਖ ਦੇ ਆਧਾਰ 'ਤੇ ਹੀ ਖਾਦਾਂ ਦੀ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਖਾਦਾਂ ਦੀ ਸੰਤੁਲਿਤ ਵਰਤੋਂ ਨਾਲ ਨਾ ਸਿਰਫ਼ ਖੇਤੀ ਦੀ ਲਾਗਤ ਘਟਦੀ ਹੈ, ਸਗੋਂ ਫਸਲ ਦੀ ਪੈਦਾਵਾਰ ਅਤੇ ਮਿੱਟੀ ਦੀ ਸਿਹਤ ਵਿੱਚ ਵੀ ਸੁਧਾਰ ਹੁੰਦਾ ਹੈ। ਉਨ੍ਹਾਂ ਮੌਕੇ 'ਤੇ ਹੀ ਮਿੱਟੀ ਦੇ ਨਮੂਨੇ ਲੈਣ ਦੀ ਵਿਧੀ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਅਤੇ ਖੁਦ ਨਮੂਨਾ ਲੈ ਕੇ ਕਿਸਾਨਾਂ ਨੂੰ ਸਮਝਾਇਆ। ਡਾ. ਗਰਗ ਨੇ ਕਿਸਾਨਾਂ ਨੂੰ ਝੋਨੇ ਅਤੇ ਬਾਸਮਤੀ ਵਿੱਚ ਡੀ.ਏ.ਪੀ. ਖਾਦ ਦੀ ਬੇਲੋੜੀ ਵਰਤੋਂ ਤੋਂ ਬਚਣ ਅਤੇ ਯੂਰੀਆ ਖਾਦ ਦੀ ਵੀ ਸੰਜਮ ਨਾਲ ਵਰਤੋਂ ਕਰਨ ਦੀ ਅਪੀਲ ਕੀਤੀ। ਉਨ੍ਹਾਂ ਵਿਸ਼ੇਸ਼ ਤੌਰ 'ਤੇ ਕੱਦੂ ਕਰਨ ਤੋਂ ਪਹਿਲਾਂ ਯੂਰੀਆ ਦੇ 2-3 ਥੈਲੇ ਵਰਤਣ ਦੀ ਪ੍ਰਥਾ ਤੋਂ ਗੁਰੇਜ ਕਰਨ ਲਈ ਕਿਹਾ। ਉਨ੍ਹਾਂ ਝੋਨੇ ਵਿੱਚ ਜ਼ਿੰਕ ਦੀ ਘਾਟ ਨੂੰ ਪੂਰਾ ਕਰਨ ਲਈ ਸਿਫਾਰਿਸ਼ ਕੀਤੀ ਮਾਤਰਾ ਅਨੁਸਾਰ ਹੀ ਜ਼ਿੰਕ ਦੀ ਵਰਤੋਂ ਕਰਨ ਦੀ ਸਲਾਹ ਦਿੱਤੀ। ਜੈਵਿਕ ਖਾਦਾਂ ਦੀ ਮਹੱਤਤਾ ਬਾਰੇ ਜਾਣਕਾਰੀ ਸਾਂਝੀ ਕਰਦੇ ਹੋਏ ਡਾ. ਗਰਗ ਨੇ ਕਿਹਾ ਕਿ ਝੋਨੇ ਦੀ ਪੌਦ ਨੂੰ ਲੱਗਣ ਵਾਲਾ ਐਜ਼ੋਸਪਾਇਰਲਮ ਦਾ ਟੀਕਾ ਫਸਲ ਦੀ ਪੈਦਾਵਾਰ ਵਧਾਉਣ ਦੇ ਨਾਲ-ਨਾਲ ਮਿੱਟੀ ਦੀ ਜੈਵਿਕ ਸਿਹਤ ਸੁਧਾਰਨ ਵਿੱਚ ਵੀ ਅਹਿਮ ਭੂਮਿਕਾ ਨਿਭਾਉਂਦਾ ਹੈ। ਉਨ੍ਹਾਂ ਨੇ ਝੋਨੇ ਦੀ ਪਨੀਰੀ ਤਿਆਰ ਕਰਨ ਲਈ ਸਿਫਾਰਿਸ਼ ਖਾਦਾਂ ਅਤੇ ਹੋਰ ਪ੍ਰਬੰਧਕੀ ਸਿਫਾਰਿਸ਼ਾਂ ਬਾਰੇ ਵੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਇਸ ਦੌਰਾਨ ਡਾ. ਗਰਗ ਨੇ ਝੋਨੇ ਦੀ ਪਨੀਰੀ ਵਿੱਚ ਬੌਣੇ ਬੂਟਿਆਂ ਦੇ ਰੋਗ ਦੀ ਪਛਾਣ ਅਤੇ ਰੋਕਥਾਮ ਸਬੰਧੀ ਸਿਫਾਰਿਸ਼ਾਂ ਵੀ ਸਾਂਝੀਆਂ ਕੀਤੀਆਂ ਅਤੇ ਕਿਸਾਨਾਂ ਨੂੰ ਪਨੀਰੀ ਦੀ ਨਿਯਮਿਤ ਨਿਗਰਾਨੀ ਕਰਨ ਲਈ ਪ੍ਰੇਰਿਆ। ਕੈਂਪ ਦੀ ਸਫਲਤਾ ਵਿੱਚ ਸ਼੍ਰੀ ਬਾਲ ਕ੍ਰਿਸ਼ਨ ਨੇ ਵਿਸ਼ੇਸ਼ ਯੋਗਦਾਨ ਪਾਇਆ। ਅੰਤ ਵਿੱਚ ਕਿਸਾਨਾਂ ਐਜ਼ੋਸਪਾਇਰਲਮ ਟੀਕੇ ਪ੍ਰਦਰਸ਼ਨੀ ਦੇ ਤੌਰ 'ਤੇ ਦਿੱਤੇ ਗਏ। ਖੇਤੀ ਸਾਹਿਤ ਆਦਿ ਦੀ ਵਿਕਰੀ ਵੀ ਕੀਤੀ ਗਈ। ਕੈਂਪ ਦੌਰਾਨ ਕਿਸਾਨਾਂ ਵੱਲੋਂ ਪੁੱਛੇ ਗਏ ਵੱਖ-ਵੱਖ ਖੇਤੀਬਾੜੀ ਸਬੰਧੀ ਸਵਾਲਾਂ ਦੇ ਤਰਤੀਬ-ਬੱਧ ਅਤੇ ਵਿਗਿਆਨਕ ਢੰਗ ਨਾਲ ਜਵਾਬ ਦਿੱਤੇ ਗਏ। ਅਖੀਰ ਵਿੱਚ ਡਾ. ਗਰਗ ਨੇ ਬਾਲ ਕ੍ਰਿਸ਼ਨ ਵੱਲੋਂ ਤਿਆਰ ਕੀਤੀਆਂ ਵੱਖ-ਵੱਖ ਝੋਨੇ ਅਤੇ ਬਾਸਮਤੀ ਕਿਸਮਾਂ ਦੀਆਂ ਪਨੀਰੀਆਂ ਦਾ ਨਿਰੀਖਣ ਕੀਤਾ ਅਤੇ ਉਨ੍ਹਾਂ ਵਿੱਚ ਬੌਣੇ ਬੂਟਿਆਂ ਦੇ ਵਾਇਰਸ ਰੋਗ ਦੀ ਸੰਭਾਵਿਤ ਮੌਜੂਦਗੀ ਸਬੰਧੀ ਸਰਵੇਖਣ ਕੀਤਾ।

# ਜੀਟੀਬੀ ਕਾਲਜ਼ ਦੇ ਵਿਦਿਆਰਥੀਆਂ ਨੇ ਨਤੀਜਿਆਂ ਵਿੱਚ ਮਾਰੀ ਬਾਜ਼ੀ



**ਅਜਾਦ ਸੋਚ, ਸ਼ੰਭੂ ਗੋਇਲ, ਲਹਿਰਾਗਾਗਾ, 18 ਜੂਨ:**

ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਐਲਾਨੇ ਪੀ.ਜੀ.ਡੀ.ਸੀ.ਏ ਭਾਗ ਸਮੈਸਟਰ ਪਹਿਲਾ ਦੇ ਨਤੀਜਿਆਂ ਵਿੱਚੋਂ ਗੁਰੂ ਤੇਗ ਬਹਾਦਰ ਕਾਲਜ ਫਾਰ ਵੂਮੈਨ ਲਹਿਲ ਖੁਰਦ ਦੇ ਵਿਦਿਆਰਥੀ ਨੇ ਬਾਜੀ ਮਾਰੀ ਹੈ।ਕਾਲਜ਼ ਪ੍ਰਿੰਸੀਪਲ ਰੀਤੂ ਗੋਇਲ ਨੇ ਦੱਸਿਆ ਕੇ ਵਿਦਿਆਰਥਣ ਸਿਮਰਨ ਕੌਰ 76.8 ਫੀਸਦੀ ਅੰਕ ਲੈ ਕੇ ਪਹਿਲਾ, ਸੁੰਦਰੀ ਅਤੇ ਗੁਰਜੋਤ ਕੌਰ 76.2 ਫੀਸਦੀ ਅੰਕ ਲੈ ਕੇ ਦੂਸਰਾ ਅਤੇ ਸਿਮਰਨਜੀਤ ਕੌਰ 75.6ਅੰਕਾਂ ਨਾਲ ਤੀਸਰਾ ਸਥਾਨ ਪ੍ਰਾਪਤ ਕੀਤਾ। ਇਸ ਤਰਾਂ ਹੀ ਬਾਕੀ ਵਿਦਿਆਰਥਣਾਂ ਦਾ ਨਤੀਜਾ ਵੀ ਸ਼ਾਨਦਾਰ ਰਿਹਾ। ਕਾਲਜ ਦੇ ਚੇਅਰਮੈਨ ਰਾਜੇਸ਼ ਕੁਮਾਰ ਨੇ ਸਾਰੇ ਵਿਦਿਆਰਥੀਆ ਨੂੰ ਵਧਾਈ ਦੇਣ ਦੇ ਨਾਲ-ਨਾਲ ਅੱਵਲ ਆਏ ਵਿਦਿਆਰਥੀਆ ਦੇ ਮਾਪਿਆ ਅਤੇ ਕਾਲਜ ਪ੍ਰਿੰਸੀਪਲ ਰੀਤੂ ਗੋਇਲ ਤੇ ਸਟਾਫ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਸਾਡੀ ਸੰਸਥਾ ਦਾ ਮੁੱਖ ਉਦੇਸ਼ ਵਿਦਿਆਰਥੀਆਂ ਦਾ ਸਰਬਪੱਖੀ ਵਿਕਾਸ ਕਰਕੇ ਉਸ ਨੂੰ ਹਰ ਇੱਕ ਖੇਤਰ ਦੇ ਵਿਚ ਸਫਲ ਬਣਾਉਣਾ ਹੈ। ਵਾਇਸ ਚੇਅਰਮੈਨ ਵਿਜੇ ਕੁਮਾਰ ਅਤੇ ਜਨਰਲ ਸੈਕਟਰੀ ਪ੍ਰੇਮ ਕੁਮਾਰ ਨੇ ਕਿਹਾ ਕਿ ਵਿਦਿਆਰਥੀਆਂ ਨੇ ਚੰਗੇ ਨੰਬਰ ਲੈ ਕੇ ਸਾਡੀ ਸੰਸਥਾ ਅਤੇ ਮਾਪਿਆ ਦਾ ਨਾਮ ਰੋਸ਼ਨ ਕੀਤਾ ਹੈ। ਪ੍ਰਿੰਸੀਪਲ ਰੀਤੂ ਗੋਇਲ ਨੇ ਮੈਨੇਜਮੈਂਟ, ਸਟਾਫ ਅਤੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆ ਕਿਹਾ, ਕਿ ਵਿਦਿਆਰਥੀ ਸਖਤ ਮਿਹਨਤ ਕਰਕੇ ਕੋਈ ਵੀ ਮੰਜਿਲ ਪ੍ਰਾਪਤ ਕਰ ਸਕਦੇ ਹਨ। ਸਾਡੀ ਸੰਸਥਾ ਦਾ ਮੁੱਖ ਉਦੇਸ਼ ਵਿਦਿਆਰਥੀਆ ਦਾ ਸਰਵਪੱਖੀ ਵਿਕਾਸ ਕਰਕੇ ਹਰ ਖੇਤਰ ਵਿਚ ਨਿਪੁੰਨ ਬਣਾਉਣਾ ਹੈ। ਇਸ ਮੌਕੇ ਸਮੂਹ ਸਟਾਫ ਮੈਂਬਰ ਹਾਜ਼ਰ ਸਨ।

## ਬੇਦਖਲੀ ਸੂਚਨਾ

ਮੈਂ ਬੇਦੀ ਰਾਮ ਪੁਤਰ ਸ੍ਰੀ ਕੱਦਾ ਰਾਮ ਵਾਸੀ ਪਿੰਡ ਅਲੀਪੁਰ ਜੱਟਾਂ ਤਹਿ: ਵਾ ਜਿਲ੍ਹਾ ਪਟਿਆਲਾ ਹਲਫ ਨਾਲ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸੁਖਚੈਨ ਰਾਮ ਅਤੇ ਇਸਦੀ ਪਤਨੀ ਗੀਨਾ ਦੇਵੀ ਪੁੱਤਰੀ ਸੰਤ ਰਾਮ ਵਾਸੀ ਕਲਰ ਮਾਜਰਾ ਜਿਲ੍ਹਾ ਕੈਥਲ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀਆ ਮਨ ਮਰਜੀਆ ਕਰਦੇ ਹਨ, ਮੈਂ ਇਨ੍ਹਾਂ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ।ਅੱਜ ਤੋਂ ਬਾਅਦ ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ ਅਤੇ ਇਹ ਆਪਣੇ ਨਫੇ ਨੁਕਸ਼ਾਨ ਦੇ ਖੁਦ ਜਿੰਮੇਵਾਰ ਹੋਣਗੇ।ਮੇਰੀ ਤੇ ਮੇਰੇ ਪਰਿਵਾਰ ਦੀ ਕੋਈ ਜਿੰਮੇਵਾਰੀ ਨਹੀਂ ਹੋਵੇਗੀ।

---

ਅਸੀਂ, ਦਰਸ਼ਨ ਸਿੰਘ ਪੁੱਤਰ ਹਰਪਾਲ ਸਿੰਘ ਵਾ ਪਰਮਜੀਤ ਕੌਰ ਪਤਨੀ ਦਰਸ਼ਨ ਸਿੰਘ ਵਾਸੀਆਨ ਪਿੰਡ ਵਜੀਦਪੁਰ, ਡਾਕਖਾਨਾ ਵਜੀਦਪੁਰ, ਤਹਿ ਵਾ ਜਿਲ੍ਹਾ ਪਟਿਆਲਾ ਦੇ ਰਹਿਣ ਵਾਲੇ ਹਾਂ ਅਤੇ ਹਲਫ ਨਾਲ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਮਨਿੰਦਰ ਸਿੰਘ ਅਤੇ ਉਸਦੀ ਘਰਵਾਲੀ ਦਲਾਇਕੀ ਦੇਵੀ ਜੋ ਕਿ ਸਾਡੇ ਕਹਿਣੇ ਤੋਂ ਬਾਹਰ ਹਨ ਅਤੇ ਸਾਡਾ ਲੜਕਾ ਨਸ਼ੇ ਦੀ ਹਾਲਤ ਵਿੱਚ ਸਾਡੇ ਨਾਲ ਕੁਟਮਾਰ ਅਤੇ ਗਾਲੀ ਗਲੋਚ ਕਰਦਾ ਹੈ । ਸਾਡੇ ਲੜਕੇ ਮਨਿੰਦਰ ਸਿੰਘ ਅਤੇ ਉਸਦੀ ਘਰਵਾਲੀ ਦਲਾਇਕੀ ਦੇਵੀ ਦਾ ਰਵੱਈਆ ਸਾਡੇ ਪ੍ਰਤੀ ਮਾੜਾ ਹੋਣ ਕਰਕੇ, ਅੱਜ ਅਸੀਂ ਆਪਣੇ ਮਨਿੰਦਰ ਸਿੰਘ ਅਤੇ ਉਸਦੀ ਘਰਵਾਲੀ ਦਲਾਇਕੀ ਦੇਵੀ ਨੂੰ ਆਪਣੀ ਹਰ ਕਿਸਮ ਦੀ ਚੱਲ ਵਾ ਅਚੱਲ ਜਾਇਦਾਦ ਤੋ ਬੇਦਖਲ ਕਰਦੇ ਹਾਂ ।ਅੱਜ ਤੋਂ ਬਾਅਦ ਸਾਡਾ ਸਾਡੇ ਮਨਿੰਦਰ ਸਿੰਘ ਅਤੇ ਉਸਦੀ ਘਰਵਾਲੀ ਦਲਾਇਕੀ ਦੇਵੀ ਨਾਲ ਹਰ ਪ੍ਰਕਾਰ ਦਾ ਰਿਸ਼ਤਾ ਕੱਤਈ ਤੌਰ ਤੇ ਖਤਮ ਸਮਝਿਆ ਜਾਵੇ,ਸਾਡੇ ਲੜਕੇ ਅਤੇ ਉਸਦੀ ਘਰਵਾਲੀ ਨਾਲ ਕਿਸੇ ਕਿਸਮ ਦਾ ਲੈਣ-ਦੇਣ ਜਾਂ ਕੋਈ ਸੰਬੰਧ ਰੱਖਦਾ ਹੈ, ਤਾਂ ਉਹ ਆਪਣੇ ਹਰ ਤਰ੍ਹਾਂ ਦੇ ਨਫੇ ਨੁਕਸਾਨ ਦਾ ਖੁਦ ਆਪ ਜਿੰਮੇਵਾਰ ਹੋਵੇਗਾ। ਇਸ ਵਿੱਚ ਸਾਡੀ ਕੋਈ ਵੀ ਜਿੰਮੇਵਾਰੀ ਨਹੀਂ ਹੋਵੇਗੀ।

---

ਅਸੀਂ, ਤੇਜਿੰਦਰ ਪਾਲ ਸਿੰਘ ਪੁੱਤਰ ਸ੍ਰੀ ਮਾਨ ਸਿੰਘ ਅਤੇ ਗੁਰਮੀਤ ਕੌਰ ਪਤਨੀ ਸ੍ਰੀ ਤੇਜਿੰਦਰ ਪਾਲ ਸਿੰਘ, ਵਾਸੀਆਨ ਮਕਾਨ ਨੰਬਰ 51. ਗਲੀ ਨੰਬਰ 4, ਆਨੰਦ ਨਗਰ-ਏ ਐਕਸਟੈਂਸ਼ਨ, ਪਟਿਆਲਾ ਹਲਫ ਨਾਲ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਵਿਨੈ ਪਾਲ ਸਿੰਘ ਹੈ ਅਤੇ ਉਸ ਦੀ ਪਤਨੀ ਪ੍ਰਭਜੋਤ ਸੰਧੂ ਪਤਨੀ ਵਿਨੈ ਪਾਲ ਸਿੰਘ, ਸਾਡੀ ਨੂੰਹ ਸਾਨੂੰ ਤੰਗ ਤੇ ਪਰੇਸ਼ਾਨ ਕਰਦੇ ਹਨ, ਸਾਡੇ ਨਾਲ ਲੜਾਈ ਝਗੜਾ ਕਰਦੇ ਰਹਿੰਦੇ ਹਨ ਤੇ ਸਾਡੇ ਕਹਿਣੇ ਤੋਂ ਬਾਹਰ ਹਨ। ਅਸੀਂ ਵਿਨੈ ਪਾਲ ਸਿੰਘ, ਉਸ ਦੀ ਪਤਨੀ ਪ੍ਰਭਜੋਤ ਸੰਧੂ ਨੂੰ ਆਪਣੀ ਜਾਇਦਾਦ ਅਤੇ ਹੋਰ ਸਾਰੀ ਚਲ ਅਤੇ ਅਚਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ ਅਤੇ ਅੱਜ ਤੋਂ ਬਾਅਦ ਵਿਨੈ ਪਾਲ ਸਿੰਘ, ਉਸ ਦੀ ਪਤਨੀ ਪ੍ਰਭਜੋਤ ਸੰਧੂ ਦਾ ਸਾਡੀ ਚਲ ਅਤੇ ਅਚਲ ਜਾਇਦਾਦ ਨਾਲ ਕੋਈ ਤਾਲੁਕ ਜਾਂ ਵਾਸਤਾ ਨਾ ਹੋਵੇਗਾ ਅਤੇ ਨਾ ਹੀ ਇਸ ਵਿਚ ਉਹਨਾਂ ਦਾ ਕੋਈ ਕਾਨੂੰਨੀ ਹੱਕ ਹੋਵੇਗਾ। ਜੋ ਕੋਈ ਵਿਨੈ ਪਾਲ ਸਿੰਘ ਅਤੇ ਉਸ ਦੀ ਪਤਨੀ ਪ੍ਰਭਜੋਤ ਸੰਧੂ ਨਾਲ ਲੈਣ ਦੇਣ ਕਰੇਗਾ ਉਹ ਖੁਦ ਹੀ ਉਸ ਦਾ ਜਿੰਮੇਵਾਰ ਹੋਵੇਗਾ ਇਸ ਵਿਚ ਸਾਡੀ ਇਸ ਸਬੰਧੀ ਕੋਈ ਜਿੰਮੇਵਾਰੀ ਨਹੀਂ ਹੋਵੇਗੀ।

# ਖੇਮਕਰਨ ਦੇ ਬੀ.ਐਲ.ਓਜ਼ ਅਤੇ ਬੀ.ਐਲ.ਏਜ਼ ਨੂੰ ਦਿੱਤੀ ਐਸ.ਆਈ.ਆਰ ਦੀ ਸਿਖਲਾਈ

**ਆਜ਼ਾਦ ਸੋਚ, ਤਰਨ ਤਾਰਨ, 18 ਜੂਨ :**



ਮੁੱਖ ਚੋਣ ਅਫ਼ਸਰ ਪੰਜਾਬ ਅਤੇ ਜ਼ਿਲ੍ਹਾ ਚੋਣ ਅਫ਼ਸਰ -ਕਮ-ਡਿਪਟੀ ਕਮਿਸ਼ਨਰ ਤਰਨ ਤਾਰਨ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਰੀ ਸੁਧਾਈ (ਐਸ.ਆਈ.ਆਰ) ਸਬੰਧੀ ਚੋਣਕਾਰ ਰਜਿਸਟਰੇਸ਼ਨ ਅਫ਼ਸਰ ਹਲਕਾ 022 ਖੇਮਕਰਨ-ਕਮ-ਉਪ ਮੰਡਲ ਮੈਜਿਸਟ੍ਰੇਟ, ਭਿੱਖੀਵਿੰਡ ਜਗਦੀਪ ਸਿੰਘ ਦੀ ਅਗਵਾਈ ਹੇਠ ਤਿੰਨ ਰੋਜ਼ਾ ਸਿਖਲਾਈ ਪ੍ਰੋਗਰਾਮ ਕਰਵਾਇਆ ਗਿਆ।

ਇਸ ਦੌਰਾਨ 235 ਬੂਥਾਂ 'ਤੇ ਤਾਇਨਾਤ 235 ਬੀ.ਐਲ.ਓਜ਼ ਅਤੇ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਬੂਥਾਂ 'ਤੇ ਤਾਇਨਾਤ ਬੀ.ਐਲ.ਏ-2 ਅਤੇ ਹਲਕਾ ਪੱਧਰ 'ਤੇ ਤਾਇਨਾਤ ਬੀ.ਐਲ.ਏ-1 (ਜਿਨ੍ਹਾਂ ਨੂੰ ਰਾਜਨੀਤਿਕ ਪਾਰਟੀਆਂ ਵੱਲੋਂ ਤਾਇਨਾਤ ਕੀਤਾ ਜਾ ਚੁੱਕਾ ਹੈ) ਨੂੰ ਐਸ.ਆਈ.ਆਰ ਦੀ ਮੁਕੰਮਲ ਜਾਣਕਾਰੀ ਅਤੇ ਸਿਖਲਾਈ ਪ੍ਰਦਾਨ ਕੀਤੀ ਗਈ, ਤਾਂ ਜੋ ਕਿ ਹਲਕੇ ਵਿੱਚ ਐਸ.ਆਈ.ਆਰ ਦਾ ਕੰਮ ਸੁਚਾਰੂ ਢੰਗ ਨਾਲ ਮੁਕੰਮਲ ਹੋ ਸਕੇ।ਇਸ ਸਿਖਲਾਈ ਪ੍ਰੋਗਰਾਮ ਦੌਰਾਨ ਬੀ.ਐਲ.ਓਜ਼, ਬੀ.ਐਲ.ਏ-1 ਅਤੇ ਬੀ.ਐਲ.ਏ-2 (ਨੁਮਾਇੰਦੇ ਰਾਜਨੀਤਿਕ ਪਾਰਟੀਆਂ) ਨੂੰ ਵਿਸ਼ੇਸ਼ ਗਹਿਰੀ ਸੁਧਾਈ (ਐਸ.ਆਈ.ਆਰ) ਸਬੰਧੀ ਭਾਰਤ ਚੋਣ ਕਮਿਸ਼ਨ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਐਸ.ਆਈ. ਆਰ ਲਈ ਪ੍ਰੋਗਰਾਮ, ਇਨੁਮੀਰੇਸ਼ਨ ਫਾਰਮਾਂ ਅਤੇ ਬੀ.ਐੱਲ.ਓ ਐਪ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਸਮੂਹ ਬੀ.ਐੱਲ.ਓਜ਼ ਦੀ ਇਹ ਜ਼ਿੰਮੇਵਾਰੀ ਹੋਵੇਗੀ ਕਿ ਆਮ ਲੋਕਾਂ ਨੂੰ ਐਸ.ਆਈ. ਆਰ ਦੀ ਵੱਧ ਤੋਂ ਵੱਧ ਜਾਣਕਾਰੀ ਦੇਣ ਅਤੇ ਆਮ ਲੋਕਾਂ ਨੂੰ ਇਨੁਮੀਰੇਸ਼ਨ ਫਾਰਮ ਭਰਨ ਬਾਰੇ ਜਾਣੂ ਕਰਵਾਉਣ, ਤਾਂ ਕਿ ਕੋਈ ਵੀ ਯੋਗ ਵੋਟਰ ਆਪਣੇ ਵੋਟ ਦੇ ਅਧਿਕਾਰ ਤੋਂ ਵਾਂਝਾ ਨਾ ਰਹੇ।

# ਪਿੰਡ ਖਾਈ ਵਿਖੇ ਹੋਇਆ ਦਸ ਰੋਜ਼ਾ ਗੁਰਮਤਿ ਸਿਖਲਾਈ ਕੈਂਪ ਦਾ ਆਯੋਜਨ

**ਅਜਾਦ ਸੋਚ, ਸ਼ੰਭੂ ਗੋਇਲ, ਲਹਿਰਾਗਾਗਾ, 18 ਜੂਨ:**



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇੱਥੋਂ ਅਤੀ ਨੇੜਲੇ ਪਿੰਡ ਖਾਈ ਦੇ ਗੁਰਦੁਆਰਾ ਸਾਹਿਬ ਵਿਖੇ 10 ਰੋਜ਼ਾ ਗੁਰਮਤਿ ਸਿਖਲਾਈ ਕੈਂਪ ਲੋਕਲ ਗੁਰਦੁਆਰਾ ਕਮੇਟੀ ਦੇ ਸਹਿਯੋਗ ਨਾਲ ਲਾਇਆ ਗਿਆ, ਜਿਸ ਵਿੱਚ 25 ਬੱਚਿਆਂ ਨੇ ਭਾਗ ਲਿਆ। ਗੁਰਮਤ ਦੀ ਸਿਖਲਾਈ ਸ਼੍ਰੋਮਣੀ ਕਮੇਟੀ ਦੇ ਪ੍ਰਚਾਰਕ ਭਾਈ ਬਲਵਿੰਦਰ ਸਿੰਘ ਗਾਗਾ ਨੇ ਦਿੱਤੀ। ਕੈਂਪ ਦੇ ਅਖੀਰਲੇ ਦਿਨ ਸ਼ਾਮਲ ਹੋਏ ਬੱਚਿਆਂ ਦੇ ਆਪਸੀ ਮੁਕਾਬਲੇ ਕਰਵਾਏ ਗਏ। ਜਿਸ ਵਿੱਚ ਪਹਿਲੀ ਪੁਜੀਸ਼ਨ ਜਸਪ੍ਰੀਤ ਕੌਰ, ਦੂਜੀ ਪੁਜੀਸ਼ਨ ਏਕਜੋਤ ਕੌਲ ਅਤੇ ਤੀਜੀ ਪੁਜੀਸ਼ਨ ਜੈਸਮੀਨ ਕੌਰ ਨੇ ਪ੍ਰਾਪਤ ਕੀਤੀ। ਪੁਜੀਸ਼ਨਾਂ ਹਾਸਿਲ ਕਰਨ ਵਾਲੀਆਂ ਲੜਕੀਆਂ ਨੂੰ ਜਥੇਦਾਰ ਰਾਮਪਾਲ ਸਿੰਘ ਬਹਿਣੀਵਾਲ ਮੈਂਬਰ ਧਰਮ ਪ੍ਰਚਾਰ ਕਮੇਟੀ ਸ਼੍ਰੀ ਅੰਮ੍ਰਿਤਸਰ ਨੇ ਲੋਈਆਂ, ਮੈਡਲ, ਸਰਟੀਫਿਕੇਟ ਅਤੇ ਧਾਰਮਿਕ ਪੁਸਤਕਾਂ ਦੇ ਕੇ ਸਨਮਾਨਿਤ ਕੀਤਾ। ਕੈਂਪ ਵਿੱਚ ਸ਼ਾਮਿਲ ਬੱਚਿਆਂ ਨੂੰ ਵੀ ਸਰਟੀਫਿਕੇਟ, ਮੈਡਲ, ਧਾਰਮਿਕ ਪੁਸਤਕਾਂ ਦਿੱਤੀਆਂ ਗਈਆਂ। ਇਸ ਮੌਕੇ ਬੋਲਦਿਆਂ ਜਥੇਦਾਰ ਬਹਿਣੀਵਾਲ ਨੇ ਕਿਹਾ, ਕਿ ਗੁਰਬਾਣੀ ਸਾਡੇ ਗੁਰੂ ਸਾਹਿਬਾਨ, ਭਗਤਾਂ, ਭੱਟਾਂ ਅਤੇ ਗੁਰਸਿੱਖਾਂ ਵੱਲੋਂ ਉਚਾਰੀ ਗਈ ਹੈ। ਜੋ ਗੁਰੂ ਗ੍ਰੰਥ ਸਾਹਿਬ ਜੀ ਦੇ ਰੂਪ ਵਿੱਚ ਸਾਨੂੰ ਗੁਰੂ ਸਾਹਿਬ ਜੀ ਦੇ ਕੇ ਗਏ ਹਨ। ਇਸ ਲਈ ਸਾਨੂੰ ਗੁਰਬਾਣੀ ਦਾ ਗਿਆਨ ਪ੍ਰਾਪਤ ਕਰਨ ਲਈ ਹਰ ਰੋਜ਼ਾਨਾ ਗੁਰਬਾਣੀ ਪੜਨੀ ਚਾਹੀਦੀ ਹੈ।ਇਸ ਮੌਕੇ ਗੁਰੂ ਘਰ ਦੇ ਮੁੱਖ ਗ੍ਰੰਥੀ ਭਾਈ ਕੁਲਦੀਪ ਸਿੰਘ, ਰਾਮ ਚੰਦਰ ਸਿੰਘ ਖਾਈ ਪ੍ਰਧਾਨ, ਪੂਰਨ ਸਿੰਘ ਖਾਈ, ਪਾਲ ਸਿੰਘ ਖਾਈ, ਛੋਟਾ ਸਿੰਘ, ਜੁਗਰਾਜ ਸਿੰਘ, ਰਾਜਪਾਲ ਸਿੰਘ ਰਾਜੂ, ਛੱਜੂ ਸਿੰਘ ਧਾਲੀਵਾਲ ਸਮੇਤ ਵੱਡੀ ਗਿਣਤੀ ਵਿੱਚ ਸੰਗਤ ਹਾਜ਼ਰ ਸੀ। ਇਸ ਮੌਕੇ ਸ਼੍ਰੋਮਣੀ ਕਮੇਟੀ ਵੱਲੋਂ ਹਾਜ਼ਰ ਸੰਗਤਾਂ ਨੂੰ ਨਾਨਕਸ਼ਾਹੀ ਕੈਲੰਡਰ, ਜੰਤਰੀਆਂ ਅਤੇ ਧਾਰਮਿਕ ਪੁਸਤਕਾਂ ਸਮੂੱਚੀਆਂ ਸੰਗਤਾਂ ਨੂੰ ਮੁਫਤ ਵੰਡੀਆਂ ਗਈਆਂ। ਲੋਕਲ ਕਮੇਟੀ ਵੱਲੋਂ ਜਥੇਦਾਰ ਰਾਮਪਾਲ ਸਿੰਘ ਬਹਿਣੀਵਾਲ ਅਤੇ ਸਮੁੱਚੀ ਟੀਮ ਦਾ ਸਿਰੋਪਾਓ ਪਾ ਕੇ ਸਨਮਾਨ ਕੀਤਾ।

# ਆਉਂਦੀਆਂ ਚੋਣਾਂ ਸਮੇਂ ਵਿਕਾਸ ਕੰਮਾਂ ਦੇ ਨਾਂ 'ਤੇ ਮੰਗਾਂਗੇ ਵੋਟ : ਮੰਤਰੀ ਗੋਇਲ

## ਮੰਤਰੀ ਗੋਇਲ ਵੱਲੋਂ ਵੱਖ ਵੱਖ ਪਿੰਡਾਂ ਵਿੱਚ ਕੀਤਾ ਗਿਆ ਲੋਕ ਮਿਲਣੀ ਪ੍ਰੋਗਰਾਮ




**ਆਜ਼ਾਦ ਸੋਚ, ਸ਼ੈਂਫੂ ਗੋਇਲ, ਲਹਿਰਾਗਾਗਾ, 18 ਜੂਨ:**

ਮਿਸ਼ਨ ਵਿਧਾਨ ਸਭਾ ਚੋਣਾਂ 2027 ਦੀ ਤਿਆਰੀ ਦੇ ਤਹਿਤ ਆਮ ਆਦਮੀ ਪਾਰਟੀ ਵੱਲੋਂ ਚਲਾਏ ਗਏ ਪ੍ਰੋਗਰਾਮ "ਲੋਕ ਮਿਲਣੀ" ਦੇ ਤਹਿਤ ਕੈਬਨਿਟ ਮੰਤਰੀ ਐਡਵੋਕੇਟ ਬਰਿੰਦਰ ਗੋਇਲ ਵੱਲੋਂ ਅੱਜ ਲਹਿਰਾਗਾਗਾ ਦੇ ਨੇੜਲੇ ਪਿੰਡ ਅੜਕਵਾਸ, ਰਾਮਗੜ੍ਹ ਸੰਧੂਆਂ, ਸੇਖੂਵਾਸ ,ਲਹਿਲ ਕਲਾਂ, ਭੁਟਾਲ ਕਲਾਂ, ਭੁਟਾਲ ਖੁਰਦ ਵਿਖੇ ਲੋਕਾਂ ਨਾਲ ਮਿਲਣੀ ਕਰਦਿਆਂ ਜਿੱਥੇ ਲੋਕਾਂ ਦੀਆਂ ਮੁਸ਼ਕਿਲਾਂ ਨੂੰ ਸੁਣਿਆ,ਉਥੇ ਹੀ ਸਰਕਾਰ ਦੀਆਂ ਪ੍ਰਾਪਤੀਆਂ ਨੂੰ ਲੋਕਾਂ ਸਾਹਮਣੇ ਰੱਖਿਆ ਗਿਆ। ਵੱਖ-ਵੱਖ ਪਿੰਡਾਂ ਅੰਦਰ ਲੋਕਾਂ ਨੂੰ ਸੰਬੋਧਨ ਕਰਦਿਆਂ ਮੰਤਰੀ ਗੋਇਲ ਨੇ ਕਿਹਾ, ਕਿ ਆਪ ਵੱਲੋਂ 2022 ਵਿਧਾਨ ਸਭਾ ਚੋਣਾਂ ਸਮੇਂ ਕੀਤੇ ਗਏ ਸਾਰੇ ਵਾਅਦੇ ਪੂਰੇ ਕਰ ਦਿੱਤੇ ਗਏ ਹਨ। ਜਿਸ ਦੇ ਚਲਦੇ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਇੱਕ ਵਾਰ ਫਿਰ ਪੂਰਨ ਬਹੁਮਤ ਹਾਸਿਲ ਕਰਕੇ ਸੱਤਾ ਵਿੱਚ ਆਵੇਗੀ। ਉਨ੍ਹਾਂ ਕਿਹਾ ਕਿ ਅਕਾਲੀ ਦਲ ਸਮੇਤ ਵਿਰੋਧੀ ਪਾਰਟੀਆਂ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ ਨੂੰ ਬਦਨਾਮ ਕਰਨ ਲਈ ਤਰ੍ਹਾਂ ਤਰ੍ਹਾਂ ਦੀਆਂ ਚਾਲਾਂ ਚੱਲ ਰਹੀਆਂ ਹਨ।ਪਰ ਇਨ੍ਹਾਂ ਦੀਆਂ ਸਾਰੀਆਂ ਚਾਲਾਂ ਪੰਜਾਬ ਦੇ ਲੋਕ ਫੇਲ ਕਰ ਦੇਣਗੇ।ਉਨ੍ਹਾਂ ਸਰਕਾਰ ਦੀਆਂ ਪ੍ਰਾਪਤੀਆਂ ਦੱਸਦਿਆ ਕਿਹਾ ਕਿ ਦੇਸ਼ ਦੇ ਇਤਿਹਾਸ ਵਿੱਚ ਇਹ ਪਹਿਲੀ ਵਾਰ ਹੋਇਆ ਕਿ ਪੰਜਾਬ ਅੰਦਰ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਹਰ ਵਰਗ ਲਈ 600 ਯੂਨਿਟ ਬਿਜਲੀ ਮਾਫ ਕੀਤੀ ਹੈ। 65 ਹਜ਼ਾਰ ਤੋਂ ਵੱਧ ਬੇਰੁਜ਼ਗਾਰਾਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ। ਹਰ ਖੇਤ ਤੱਕ ਅੰਡਰ ਗਰਾਊਂਡ ਪਾਈਪਲਾਈਨ ਪਾ ਕੇ ਨਹਿਰੀ ਪਾਣੀ ਪਹੁੰਚਾਇਆ ਗਿਆ, ਸਿਹਤ ਅਤੇ ਸਿੱਖਿਆ ਦੇ ਖੇਤਰ ਵਿੱਚ ਕੀਤੇ ਗਏ ਕ੍ਰਾਂਤੀਕਾਰੀ ਬਦਲਾਵ ਅੱਜ ਦੇਸ਼ ਵਿੱਚ ਹੀ ਨਹੀਂ ਬਲਕਿ ਪੂਰੀ ਦੁਨੀਆਂ ਵਿੱਚ ਮਿਸਾਲ ਬਣ ਚੁੱਕੇ ਹਨ। ਉਨ੍ਹਾਂ ਲੋਕਾਂ ਨੂੰ ਸੁਚੇਤ ਕਰਦਿਆਂ ਕਿਹਾ ਕਿ ਐਸ ਆਈ ਆਰ (ਵੋਟਰ ਸੂਚੀ ਦੀ ਵਿਸ਼ੇਸ਼ ਸੋਧ) ਦੀ ਆੜ ਵਿੱਚ ਬੀਜੇਪੀ ਵੋਟਾਂ ਕੱਟਣ ਦੀ ਸਾਜਿਸ਼ ਰਚ ਰਹੀ ਹੈ ਅਤੇ ਲੋਕਾਂ ਨੂੰ ਧਰਮ ਅਤੇ ਜਾਤ ਦੇ ਨਾਂ ਤੇ ਲੜਾ ਕੇ ਪੰਜਾਬ ਦੀ ਸੱਤਾ ਵਿੱਚ ਆਉਣਾ ਚਾਹੁੰਦੀ ਹੈ। ਮੰਤਰੀ ਗੋਇਲ ਨੇ ਭਾਜਪਾ ਨੂੰ ਕਰੜੇ ਹੱਥੀ ਲੈਂਦਿਆਂ ਕਿਹਾ, ਕਿ ਕੇਂਦਰ ਦੀ ਭਾਜਪਾ ਸਰਕਾਰ ਪੰਜਾਬ ਦਾ ਰੂਰਲ ਡਿਵੈਲਪਮੈਂਟ ਫੰਡ ਨਹੀਂ ਦੇ ਰਹੀ, ਇਸ ਤੋਂ ਸਪਸ਼ਟ ਹੁੰਦਾ ਕਿ ਭਾਜਪਾ ਪੰਜਾਬ, ਕਿਸਾਨ ਅਤੇ ਵਪਾਰੀ ਵਿਰੋਧੀ ਹੈ, ਇਸ ਦੌਰੇ ਦੌਰਾਨ ਵੱਖ-ਵੱਖ ਪਿੰਡਾਂ ਅੰਦਰ ਮੰਤਰੀ ਗੋਇਲ ਦਾ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਮੰਤਰੀ ਗੋਇਲ ਦੇ ਨਾਲ ਉਹਨਾਂ ਦੇ ਓਐਸਡੀ ਰਕੇਸ਼ ਕੁਮਾਰ ਗੁਪਤਾ ਵਿੱਕੀ, ਮਾਰਕਿਟ ਕਮੇਟੀ ਲਹਿਰਾ ਦੇ ਚੇਅਰਮੈਨ ਸ਼ਸ਼ੀਪਾਲ ਅਨੰਦ, ਟਰੱਕ ਯੂਨੀਅਨ ਦੇ ਸਾਬਕਾ ਪ੍ਰਧਾਨ ਦਰਬਾਰਾ ਸਿੰਘ ਹੈਪੀ, ਯੂਥ ਆਗੂ ਅਜੇ ਕੁਮਾਰ ਠੋਲੀ ,ਪਰਵੀਨ ਕੁਮਾਰ ਟਿੰਕਾ, ਰਤਨ ਸ਼ਰਮਾ, ਟਰੇਡ ਵਿੰਗ ਦੇ ਚੇਅਰਮੈਨ ਪ੍ਰਿੰਸ ਗਰਗ ਤੋਂ ਇਲਾਵਾ ਵੱਡੀ ਗਿਣਤੀ ਆਗੂ ਅਤੇ ਵਲੰਟੀਅਰ ਹਾਜ਼ਰ ਸਨ।

# ਪਹਿਲੀ ਵਿਸ਼ਵ ਯੋਗਾਸਨ ਚੈਂਪੀਅਨਸ਼ਿਪ ਦੇ ਜੇਤੂ ਖਿਡਾਰੀਆਂ ਨੇ ਮੁੱਖ ਮੰਤਰੀ ਸੈਣੀ ਨਾਲ ਕੀਤੀ ਮੁਲਾਕਾਤ

**ਆਜ਼ਾਦ ਸੋਚ, ਚੰਡੀਗੜ੍ਹ, 18 ਜੂਨ:**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨਾਲ ਪਹਿਲੀ ਵਿਸ਼ਵ ਯੋਗਾਸਨ ਚੈਂਪੀਅਨਸ਼ਿਪ ਵਿੱਚ ਹਰਿਆਣਾ ਦੀ ਨੁਮਾਇੰਦਗੀ ਕਰਨ ਵਾਲੇ ਖਿਡਾਰੀਆਂ ਨੇ ਮੁਲਾਕਾਤ ਕੀਤੀ। ਇਹ ਮੁਲਾਕਾਤ ਚੰਡੀਗੜ੍ਹ ਸਥਿਤ ਸੰਤ ਕਬੀਰ ਕੁਟੀਰ ਵਿਖੇ ਹੋਈ। ਇਸ ਮੌਕੇ ਹਰਿਆਣਾ ਯੋਗ ਕਮਿਸ਼ਨ ਦੇ ਚੇਅਰਮੈਨ ਡਾ. ਜੈਦੀਪ ਆਰੀਆ ਅਤੇ ਹਰਿਆਣਾ ਯੋਗਾਸਨ ਸਪੋਰਟਸ ਐਸੋਸੀਏਸ਼ਨ ਦੇ ਜਨਰਲ ਸਕੱਤਰ ਡਾ. ਸੁੱਧਦੀਪ ਵੀ ਮੌਜੂਦ ਰਹੇ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਖਿਡਾਰੀਆਂ ਨੂੰ ਉਨ੍ਹਾਂ ਦੀ ਇਸ ਪ੍ਰਾਪਤੀ 'ਤੇ ਵਧਾਈ ਦਿੰਦਿਆਂ ਕਿਹਾ ਕਿ ਹਰਿਆਣਾ ਸਰਕਾਰ ਯੋਗ ਅਤੇ ਯੋਗਾਸਨ ਦੇ ਪ੍ਰਚਾਰ-ਪ੍ਰਸਾਰ ਅਤੇ ਖਿਡਾਰੀਆਂ ਨੂੰ ਬਿਹਤਰ ਮੌਕੇ ਮੁਹੱਈਆ ਕਰਵਾਉਣ ਲਈ ਲਗਾਤਾਰ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਯੋਗ ਭਾਰਤੀ ਸੰਸਕ੍ਰਿਤੀ ਦੀ ਅਮੁੱਲ ਵਿਰਾਸਤ ਹੈ ਅਤੇ ਇਸ ਨੂੰ ਜਨ-ਜਨ ਤੱਕ ਪਹੁੰਚਾਉਣ ਲਈ ਰਾਜ ਸਰਕਾਰ ਵਚਨਬੱਧ ਹੈ। ਮੁੱਖ ਮੰਤਰੀ ਨੇ ਖਿਡਾਰੀਆਂ ਨੂੰ ਭਵਿੱਖ ਵਿੱਚ ਵੀ ਸ਼ਾਨਦਾਰ ਪ੍ਰਦਰਸ਼ਨ ਕਰਕੇ ਦੇਸ਼ ਅਤੇ ਸੂਬੇ ਦਾ ਨਾਂ ਰੌਸ਼ਨ ਕਰਨ ਲਈ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਖਿਡਾਰੀਆਂ ਨੇ ਮੁੱਖ ਮੰਤਰੀ ਨੂੰ ਯੋਗਾਸਨ ਖੇਡ ਨੂੰ ਹਰਿਆਣਾ ਦੀ ਖੇਡ ਨੀਤੀ ਵਿੱਚ ਸ਼ਾਮਲ ਕਰਨ ਅਤੇ ਯੋਗਾਸਨ ਖਿਡਾਰੀਆਂ ਨੂੰ ਹੋਰ ਖੇਡਾਂ ਦੇ ਖਿਡਾਰੀਆਂ ਦੇ ਬਰਾਬਰ ਸਹੂਲਤਾਂ ਮੁਹੱਈਆ ਕਰਵਾਉਣ ਦੀ ਅਪੀਲ ਕੀਤੀ। ਪਹਿਲੀ ਵਿਸ਼ਵ ਯੋਗਾਸਨ ਚੈਂਪੀਅਨਸ਼ਿਪ ਵਿੱਚ ਭਾਰਤੀ ਟੀਮ ਦਾ ਹਿੱਸਾ ਰਹੇ ਹਰਿਆਣਾ ਦੇ 11 ਖਿਡਾਰੀਆਂ ਵਿੱਚ ਅਭਿਸ਼ੇਕ ਸ਼ਰਮਾ, ਅਰਜੁਨ, ਸੁਮਿਤ, ਵਿਕਾਸ ਲਾਠਰ, ਹਰੀ ਸ਼ੰਕਰ, ਬੀਰੇਂਦਰ ਕੁਮਾਰ ਯਾਦਵ, ਮਨੀਸ਼ਾ, ਮਧੂ ਵਰਮਾ, ਦੇਵੀ, ਸ੍ਰਿਸ਼ਟੀ ਅਤੇ ਦੇਵਾਂਸ਼ੀ ਸ਼ਾਮਲ ਰਹੇ। ਖਿਡਾਰੀਆਂ ਨੇ ਮੁੱਖ ਮੰਤਰੀ ਨੂੰ ਵਿਸ਼ਵ ਚੈਂਪੀਅਨਸ਼ਿਪ ਵਿੱਚ ਆਪਣੇ ਪ੍ਰਦਰਸ਼ਨ ਦੀ ਜਾਣਕਾਰੀ ਦਿੱਤੀ ਅਤੇ ਵਿਸ਼ਵਾਸ ਪ੍ਰਗਟਾਇਆ ਕਿ ਰਾਜ ਸਰਕਾਰ ਦੇ ਸਹਿਯੋਗ ਅਤੇ ਪ੍ਰੋਤਸਾਹਨ ਨਾਲ ਉਹ ਭਵਿੱਖ ਵਿੱਚ ਵੀ ਅੰਤਰਰਾਸ਼ਟਰੀ ਪੱਧਰ 'ਤੇ ਹਰਿਆਣਾ ਅਤੇ ਭਾਰਤ ਦਾ ਨਾਂ ਰੌਸ਼ਨ ਕਰਦੇ ਰਹਿਣਗੇ। ਹਰਿਆਣਾ ਯੋਗ ਕਮਿਸ਼ਨ ਦੇ ਚੇਅਰਮੈਨ ਡਾ. ਜੈਦੀਪ ਆਰੀਆ ਨੇ ਮੁਲਾਕਾਤ ਨੂੰ ਸਕਾਰਾਤਮਕ ਦੱਸਦਿਆਂ ਕਿਹਾ ਕਿ ਯੋਗ ਅਤੇ ਯੋਗਾਸਨ ਨੂੰ ਜਨ-ਜਨ ਤੱਕ ਪਹੁੰਚਾਉਣ ਲਈ ਕਮਿਸ਼ਨ ਲਗਾਤਾਰ ਕੰਮ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਖਿਡਾਰੀਆਂ ਦੀ ਇਹ ਪ੍ਰਾਪਤੀ ਸੂਬੇ ਲਈ ਮਾਣ ਵਾਲੀ ਗੱਲ ਹੈ ਅਤੇ ਇਸ ਨਾਲ ਨੌਜਵਾਨਾਂ ਨੂੰ ਯੋਗ ਅਪਣਾਉਣ ਦੀ ਪ੍ਰੇਰਨਾ ਮਿਲੇਗੀ। ਹਰਿਆਣਾ ਦੇ ਖਿਡਾਰੀ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਲਗਾਤਾਰ ਸ਼ਾਨਦਾਰ ਪ੍ਰਦਰਸ਼ਨ ਕਰ ਰਹੇ ਹਨ। ਇਸ ਮੌਕੇ ਹਰਿਆਣਾ ਯੋਗ ਕਮਿਸ਼ਨ ਦੇ ਉਪ-ਚੇਅਰਮੈਨ ਸ਼੍ਰੀ ਰੋਸ਼ਨ ਲਾਲ, ਰਜਿਸਟਰਾਰ ਡਾ. ਰਾਜਕੁਮਾਰ, ਰਾਸ਼ਟਰੀ ਕੋਚ ਵਿਕਾਸ ਪਚੌਰੀ ਅਤੇ ਕੋਮਲ ਵਰਮਾ, ਰਾਜ ਕੋਚ ਅੰਸ਼, ਕੀਰਤੀ ਇੰਸਾਂ ਅਤੇ ਨਿਤਿਨ ਕੁਮਾਰ ਸਮੇਤ ਸਾਰੇ ਖਿਡਾਰੀ ਮੌਜੂਦ ਸਨ।

# ਗੁਰਦੁਆਰਾ ਰੋੜੀ ਸਾਹਿਬ ਪਿੰਡ ਬੌੜਾਈ ਕਲਾਂ ਵਿਖੇ ਸ਼੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਸ਼ਰਧਾਪੂਰਵਕ ਮਨਾਇਆ ਗਿਆ

**ਆਜ਼ਾਦ ਸੋਚ, ਡਾ. ਅਕਬਰ ਮਹਿਬੂਬ, ਅਹਿਮਦਗੜ੍ਹ, 18 ਜੂਨ:**



ਛੇਵੀਂ ਪਾਤਸ਼ਾਹੀ ਗੁਰਦੁਆਰਾ ਰੋੜੀ ਸਾਹਿਬ ਪਿੰਡ ਬੌੜਾਈ ਕਲਾਂ ਵਿਖੇ ਸ਼ਹੀਦਾਂ ਦੇ ਸਿਰਤਾਜ, ਸ਼ਾਂਤੀ ਦੇ ਪੁੰਜ ਅਤੇ ਸਿੱਖਾਂ ਦੇ ਪੰਜਵੇਂ ਗੁਰੂ, ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਬਹੁਤ ਹੀ ਸ਼ਰਧਾ ਅਤੇ ਸਤਿਕਾਰ ਸਹਿਤ ਮਨਾਇਆ ਗਿਆ। ਇਸ ਧਾਰਮਿਕ ਸਮਾਗਮ ਦੇ ਸਬੰਧ ਵਿੱਚ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ, ਜਿਸ ਤੋਂ ਬਾਅਦ ਸੰਗਤਾਂ ਨੇ ਇਲਾਹੀ ਗੁਰਬਾਣੀ ਦਾ ਕੀਰਤਨ ਬਹੁਤ ਹੀ ਸ਼ਰਧਾ ਨਾਲ ਸਰਵਣ ਕੀਤਾ।ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਨਿਰਮਲ ਸਿੰਘ ਬੌੜਾਈ ਕਲਾਂ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਲਾਸਾਨੀ ਸ਼ਹਾਦਤ ਪੂਰੀ ਮਨੁੱਖਤਾ ਲਈ ਪ੍ਰੇਰਨਾ ਸਰੋਤ ਹੈ। ਉਨ੍ਹਾਂ ਨੇ ਹੱਕ, ਸੱਚ ਅਤੇ ਧਰਮ ਦੀ ਰੱਖਿਆ ਲਈ ਅਸਹਿ ਤੇ ਅਕਹਿ ਕਸ਼ਟ ਸਹਾਰਦੇ ਹੋਏ ਤੱਤੀ ਤਵੀ 'ਤੇ ਬੈਠ ਕੇ 'ਤੇਰਾ ਕੀਆ ਮੀਠਾ ਲਾਗੈ' ਦਾ ਮਹਾਨ ਉਪਦੇਸ਼ ਦੁਨੀਆ ਦੇ ਸਾਹਮਣੇ ਰੱਖਿਆ। ਅੱਜ ਦੇ ਇਸ ਪਵਿੱਤਰ ਦਿਹਾੜੇ 'ਤੇ ਸਾਡਾ ਸਾਰਿਆਂ ਦਾ ਫ਼ਰਜ਼ ਬਣਦਾ ਹੈ ਕਿ ਅਸੀਂ ਗੁਰੂ ਸਾਹਿਬ ਦੇ ਦੱਸੇ ਹੋਏ ਨਿਮਰਤਾ, ਸੇਵਾ ਅਤੇ ਸਿਮਰਨ ਦੇ ਮਾਰਗ 'ਤੇ ਚੱਲੀਏ ਅਤੇ ਆਪਣਾ ਜੀਵਨ ਸਫ਼ਲ ਬਣਾਈਏ।"ਇਸ ਮੌਕੇ ਪ੍ਰਧਾਨ ਨਿਰਮਲ ਸਿੰਘ ਅਤੇ ਸਮੂਹ ਕਮੇਟੀ ਮੈਂਬਰਾਂ ਵੱਲੋਂ ਇਸ ਭਿਆਨਕ ਗਰਮੀ ਦੇ ਮੌਸਮ ਨੂੰ ਮੁੱਖ ਰੱਖਦਿਆਂ ਸੰਗਤਾਂ ਅਤੇ ਰਾਹਗੀਰਾਂ ਲਈ ਠੰਡੇ-ਮਿੱਠੇ ਪਾਣੀ ਦੀ ਛਬੀਲ ਲਗਾਈ ਗਈ। ਇਸ ਦੇ ਨਾਲ ਹੀ ਗੁਰੂ ਕੇ ਲੰਗਰ ਪ੍ਰਸ਼ਾਦਿਆਂ ਦਾ ਅਤੁੱਟ ਵਰਤਾਰਾ ਵੀ ਨਿਰੰਤਰ ਚੱਲਿਆ। ਇਸ ਧਾਰਮਿਕ ਸਮਾਗਮ ਨੂੰ ਸਫ਼ਲ ਬਣਾਉਣ ਵਿੱਚ ਕਮੇਟੀ ਮੈਂਬਰ ਗੁਰਮੀਤ ਸਿੰਘ, ਦਲਵੀਰ ਸਿੰਘ, ਕੁਲਦੀਪ ਸਿੰਘ, ਸੁਖਜੀਤ ਸਿੰਘ, ਗੁਰਜੀਤ ਸਿੰਘ, ਬਲਜੰਦ ਸਿੰਘ ਤੋਂ ਇਲਾਵਾ ਸਮੂਹੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਹੁਦੇਦਾਰ ਮੈਂਬਰ ਸਹਿਬਾਨ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ ਨੇ ਹਾਜ਼ਰੀ ਭਰੀ। ਸਮੂਹ ਕਮੇਟੀ ਮੈਂਬਰਾਂ ਅਤੇ ਨਗਰ ਨਿਵਾਸੀਆਂ ਨੇ ਇਸ ਕਾਰਜ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਂਦਿਆਂ ਆਪਣਾ ਸੇਵਾ ਦਾ ਯੋਗਦਾਨ ਪਾਇਆ।

# ਮਜ਼ਦੂਰ ਹਿੱਤਾਂ ਪ੍ਰਤੀ ਹਰਿਆਣਾ ਸਰਕਾਰ ਦੀ ਵੱਡੀ ਪਹਿਲ - ਨਿਰਮਾਣ ਮਜ਼ਦੂਰ ਰਜਿਸਟ੍ਰੇਸ਼ਨ ਪੋਰਟਲ ਮੁੜ ਸ਼ੁਰੂ ਹੋਇਆ : ਕਿਰਤ ਮੰਤਰੀ ਅਨਿਲ ਵਿਜ

**ਆਜ਼ਾਦ ਸੋਚ, ਚੰਡੀਗੜ੍ਹ, 18 ਜੂਨ:**

ਹਰਿਆਣਾ ਦੇ ਕਿਰਤ ਮੰਤਰੀ ਸ੍ਰੀ ਅਨਿਲ ਵਿਜ ਨੇ ਕਿਹਾ ਕਿ ਸੂਬਾ ਸਰਕਾਰ ਸੂਬੇ ਦੇ ਨਿਰਮਾਣ ਕਾਮਿਆਂ ਦੀ ਭਲਾਈ ਅਤੇ ਸਮਾਜਿਕ ਸੁਰੱਖਿਆ ਲਈ ਪੂਰੀ ਤਰ੍ਹਾਂ ਪ੍ਰਤੀਬੱਧ ਹੈ। ਇਸੀ ਪ੍ਰਤੀਬੱਧਤਾ ਤਹਿਤ ਹਰਿਆਣਾ ਭਵਨ ਅਤੇ ਹੋਰ ਨਿਰਮਾਣ ਕੰਮਕਾਰ ਭਲਾਈ ਬੋਰਡ ਵੱਲੋਂ ਲੰਬੇ ਸਮੇਂ ਤੋਂ ਪੈਂਡਿੰਗ ਨਿਰਮਾਣ ਕਾਮਿਆਂ ਦੀ ਮੰਗ ਨੂੰ ਧਿਆਨ ਵਿੱਚ ਰੱਖਦੇ ਹੋਏ ਸ਼ਰਮਿਕ ਰਜਿਸਟ੍ਰੇਸ਼ਨ ਪੋਰਟਲ ਨੂੰ ਮੁੜ ਸ਼ੁਰੂ ਕਰ ਦਿੱਤਾ ਗਿਆ ਹੈ, ਤਾਂ ਜੋ ਮੌਜੂਦਾ ਅਤੇ ਯੋਗ ਕਾਮਿਆਂ ਨੂੰ ਸਰਕਾਰ ਦੀ ਭਲਾਈ ਯੋਜਨਾਵਾਂ ਦਾ ਲਾਭ ਮਿਲ ਸਕੇ। ਸ੍ਰੀ ਵਿਜ ਨੇ ਕਿਹਾ ਕਿ ਸੂਬਾ ਸਰਕਾਰ ਦਾ ਉਦੇਸ਼ ਇਹ ਯਕੀਨੀ ਕਰਨਾ ਹੈ ਕਿ ਮਜਦੂਰ ਭਲਾਈ ਯੋਜਨਾਵਾਂ ਦਾ ਲਾਭ ਸਿਰਫ ਮੌਜੂਦਾ ਅਤੇ ਯੋਗ ਲਾਭਕਾਰਾਂ ਤੱਕ ਪਹੁੰਚੇ ਅਤੇ ਇਹ ਵਿਵਸਥਾ ਵਿੱਚ ਪੂਰੀ ਪਾਰਦਰਸ਼ਿਤਾ ਅਤੇ ਜਵਾਬਦੇਹੀ ਬਣੀ ਰਹੇ। ਇਸੀ ਦ੍ਰਿਸ਼ਟੀਕੋਣ ਨਾਲ ਪਹਿਲਾਂ ਤੋਂ ਪ੍ਰਾਪਤ ਸ਼ਿਕਾਇਤਾਂ ਅਤੇ ਅਨਿਯਮਤਤਾਵਾਂ ਨੂੰ ਜਾਂਚ ਦੇ ਬਾਅਦ ਹੁਣ ਸੋਧ ਅਤੇ ਵੱਧ ਮਜ਼ਬੂਤ ਵਿਵਸਥਾ ਦੇ ਨਾਲ ਰਜਿਸਟ੍ਰੇਸ਼ਨ ਪ੍ਰਕ੍ਰਿਆ ਮੁੜ ਸ਼ੁਰੂ ਕੀਤੀ ਗਈ ਹੈ। ਉਨ੍ਹਾਂ ਨੇ ਦਸਿਆ ਕਿ ਨਿਰਮਾਣ ਕਾਮਿਆਂ ਦੇ ਨਵੇਂ ਰਜਿਸਟ੍ਰੇਸ਼ਨ ਲਈ ਆਨਲਾਇਨ ਪੋਰਟਲ ਖੋਲ ਦਿੱਤਾ ਗਿਆ ਹੈ। ਇਸ ਦੇ ਨਾਲ ਹੀ ਪਹਿਲਾਂ ਤੋਂ ਰਜਿਸਟਰਡ ਕਾਮਿਆਂ ਦੀ ਮੈਂਬਰਸ਼ਿਪ ਨਵੀਨੀਕਰਣ ਪ੍ਰਕ੍ਰਿਆ ਵੀ ਮੁੜ ਸ਼ੁਰੂ ਕਰ ਦਿੱਤੀਆਂ ਗਈਆਂ ਹਨ, ਜੋ ਤਸਦੀਕ ਅਤੇ ਜਾਂਚ ਪ੍ਰਕ੍ਰਿਆ ਦੇ ਦੌਰਾਨ ਯੋਗ ਪਾਏ ਗਏ ਸਨ। ਕਿਰਤ ਮੰਤਰੀ ਨੇ ਕਿਹਾ ਕਿ ਸਰਕਾਰ ਨੇ ਮਜ਼ਦੂਰਾਂ ਦੇ ਹਿੱਤਾਂ ਦੀ ਰਾਖੀ ਦੇ ਨਾਲ-ਨਾਲ ਵਿਵਸਥਾ ਦੀ ਸ਼ੁੱਧਤਾ ਬਣਾਈ ਰੱਖਣ ਲਈ ਸੰਤੁਲਿਤ ਕਦਮ ਚੁੱਕੇ ਹਨ। ਜਿਨ੍ਹਾਂ ਮਾਮਲਿਆਂ ਵਿੱਚ ਜਾਂਚ ਦੌਰਾਨ ਰਜਿਸਟ੍ਰੇਸ਼ਨ ਅਯੋਗ ਜਾਂ ਅਪਾਤਰ ਪਾਈ ਗਈ ਸੀ, ਉਨ੍ਹਾਂ ਲਈ ਵੀ ਇੱਕ ਨਿਆਂਪੂਰਣ ਵਿਵਸਥਾ ਬਣਾਈ ਗਈ ਹੈ। ਅਜਿਹੇ ਮਜ਼ਦੂਰਾਂ ਦੀਆਂ ਸ਼ਿਕਾਇਤਾਂ ਅਤੇ ਇਤਰਾਜਾਂ ਦੇ ਨਿਵਾਰਣ ਲਈ ਖੇਤਰੀ ਅਧਿਕਾਰੀਆਂ ਦੀ ਇੱਕ ਸ਼ਿਕਾਇਤ ਨਿਵਾਰਣ ਕਮੇਟੀ ਗਠਿਤ ਕੀਤੀ ਗਈ ਹੈ। ਸੰਬੰਧਿਤ ਮਜ਼ਦੂਰ ਨਿਰਧਾਰਿਤ ਪ੍ਰਕਿਰਿਆ ਦੇ ਤਹਿਤ ਕਮੇਟੀ ਦੇ ਸਾਹਮਣੇ ਆਪਣਾ ਪੱਖ ਰੱਖ ਸਕਣਗੇ, ਜਿਸ 'ਤੇ ਨਿਰਪੱਖ ਰੂਪ ਨਾਲ ਵਿਚਾਰ ਕੀਤਾ ਜਾਵੇਗਾ। ਸ੍ਰੀ ਅਨਿਲ ਵਿੱਜ ਨੇ ਕਿਹਾ ਕਿ ਮਜ਼ਦੂਰ ਸੂਬੇ ਦੇ ਵਿਕਾਸ ਦੀ ਰੀੜ੍ਹ ਹਨ ਅਤੇ ਉਨ੍ਹਾਂ ਦੀ ਮਿਹਨਤ ਨਾਲ ਹੀ ਸੂਬੇ ਵਿੱਚ ਬੁਨਿਆਦੀ ਢਾਂਚਾ ਅਤੇ ਵਿਕਾਸ ਪ੍ਰੋਜੈਕਟ ਆਕਾਰ ਲੈਂਦੇ ਹਨ। ਇਸ ਲਈ ਸਰਕਾਰ ਉਨ੍ਹਾਂ ਦੀ ਸਮਾਜਿਕ ਸੁਰੱਖਿਆ, ਆਰਥਿਕ ਸਹਾਇਤਾ ਅਤੇ ਭਲਾਈ ਸਹੂਲਤਾਂ ਨੂੰ ਸਰਵਉੱਚ ਤਰਜੀਹ ਦਿੰਦੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਇਹ ਯਕੀਨੀ ਬਣਾਏਗੀ ਕਿ ਭਵਿੱਖ ਵਿੱਚ ਰਜਿਸਟ੍ਰੇਸ਼ਨ ਪ੍ਰਕਿਰਿਆ ਪੂਰੀ ਤਰ੍ਹਾਂ ਪਾਰਦਰਸ਼ੀ, ਤਕਨੀਕ ਆਧਾਰਿਤ ਅਤੇ ਤਸਦੀਕ ਮਾਪਦੰਡਾਂ ਦੇ ਅਨੁਕੂਲ ਸੰਚਾਲਿਤ ਹੋਵੇ, ਤਾਂ ਜੋ ਕਿਸੇ ਵੀ ਤਰ੍ਹਾਂ ਦੀ ਬੇਨਿਯਮੀ ਦੀ ਸੰਭਾਵਨਾ ਖਤਮ ਹੋ ਸਕੇ ਅਤੇ ਯੋਗ ਮਜ਼ਦੂਰਾਂ ਨੂੰ ਬਿਨਾਂ ਕਿਸੇ ਰੁਕਾਵਟ ਦੇ ਲਾਭ ਪ੍ਰਾਪਤ ਹੋਵੇ। ਸ੍ਰੀ ਵਿੱਜ ਨੇ ਸਾਰੇ ਅਸਲ ਅਤੇ ਯੋਗ ਨਿਰਮਾਣ ਮਜ਼ਦੂਰਾਂ ਨੂੰ ਅਪੀਲ ਕੀਤੀ ਕਿ ਉਹ ਨਿਰਧਾਰਿਤ ਨਿਯਮਾਂ ਅਤੇ ਜ਼ਰੂਰੀ ਦਸਤਾਵੇਜ਼ਾਂ ਦੇ ਨਾਲ ਆਪਣੀ ਰਜਿਸਟ੍ਰੇਸ਼ਨ ਜਾਂ ਨਵੀਨੀਕਰਣ ਕਰਵਾਉਣ ਅਤੇ ਸਰਕਾਰ ਦੁਆਰਾ ਚਲਾਈਆਂ ਜਾ ਰਹੀਆਂ ਵੱਖ-ਵੱਖ ਭਲਾਈ ਯੋਜਨਾਵਾਂ ਦਾ ਲਾਭ ਉਠਾਉਣ। ਉਨ੍ਹਾਂ ਕਿਹਾ ਕਿ ਹਰਿਆਣਾ ਸਰਕਾਰ ਅਤੇ ਹਰਿਆਣਾ ਇਮਾਰਤ ਅਤੇ ਹੋਰ ਨਿਰਮਾਣ ਕਾਮੇ ਭਲਾਈ ਬੋਰਡ (ਬਿਲਡਿੰਗ ਐਂਡ ਅਦਰ ਕੰਸਟ੍ਰਕਸ਼ਨ ਵਰਕਰਜ਼ ਵੈਲਫੇਅਰ ਬੋਰਡ) ਅਸਲ ਮਜ਼ਦੂਰਾਂ ਦੇ ਹਿੱਤਾਂ ਦੀ ਰਾਖੀ ਕਰਨ ਅਤੇ ਉਨ੍ਹਾਂ ਨੂੰ ਪਾਰਦਰਸ਼ੀ ਅਤੇ ਪ੍ਰਭਾਵਸ਼ਾਲੀ ਤਰੀਕੇ ਨਾਲ ਲਾਭ ਪਹੁੰਚਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹਨ। ਸਰਕਾਰ ਦਾ ਟੀਚਾ ਅਤੇ ਉਦੇਸ਼ ਹੈ ਕਿ ਕੋਈ ਵੀ ਯੋਗ ਮਜ਼ਦੂਰ ਯੋਜਨਾਵਾਂ ਦੇ ਲਾਭ ਤੋਂ ਵਾਂਝਾ ਨਾ ਰਹੇ ਅਤੇ ਮਜ਼ਦੂਰ ਭਲਾਈ ਦੀ ਹਰੇਕ ਯੋਜਨਾ ਦਾ ਲਾਭ ਸਹੀ ਵਿਅਕਤੀ ਤੱਕ ਪਹੁੰਚੇ।

# ਸ਼੍ਰੀ ਗੁਰੂ ਅਰਜਨ ਦੇਵ ਜੀ ਦੇ 420ਵੇਂ ਸ਼ਹੀਦੀ ਦਿਹਾੜੇ ਦੇ ਮੌਕੇ 'ਤੇ ਪੰਚਕੂਲਾ ਵਿੱਚ ਰਾਜ ਪੱਧਰੀ ਸਮਾਗਮ ਆਯੋਜਿਤ

**ਆਜ਼ਾਦ ਸੋਚ, ਚੰਡੀਗੜ੍ਹ, 18 ਜੂਨ :**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪੰਚਮ ਪਾਤਸ਼ਾਹ ਸ਼੍ਰੀ ਗੁਰੂ ਅਰਜਨ ਦੇਵ ਜੀ ਦੀ ਕੁਰਬਾਨੀ ਭਾਰਤੀ ਇਤਿਹਾਸ ਵਿੱਚ ਸੱਚ, ਧਰਮ, ਮਨੁੱਖਤਾ ਅਤੇ ਅਧਿਆਤਮਕ ਸ਼ਕਤੀ ਦੀ ਇੱਕ ਵਿਲੱਖਣ ਮਿਸਾਲ ਹੈ। ਉਨ੍ਹਾਂ ਦਾ ਜੀਵਨ ਅਤੇ ਸ਼ਹਾਦਤ ਸਾਨੂੰ ਬੇਇਨਸਾਫ਼ੀ, ਜ਼ੁਲਮ ਅਤੇ ਝੂਠ ਦੇ ਸਾਹਮਣੇ ਕਦੇ ਵੀ ਨਾ ਝੁਕਣ ਦੀ ਪ੍ਰੇਰਣਾ ਦਿੰਦੀ ਹੈ। ਮੁੱਖ ਮੰਤਰੀ ਵੀਰਵਾਰ ਨੂੰ ਪੰਚਕੂਲਾ ਵਿੱਚ ਸ਼੍ਰੀ ਗੁਰੂ ਅਰਜਨ ਦੇਵ ਜੀ ਦੇ 420ਵੇਂ ਸ਼ਹੀਦੀ ਦਿਹਾੜੇ ਦੇ ਮੌਕੇ 'ਤੇ ਆਯੋਜਿਤ ਰਾਜ ਪੱਧਰੀ ਸਮਾਗਮ ਨੂੰ ਸੰਬੋਧਿਤ ਕਰ ਰਹੇ ਸਨ। ਇਸ ਮੌਕੇ 'ਤੇ ਗੁਰੂ ਅਰਜਨ ਦੇਵ ਜੀ ਦੇ ਜੀਵਨ 'ਤੇ ਅਧਾਰਿਤ ਇੱਕ ਡਾਕੂਮੈਂਟਰੀ ਫ਼ਿਲਮ ਵੀ ਦਿਖਾਈ ਗਈ। ਇਸ ਦੌਰਾਨ ਮੁੱਖ ਮੰਤਰੀ ਨੇ ਛਬੀਲ ਦੀ ਸੇਵਾ ਵੀ ਕੀਤੀ। ਸਮਾਗਮ ਵਿੱਚ ਹਰਿਆਣਾ ਅਤੇ ਪੰਜਾਬ ਤੋਂ ਕਈ ਸੰਤ-ਮਹਾਂਪੁਰਖ ਪਹੁੰਚੇ ਅਤੇ ਹਰਿਆਣਾ ਸਰਕਾਰ ਵੱਲੋਂ ਕਰਵਾਏ ਗਏ ਇਸ ਸਮਾਗਮ ਦੀ ਸ਼ਲਾਘਾ ਕਰਦੇ ਹੋਏ ਇਸ ਦੇ ਲਈ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦਾ ਧੰਨਵਾਦ ਪ੍ਰਗਟਾਇਆ। ਹਰਿਆਣਾ ਸਰਕਾਰ ਵੱਲੋਂ 'ਸੰਤ ਮਹਾਂਪੁਰਖ ਸਨਮਾਨ ਅਤੇ ਵਿਚਾਰ ਪ੍ਰਸਾਰ ਯੋਜਨਾ' ਤਹਿਤ ਕਰਵਾਏ ਗਏ ਇਸ ਸਮਾਗਮ ਨੂੰ ਸੰਬੋਧਿਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸ਼੍ਰੀ ਮਾਤਾ ਮਨਸਾ ਦੇਵੀ ਅਤੇ ਸ਼੍ਰੀ ਨਾਢਾ ਸਾਹਿਬ ਦੀ ਪਵਿੱਤਰ ਧਰਤੀ 'ਤੇ ਆਯੋਜਿਤ ਇਸ ਸਮਾਗਮ ਵਿੱਚ ਮੌਜੂਦ ਹੋ ਕੇ ਉਹ ਆਪਣੇ ਆਪ ਨੂੰ ਭਾਗਸ਼ਾਲੀ ਮੰਨਦੇ ਹਨ। ਉਨ੍ਹਾਂ ਨੇ ਗੁਰੂ ਅਰਜਨ ਦੇਵ ਜੀ ਦੇ ਚਰਨਾਂ ਵਿੱਚ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਕੁਰਬਾਨੀ ਸਿਰਫ ਸਿੱਖ ਸਮਾਜ ਦੀ ਵਿਰਾਸਤ ਨਹੀਂ, ਸਗੋਂ ਪੂਰੇ ਦੇਸ਼ ਲਈ ਪ੍ਰੇਰਨਾ ਸਰੋਤ ਹੈ। ਉਨ੍ਹਾਂ ਕਿਹਾ ਕਿ ਭਾਰਤ ਦਾ ਇਤਿਹਾਸ ਤਿਆਗ, ਤਪੱਸਿਆ, ਕੁਰਬਾਨੀ ਅਤੇ ਅਧਿਆਤਮਕ ਬਹਾਦਰੀ ਦੀ ਗੌਰਵਸ਼ਾਲੀ ਪਰੰਪਰਾ ਨਾਲ ਭਰਿਆ ਹੋਇਆ ਹੈ। ਜਦੋਂ-ਜਦੋਂ ਦੇਸ਼, ਧਰਮ, ਸੰਸਕ੍ਰਿਤੀ ਅਤੇ ਮਨੁੱਖਤਾ 'ਤੇ ਸੰਕਟ ਆਇਆ, ਉਦੋਂ-ਉਦੋਂ ਸਾਡੇ ਗੁਰੂਆਂ ਅਤੇ ਸੰਤਾਂ ਨੇ ਆਪਣੀ ਕੁਰਬਾਨੀ ਨਾਲ ਸੱਚ ਅਤੇ ਧਰਮ ਦੀ ਰੱਖਿਆ ਕੀਤੀ। ਸ਼੍ਰੀ ਗੁਰੂ ਅਰਜਨ ਦੇਵ ਜੀ ਦੀ ਕੁਰਬਾਨੀ ਇਸੇ ਮਹਾਨ ਪਰੰਪਰਾ ਦੀ ਸਰਵਉੱਚ ਮਿਸਾਲ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸ਼੍ਰੀ ਗੁਰੂ ਅਰਜਨ ਦੇਵ ਜੀ ਨੇ ਸਮਾਜ ਨੂੰ ਜੋੜਨ ਅਤੇ ਮਨੁੱਖਤਾ ਨੂੰ ਇੱਕ ਧਾਗੇ ਵਿੱਚ ਪਰੋਣ ਦਾ ਮਹਾਨ ਕਾਰਜ ਕੀਤਾ। ਉਨ੍ਹਾਂ ਨੇ ਅੰਮ੍ਰਿਤਸਰ ਵਿੱਚ ਸ਼੍ਰੀ ਹਰਿਮੰਦਰ ਸਾਹਿਬ ਦੀ ਸਥਾਪਨਾ ਕਰਕੇ ਉਸ ਦੇ ਚਾਰਾਂ ਦਿਸ਼ਾਵਾਂ ਵਿੱਚ ਚਾਰ ਦਰਵਾਜ਼ੇ ਬਣਵਾਏ, ਜੋ ਇਸ ਗੱਲ ਦਾ ਪ੍ਰਤੀਕ ਹਨ ਕਿ ਇਹ ਪਵਿੱਤਰ ਅਸਥਾਨ ਕਿਸੇ ਇੱਕ ਜਾਤ, ਵਰਗ ਜਾਂ ਧਰਮ ਲਈ ਨਹੀਂ ਸਗੋਂ ਸਮੁੱਚੀ ਮਨੁੱਖਤਾ ਲਈ ਖੁੱਲ੍ਹਾ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਨੇ ਸਦੀਆਂ ਪਹਿਲਾਂ ਹੀ ਸਮਾਜਿਕ ਸਾਂਝ, ਸਮਾਨਤਾ ਅਤੇ 'ਵਸੁਧੈਵ ਕੁਟੁੰਬਕਮ' ਦੀ ਭਾਵਨਾ ਨੂੰ ਸਾਕਾਰ ਰੂਪ ਦਿੱਤਾ। ਸ਼੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸ਼੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਸੰਤ ਕਬੀਰ, ਸੰਤ ਨਾਮਦੇਵ, ਬਾਬਾ ਫਰੀਦ ਅਤੇ ਸੰਤ ਰਵਿਦਾਸ ਸਮੇਤ ਵੱਖ-ਵੱਖ ਸੰਤਾਂ ਦੀ ਬਾਣੀ ਨੂੰ ਇਕੱਤਰ ਕਰਕੇ ਗੁਰੂ ਅਰਜਨ ਦੇਵ ਜੀ ਨੇ ਭਾਰਤ ਦੀ ਵਿਭਿੰਨਤਾ ਨੂੰ ਏਕਤਾ ਦੇ ਧਾਗੇ ਵਿੱਚ ਬੰਨ੍ਹਣ ਦਾ ਬੇਮਿਸਾਲ ਕਾਰਜ ਕੀਤਾ। ਗੁਰੂ ਗ੍ਰੰਥ ਸਾਹਿਬ ਅੱਜ ਵੀ ਪੂਰੀ ਮਨੁੱਖਤਾ ਲਈ ਅਧਿਆਤਮਕ ਚਾਨਣ ਥੰਮ੍ਹ ਵਜੋਂ ਮਾਰਗਦਰਸ਼ਨ ਕਰ ਰਿਹਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸ਼ਹੀਦੀ ਦਿਹਾੜਾ ਸਿਰਫ ਸ਼ਰਧਾਂਜਲੀ ਦੇਣ ਦਾ ਮੌਕਾ ਨਹੀਂ, ਸਗੋਂ ਆਤਮ-ਚਿੰਤਨ ਦਾ ਵੀ ਮੌਕਾ ਹੈ। ਉਨ੍ਹਾਂ ਕਿਹਾ ਕਿ ਜਦੋਂ ਅਸੀਂ ਸ਼੍ਰੀ ਗੁਰੂ ਅਰਜਨ ਦੇਵ ਜੀ ਦੀ ਕੁਰਬਾਨੀ ਨੂੰ ਯਾਦ ਕਰਦੇ ਹਾਂ ਤਾਂ ਮਾਣ ਦੇ ਨਾਲ-ਨਾਲ ਉਨ੍ਹਾਂ ਤਸੀਹਿਆਂ ਦਾ ਚੇਤਾ ਵੀ ਆਉਂਦਾ ਹੈ, ਜੋ ਉਨ੍ਹਾਂ ਨੇ ਧਰਮ ਅਤੇ ਸੱਚ ਦੀ ਰੱਖਿਆ ਲਈ ਸਹਿਣ ਕੀਤੇ। ਉਨ੍ਹਾਂ ਕਿਹਾ ਕਿ ਤਤਕਾਲੀ ਮੁਗਲ ਸ਼ਾਸਕ ਜਹਾਂਗੀਰ ਦੀ ਹਕੂਮਤ ਗੁਰੂ ਸਾਹਿਬ ਦੇ ਵਧਦੇ ਪ੍ਰਭਾਵ ਅਤੇ ਅਧਿਆਤਮਕ ਜਾਗ੍ਰਿਤੀ ਤੋਂ ਡਰ ਗਈ ਸੀ। ਉਨ੍ਹਾਂ ਨੂੰ ਲਾਹੌਰ ਵਿੱਚ ਬੰਦੀ ਬਣਾ ਕੇ ਅਣਮਨੁੱਖੀ ਤਸੀਹੇ ਦਿੱਤੇ ਗਏ, ਪਰ ਉਨ੍ਹਾਂ ਨੇ ਆਪਣੇ ਸਿਧਾਂਤਾਂ ਨਾਲ ਸਮਝੌਤਾ ਨਹੀਂ ਕੀਤਾ। ਮੁੱਖ ਮੰਤਰੀ ਨੇ ਕਿਹਾ ਕਿ ਤਪਦੀ ਤਵੀ 'ਤੇ ਬਿਠਾਉਣਾ, ਸਰੀਰ 'ਤੇ ਗਰਮ ਰੇਤ ਪਾਉਣਾ ਅਤੇ ਅਸਹਿ ਪੀੜ ਦੇਣਾ ਜ਼ੁਲਮ ਦੀ ਹੱਦ ਸੀ, ਪਰ ਗੁਰੂ ਸਾਹਿਬ ਦੇ ਚਿਹਰੇ 'ਤੇ ਕੋਈ ਸ਼ਿਕਨ ਨਹੀਂ ਆਈ। ਉਨ੍ਹਾਂ ਨੇ 'ਤੇਰਾ ਕੀਆ ਮੀਠਾ ਲਾਗੇ' ਦਾ ਉਚਾਰਨ ਕਰਦਿਆਂ ਪ੍ਰਮਾਤਮਾ ਦੇ ਭਾਣੇ ਨੂੰ ਪ੍ਰਵਾਨ ਕੀਤਾ। ਇਹ ਘਟਨਾ ਕੇਵਲ ਸ਼ਹਾਦਤ ਨਹੀਂ ਸਗੋਂ ਅਧਿਆਤਮਕ ਧੀਰਜ, ਆਤਮਿਕ ਬਲ ਅਤੇ ਪ੍ਰਮਾਤਮਾ ਪ੍ਰਤੀ ਅਟੁੱਟ ਵਿਸ਼ਵਾਸ ਦੀ ਸਰਵਉੱਚ ਮਿਸਾਲ ਹੈ। ਉਨ੍ਹਾਂ ਕਿਹਾ ਕਿ ਸ਼੍ਰੀ ਗੁਰੂ ਅਰਜਨ ਦੇਵ ਜੀ ਦੀ ਕੁਰਬਾਨੀ ਸਾਨੂੰ ਸਿਖਾਉਂਦੀ ਹੈ ਕਿ ਸੱਚ, ਨਿਆਂ ਅਤੇ ਸੰਸਕ੍ਰਿਤੀ ਦੀ ਰੱਖਿਆ ਲਈ ਕਦੇ ਵੀ ਸਮਝੌਤਾ ਨਹੀਂ ਕਰਨਾ ਚਾਹੀਦਾ। ਅੱਜ ਜਦੋਂ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਅਗਵਾਈ ਵਿੱਚ ਦੇਸ਼ ਵਿਕਸਿਤ ਭਾਰਤ ਦੇ ਨਿਰਮਾਣ ਦੀ ਦਿਸ਼ਾ ਵਿੱਚ ਅੱਗੇ ਵਧ ਰਿਹਾ ਹੈ, ਉਦੋਂ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਸਾਡੇ ਲਈ ਮਾਰਗਦਰਸ਼ਕ ਸ਼ਕਤੀ ਹਨ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਹਰਿਆਣਾ ਦੀ ਧਰਤੀ ਸੰਤਾਂ, ਗੁਰੂਆਂ ਅਤੇ ਯੋਧਿਆਂ ਦੀ ਭੂਮੀ ਰਹੀ ਹੈ। ਇੱਥੋਂ ਦੀ ਮਿੱਟੀ ਵਿੱਚ ਗੀਤਾ ਦਾ ਗਿਆਨ ਵੀ ਹੈ ਅਤੇ ਗੁਰੂਆਂ ਦੀਆਂ ਕੁਰਬਾਨੀਆਂ ਦੀ ਖੁਸ਼ਬੂ ਵੀ। ਇਸੇ ਵਿਰਾਸਤ ਨੂੰ ਅੱਗੇ ਵਧਾਉਣ ਲਈ ਰਾਜ ਸਰਕਾਰ ਪੂਰੀ ਵਚਨਬੱਧਤਾ ਨਾਲ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਦੇਸ਼ ਭਰ ਵਿੱਚ ਸਿੱਖ ਗੁਰੂਆਂ ਦੇ ਯੋਗਦਾਨ ਅਤੇ ਕੁਰਬਾਨੀ ਨੂੰ ਸਨਮਾਨ ਦੇਣ ਦਾ ਕਾਰਜ ਕੀਤਾ ਜਾ ਰਿਹਾ ਹੈ। ਸ਼੍ਰੀ ਗੁਰੂ ਤੇਗ ਬਹਾਦਰ ਜੀ ਦਾ 400ਵਾਂ ਪ੍ਰਕਾਸ਼ ਪੁਰਬ, ਵੀਰ ਬਾਲ ਦਿਵਸ ਦਾ ਰਾਸ਼ਟਰੀ ਪੱਧਰ 'ਤੇ ਆਯੋਜਨ ਅਤੇ ਕਰਤਾਰਪੁਰ ਸਾਹਿਬ ਲਾਂਘੇ (ਕੋਰੀਡੋਰ) ਦਾ ਨਿਰਮਾਣ ਇਸੇ ਦਿਸ਼ਾ ਵਿੱਚ ਚੁੱਕੇ ਗਏ ਇਤਿਹਾਸਕ ਕਦਮ ਹਨ।

# ਹਿਸਾਰ ਮਹਾਨਗਰ ਵਿਕਾਸ ਅਥਾਰਿਟੀ ਦੇ ਸੀਈਓ ਲਈ ਲਿੰਕ ਅਧਿਕਾਰੀ ਨਾਮਜਦ

**ਆਜ਼ਾਦ ਸੋਚ, ਚੰਡੀਗੜ੍ਹ, 18 ਜੂਨ :**

ਹਰਿਆਣਾ ਸਰਕਾਰ ਨੇ ਹਿਸਾਰ ਮਹਾਨਗਰ ਵਿਕਾਸ ਅਥਾਰਿਟੀ (ਐਚਐਮਡੀਏ), ਹਿਸਾਰ ਵਿੱਚ ਪ੍ਰਸ਼ਾਸ਼ਨਿਕ ਕੰਮਾਂ ਦਾ ਸੁਚਾਰੂ ਸੰਚਾਲਨ ਯਕੀਨੀ ਕਰਨ ਲਈ ਮੁੱਖ ਕਾਰਜਕਾਰੀ ਅਧਿਕਾਰੀ (ਸੀਈਓ) ਲਈ ਲਿੰਕ ਅਧਿਕਾਰੀਆਂ ਦੀ ਨਿਯੁਕਤੀ ਕੀਤੀ ਹੈ। ਮੁੱਖ ਸਕੱਤਰ ਸ੍ਰੀ ਅਨੁਰਾਗ ਰਸਤੋਗੀ ਵੱਲੋਂ ਜਾਰੀ ਆਦੇਸ਼ਾਂ ਅਨੁਸਾਰ, ਹਿਸਾਰ ਮਹਾਨਗਰ ਵਿਕਾਸ ਅਥਾਰਿਟੀ, ਹਿਸਾਰ ਦੇ ਮੁੱਖ ਕਾਰਜਕਾਰੀ ਅਧਿਕਾਰੀ ਲਈ ਸੋਨੀਪਤ ਮਹਾਨਗਰ ਵਿਕਾਸ ਅਥਾਰਿਟੀ (ਐਸਐਮਡੀਏ), ਸੋਨੀਪਤ ਦੇ ਮੁੱਖ ਕਾਰਜਕਾਰੀ ਅਧਿਕਾਰੀ ਨੂੰ ਲਿੰਗ ਅਧਿਕਾਰੀ-1 ਨਿਯੁਕਤ ਕੀਤਾ ਗਿਆ ਹੈ। ਇਸੀ ਤਰ੍ਹਾਂ, ਹਿਸਾਰ ਦੇ ਡਿਵੀਜਨਲ ਕਮਿਸ਼ਨਰ ਨੂੰ ਲਿੰਕ ਅਧਿਕਾਰੀ -2 ਅਤੇ ਰੋਹਤਕ ਦੇ ਡਿਵੀਜਨਲ ਕਮਿਸ਼ਨਰ ਨੂੰ ਲਿੰਕ ਅਧਿਕਾਰੀ -3 ਨਾਮਜਦ ਕੀਤਾ ਗਿਆ ਹੈ। ਨਿਰਦੇਸਾਂ ਅਨੁਸਾਰ, ਜੇਕਰ ਸਬੰਧਿਤ ਅਧਿਕਾਰੀ ਛੁੱਟੀ, ਸਿਖਲਾਈ, ਦੌਰੇ, ਚੋਣ ਡਿਊਟੀ ਅਤੇ ਕਿਸੇ ਹੋਰ ਕਾਰਨ ਵਜੋ ਗੈਰ-ਹਾਜਰ ਰਹਿੰਦੇ ਹਨ, ਜਾਂ ਸੇਵਾਮੁਕਤੀ ਅਤੇ ਤਬਾਦਲੇ ਦੇ ਕਾਰਨ ਅਹੁਦਾ ਖਾਲੀ ਹੋ ਜਾਂਦਾ ਹੈ, ਤਾਂ ਨਿਰਧਾਰਿਤ ਲਿੰਕ ਅਧਿਕਾਰੀ ਉਨ੍ਹਾਂ ਦਾ ਕੰਮਕਾਜ ਦੇਖਣਗੇ। ਨਾਲ ਹੀ, ਸਬੰਧਿਤ ਅਧਿਕਾਰੀ ਛੁੱਟੀ, ਸਿਖਲਾਈ, ਦੌਰੇ ਅਤੇ ਚੋਣ ਡਿਊਟੀ ਤੇ ਜਾਣ ਤੋਂ ਪਹਿਲਾਂ ਨਿਰਧਾਰਿਤ ਲਿੰਕ ਅਧਿਕਾਰੀਆਂ ਨੂੰ ਇਸ ਦੀ ਸੂਚਨਾ ਦੇਣਾ ਵੀ ਯਕੀਨੀ ਕਰਣਗੇ।

# ਸਵੈ-ਮਾਣ ਦੀ ਮਹੱਤਤਾ

**ਆਜ਼ਾਦ ਸੋਚ,**

ਸਵੈ-ਮਾਣ ਦੀ ਮਨੁੱਖੀ ਜੀਵਨ ਵਿੱਚ ਆਪਣੀ ਮਹੱਤਤਾ ਹੈ। ਸਵੈ-ਮਾਣ ਜਾਂ ਆਤਮ ਸਨਮਾਨ, ਇਸ ਸੰਬੰਧੀ



ਚੇਤਨਤਾ ਤੁਹਾਡੇ ਸਜਗ ਹੋਣ ਦੀ, ਤੁਹਾਡੇ ਜ਼ਿੰਦਾ ਹੋਣ ਦੀ ਨਿਸ਼ਾਨੀ ਹੈ। ਆਪਣੀਆਂ ਖ਼ੁਦ ਦੀਆਂ ਨਜ਼ਰਾਂ ਵਿੱਚ ਆਪਣਾ ਸਨਮਾਨ ਕਰਨਾ ਹੀ, ਇਸ ਦੀ ਬੁਨਿਆਦ ਨੂੰ, ਨੀਂਹ ਨੂੰ ਮਜ਼ਬੂਤੀ ਪ੍ਰਦਾਨ ਕਰਦਾ ਹੈ। ਸਵੈ-ਮਾਣ ਆਪਣੇ ਆਪ ਵਿੱਚ ਵਿਸ਼ਵਾਸ ਅਤੇ ਆਪਣੇ ਆਪ ਨੂੰ ਮਾਣ ਨਾਲ ਪੇਸ਼ ਲਿਆਉਣ ਦੀ ਲੀਹ ਹੈ, ਜੋ ਕਿ ਵਧੇਰੇ ਤੰਦਰੁਸਤੀ ਅਤੇ ਮਜ਼ਬੂਤ ਸਬੰਧਾਂ ਵੱਲ ਲੈ ਜਾਂਦੀ ਹੈ। ਇਸ ਵਿੱਚ ਸੀਮਾਵਾਂ ਨਿਰਧਾਰਤ ਕਰਨਾ, ਨਿੱਜੀ ਕਦਰਾਂ-ਕੀਮਤਾਂ ਪ੍ਰਤੀ ਸੱਚਾ ਰਹਿਣਾ ਅਤੇ ਨਿੱਜੀ ਖ਼ੁਦਮੁਖਤਿਆਰੀ ਅਤੇ ਵਿਸ਼ਵਾਸ ਦੀ ਭਾਵਨਾ ਵਿਕਸਤ ਕਰਨਾ ਸ਼ਾਮਲ ਹੈ। ਤੁਹਾਡਾ ਸਵੈ-ਮੁੱਲ ਕਿਸੇ ਹੋਰ ਦੀ ਪ੍ਰਵਾਨਗੀ 'ਤੇ ਨਿਰਭਰ ਨਹੀਂ ਕਰਦਾ।ਸਤਿਕਾਰ ਉਹ ਚੀਜ਼ ਹੈ ਜੋ ਤੁਸੀਂ ਆਪਣੇ ਆਪ ਨੂੰ ਦਿੰਦੇ ਹੋ, ਕੋਈ ਵੀ ਇਸਨੂੰ ਖੋਹ ਨਹੀਂ ਸਕਦਾ। ਹਮੇਸ਼ਾ ਆਪਣੀ ਇੱਜ਼ਤ ਬਣਾਈ ਰੱਖੋ, ਭਾਵੇਂ ਕੋਈ ਵੀ ਸਥਿਤੀ ਹੋਵੇ। ਸੱਚਾ ਸਤਿਕਾਰ ਆਪਣੀਆਂ ਕਦਰਾਂ-ਕੀਮਤਾਂ ਨੂੰ ਕਾਇਮ ਰੱਖਣ ਨਾਲ ਆਉਂਦਾ ਹੈ। ਜਦੋਂ ਅਸੀਂ ਆਪਣੇ ਬਾਰੇ ਚੰਗਾ ਸੋਚਦੇ ਹਾਂ, ਸਕਾਰਾਤਮਕ ਸੋਚ ਰੱਖਦੇ ਹਾਂ ਅਤੇ ਹਮੇਸ਼ਾ ਆਤਮਾ ਦੀ ਆਵਾਜ਼ ਸੁਣ ਕੇ ਨੇਕ ਭਲੇ ਕਰਮ ਕਰਦੇ ਹਾਂ ਤਾਂ ਇਸ ਨਾਲ ਸਾਡੇ ਅੰਦਰ ਆਤਮ ਸੰਤੁਸ਼ਟੀ ਅਤੇ ਆਤਮ-ਵਿਸ਼ਵਾਸ ਪੈਦਾ ਹੁੰਦਾ ਹੈ, ਖ਼ੁਦ ਲਈ ਸਤਿਕਾਰ ਪੈਦਾ ਹੁੰਦਾ ਹੈ। ਆਪਣੇ ਆਪ ਬਾਰੇ ਉੱਤਮ ਅਤੇ ਚੰਗੀ ਸੋਚ ਰੱਖਣ ਨਾਲ ਆਤਮ ਸਨਮਾਨ ਦੀ ਪ੍ਰਾਪਤੀ ਹੁੰਦੀ ਹੈ। ਸਾਡੇ ਆਪਣੇ ਲੁਕਵੇਂ ਆਪੇ (ਸ਼ਖਸੀਅਤ) ਅਤੇ ਵਾਸਤਵਿਕ ਆਪੇ ਬਾਰੇ ਵਿਚਾਰਾਂ ਵਿੱਚ ਮੇਲ ਨਾਲ ਸਾਡਾ ਆਤਮ ਸਨਮਾਨ ਬਣਦਾ ਹੈ, ਜੋ ਕਿ ਸਾਡੀਆਂ ਆਪੇ ਬਾਰੇ ਭਾਵਨਾਵਾਂ ਦੇ ਸਕਾਰਾਤਮਕ ਜਾਂ ਨਕਾਰਾਤਮਕ ਹੋਣ ਉੱਤੇ ਨਿਰਭਰ ਕਰਦਾ ਹੈ। ਸਾਡਾ ਸ਼ੀਸ਼ੇ ਵਿੱਚੋਂ ਵੇਖਿਆ ਆਪਾ ਵੀ ਸਾਡੇ ਆਤਮ ਸਨਮਾਨ ਨੂੰ ਪ੍ਰਭਾਵਿਤ ਕਰਦਾ ਹੈ। ਗੁੱਸਾ ਬਹੁਤ ਚਲਾਕ ਹੁੰਦਾ ਹੈ ਕਿ ਉਹ ਜ਼ਿਆਦਾਤਰ ਆਪਣੇ ਤੋਂ ਕਮਜ਼ੋਰ ਤੇ ਨਿਕਲਦਾ ਹੈ, ਓਦਾਂ ਹੀ ਹੰਕਾਰ (ਈਗੋ) ਅਤੇ ਸਵੈ-ਮਾਣ (ਸੈਲਫ਼ ਰਿਸਪੈਕਟ) ਵਿੱਚ ਵੀ ਬਹੁਤ ਬਾਰੀਕ ਰੇਖਾ ਜਿੰਨਾ ਹੀ ਅੰਤਰ ਹੁੰਦਾ ਹੈ। ਜੇਕਰ ਤੁਸੀਂ ਆਪਣੇ ਤੋਂ ਕਮਜ਼ੋਰ ਅੱਗੇ ਆਤਮ ਸਨਮਾਨ ਦੀ ਮੰਗ ਕਰਦੇ ਹੋ ਤਾਂ ਉਹ ਆਤਮ ਸਨਮਾਨ ਨਾ ਹੋ ਕੇ ਹੰਕਾਰ ਦਾ ਰੂਪ ਧਾਰ ਜਾਂਦਾ ਹੈ **ਗੋਬਿੰਦਰ ਸਿੰਘ ਢੀਂਡਸਾ ਬਰੜ੍ਹਵਾਲ (ਧੂਰੀ)**

# ਰਾਜਪਾਲ ਅਤੇ ਹਰਿਆਣਾ ਰਾਜ ਰੈਡਕ੍ਰਾਸ ਸੋਸਾਇਟੀ ਦੇ ਪ੍ਰਧਾਨ ਪ੍ਰੋ. ਅਸੀਮ ਕੁਮਾਰ ਘੋਸ਼ ਨੇ ਐਂਬੂਲੈਂਸਾਂ ਨੂੰ ਹਰੀ ਝੰਡੀ ਦਿਖਾ ਕੇ ਕੀਤਾ ਰਵਾਨਾ

**ਆਜ਼ਾਦ ਸੋਚ, ਚੰਡੀਗੜ੍ਹ, 18 ਜੂਨ :**

ਹਰਿਆਣਾ ਵਿੱਚ ਐਮਰਜੈਂਸੀ ਸਿਹਤ ਸੇਵਾਵਾਂ ਨੂੰ ਮਜ਼ਬੂਤੀ ਦੇਣ ਦੀ ਦਿਸ਼ਾ ਵਿੱਚ ਮਾਨਯੋਗ ਰਾਜਪਾਲ ਅਤੇ ਹਰਿਆਣਾ ਰਾਜ ਰੈਡਕ੍ਰਾਸ ਸੋਸਾਇਟੀ ਦੇ ਪ੍ਰਧਾਨ ਪ੍ਰੋ. ਅਸੀਮ ਕੁਮਾਰ ਘੋਸ਼ ਵੱਲੋਂ ਵੀਰਵਾਰ ਨੂੰ ਹਰਿਆਣਾ ਲੋਕ ਭਵਨ ਚੰਡੀਗੜ੍ਹ ਤੋਂ 9 ਨਵੀਆਂ ਐਂਬੂਲੈਂਸਾਂ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ। ਇਸ ਮੌਕੇ 'ਤੇ ਲੇਡੀ ਗਵਰਨਰ ਸ੍ਰੀਮਤੀ ਮਿਤਰਾ ਘੋਸ਼ ਵੀ ਮੌਜੂਦ ਸਨ। ਵਰਨਣਯੋਗ ਹੈ ਕਿ ਮਾਨਯੋਗ ਰਾਜਪਾਲ ਪ੍ਰੋ. ਅਸੀਮ ਕੁਮਾਰ ਘੋਸ਼ ਨੇ ਆਪਣੇ ਜਨਮਦਿਨ ਦੇ ਮੌਕੇ 'ਤੇ ਮਨੁੱਖੀ ਸੇਵਾਵਾਂ ਨੂੰ ਹੋਰ ਮਜ਼ਬੂਤ ਕਰਨ ਦੇ ਉਦੇਸ਼ ਨਾਲ 9 ਨਵੀਆਂ ਐਂਬੂਲੈਂਸਾਂ ਹਰਿਆਣਾ ਰਾਜ ਰੈਡਕ੍ਰਾਸ ਨੂੰ ਭੇਟ ਕਰਨ ਦਾ ਐਲਾਨ ਕੀਤਾ ਸੀ। ਉਸੇ ਐਲਾਨ ਦੇ ਅਨੁਸਾਰ ਹੁਣ ਇਨ੍ਹਾਂ ਨਵੀਆਂ ਐਂਬੂਲੈਂਸਾਂ ਨੂੰ ਹਰਿਆਣਾ ਲੋਕ ਭਵਨ ਤੋਂ ਰਵਾਨਾ ਕਰਕੇ ਮਨੁੱਖੀ ਸੇਵਾਵਾਂ ਲਈ ਸਮਰਪਿਤ ਕੀਤਾ ਗਿਆ ਹੈ। ਜਿਸਦੀ ਅੰਦਾਜਾ ਲਾਗਤ ਰਾਸ਼ੀ 1 ਕਰੋੜ ਰੁਪਏ ਹੈ। ਮਾਨਯੋਗ ਰਾਜਪਾਲ ਨੇ ਕਿਹਾ ਕਿ ਰੈਡਕ੍ਰਾਸ ਦੀਆਂ ਮਨੁੱਖੀ ਗਤੀਵਿਧੀਆਂ ਸਮਾਜ ਲਈ ਪ੍ਰੇਰਨਾਦਾਇਕ ਹਨ ਅਤੇ ਹਰ ਜ਼ਿਲ੍ਹੇ ਵਿੱਚ ਐਂਬੂਲੈਂਸ ਉਪਲਬਧ ਕਰਵਾਉਣ ਦਾ ਯਤਨ ਲੋੜਵੰਦਾਂ ਨੂੰ ਸਮੇਂ ਸਿਰ ਮਦਦ ਦੇਣ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਹੈ। ਉਨ੍ਹਾਂ ਕਿਹਾ ਕਿ ਲੋੜਵੰਦ ਮਰੀਜ਼ਾਂ ਤੱਕ ਸਮੇਂ ਸਿਰ ਡਾਕਟਰੀ ਸਹਾਇਤਾ ਪਹੁੰਚਾਉਣ ਵਿੱਚ ਐਂਬੂਲੈਂਸ ਦੀ ਅਹਿਮ ਭੂਮਿਕਾ ਹੁੰਦੀ ਹੈ ਅਤੇ ਰੈਡਕ੍ਰਾਸ ਰਾਹੀਂ ਇਹ ਸੇਵਾ ਸਮਾਜ ਲਈ ਵੱਡੀ ਰਾਹਤ ਸਾਬਤ ਹੋਵੇਗੀ। ਹਰਿਆਣਾ ਦੇ ਰਾਜਪਾਲ ਵਜੋਂ ਉਨ੍ਹਾਂ ਦਾ ਸੁਪਨਾ ਹੈ ਕਿ ਸੂਬੇ ਦੇ ਹਰੇਕ ਜ਼ਿਲ੍ਹੇ ਵਿੱਚ ਰੈਡਕ੍ਰਾਸ ਸੋਸਾਇਟੀ ਕੋਲ ਘੱਟੋ-ਘੱਟ ਇੱਕ ਐਂਬੂਲੈਂਸ ਹੋਵੇ, ਤਾਂ ਜੋ ਹਰਿਆਣਾ ਰੈਡਕ੍ਰਾਸ ਸੋਸਾਇਟੀ ਲੋੜਵੰਦ ਲੋਕਾਂ ਨੂੰ ਸੇਵਾਵਾਂ ਅਤੇ ਤੁਰੰਤ ਸਹਾਇਤਾ ਪ੍ਰਦਾਨ ਕਰਨ ਵਿੱਚ ਮੋਹਰੀ ਬਣ ਸਕੇ। ਇਨ੍ਹਾਂ ਐਂਬੂਲੈਂਸਾਂ ਦੀ ਵਰਤੋਂ ਸੂਬੇ ਦੇ ਸਾਰੇ ਜ਼ਿਲ੍ਹਿਆਂ ਵਿੱਚ ਗਰੀਬ ਅਤੇ ਲੋੜਵੰਦ ਲੋਕਾਂ ਲਈ ਮੁਫ਼ਤ ਕੀਤੀ ਜਾਵੇਗੀ। ਉਨ੍ਹਾਂ ਹਰਿਆਣਾ ਰਾਜ ਰੈਡਕ੍ਰਾਸ ਸੋਸਾਇਟੀ ਦੇ ਵਾਈਸ ਚੇਅਰਮੈਨ ਅੰਕੁਸ਼ ਮਿਗਲਾਨੀ ਦੀ ਸੰਸਥਾ ਨੂੰ ਮੋਹਰੀ ਬਣਾਉਣ ਲਈ ਅਹਿਮ ਭੂਮਿਕਾ ਨਿਭਾਉਣ 'ਤੇ ਸ਼ਲਾਘਾ ਕੀਤੀ। ਰਾਜਪਾਲ ਵੱਲੋਂ ਹਰਿਆਣਾ ਰੈਡਕ੍ਰਾਸ ਨੂੰ ਪੂਰੇ ਭਾਰਤ ਵਿੱਚ ਆਪਣੀਆਂ ਮਨੁੱਖੀ ਗਤੀਵਿਧੀਆਂ ਲਈ ਪਹਿਲੇ ਸਥਾਨ 'ਤੇ ਲਿਆਉਣ ਲਈ ਸਾਰਿਆਂ ਨੂੰ ਅਪੀਲ ਕੀਤੀ ਗਈ। ਹਰਿਆਣਾ ਰਾਜ ਰੈਡਕ੍ਰਾਸ ਸੋਸਾਇਟੀ ਦੇ ਵਾਈਸ ਚੇਅਰਮੈਨ ਅੰਕੁਸ਼ ਮਿਗਲਾਨੀ ਨੇ ਕਿਹਾ ਕਿ ਨਵੀਆਂ ਐਂਬੂਲੈਂਸਾਂ ਮਿਲਣ ਨਾਲ ਐਮਰਜੈਂਸੀ ਡਾਕਟਰੀ ਸੇਵਾਵਾਂ ਦਾ ਘੇਰਾ ਹੋਰ ਮਜ਼ਬੂਤ ਹੋਵੇਗਾ ਅਤੇ ਸਮੇਂ ਸਿਰ ਲੋੜਵੰਦ ਲੋਕਾਂ ਨੂੰ ਐਮਰਜੈਂਸੀ ਸਹੂਲਤਾਂ ਆਸਾਨੀ ਨਾਲ ਮਿਲ ਸਕਣਗੀਆਂ। ਇਸ ਦੇ ਨਾਲ ਹੀ ਵਾਈਸ ਚੇਅਰਮੈਨ ਅੰਕੁਸ਼ ਮਿਗਲਾਨੀ ਨੇ ਮਾਨਯੋਗ ਰਾਜਪਾਲ ਨੂੰ ਬੇਨਤੀ ਕੀਤੀ ਕਿ ਹਰਿਆਣਾ ਰਾਜ ਦੀਆਂ ਸਾਰੀਆਂ ਜ਼ਿਲ੍ਹਾ ਰੈਡਕ੍ਰਾਸ ਬ੍ਰਾਂਚਾਂ ਵਿੱਚ ਇੱਕ-ਇੱਕ ਸ਼ਵ-ਵਾਹਨ ਦੀ ਲੋੜ ਹੈ।ਮਾਨਯੋਗ ਰਾਜਪਾਲ ਪ੍ਰੋ. ਘੋਸ਼ ਨੇ ਕਿਹਾ ਕਿ ਰੈਡਕ੍ਰਾਸ ਦੀਆਂ ਸਾਰੀਆਂ ਗਤੀਵਿਧੀਆਂ ਨਿਰਧਾਰਤ ਨਿਯਮਾਂ ਅਤੇ ਪ੍ਰਕਿਰਿਆਵਾਂ ਅਨੁਸਾਰ ਸਖ਼ਤੀ ਨਾਲ ਸੰਚਾਲਿਤ ਹੋਣ ਤਾਂ ਜੋ ਕਿਸੇ ਵੀ ਲੋੜਵੰਦ ਵਿਅਕਤੀ ਨੂੰ ਕਿਸੇ ਵੀ ਤਰ੍ਹਾਂ ਦੀ ਅਸਹੂਲਤ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਭਰੋਸਾ ਦਿੱਤਾ ਕਿ ਲੋਕ ਭਵਨ ਅਜਿਹੀਆਂ ਮੁਹਿੰਮਾਂ ਨੂੰ ਭਾਵਨਾ ਅਤੇ ਸਰਗਰਮ ਸਹਿਯੋਗ ਰਾਹੀਂ ਸਮਰਥਨ ਦੇਣਾ ਜਾਰੀ ਰੱਖੇਗਾ। ਇਸ ਮੌਕੇ 'ਤੇ ਰਾਜਪਾਲ ਦੇ ਸਕੱਤਰ ਸ੍ਰੀ ਵਿਜੇਕੁਮਾਰ ਭਾਵੀਕੱਟੀ, ਰਾਜਪਾਲ ਦੇ ਏ.ਡੀ.ਸੀ. ਸ੍ਰੀ ਧੀਰਜ ਸੇਤੀਆ, ਰਾਜਪਾਲ ਦੇ ਓ.ਐਸ.ਡੀ. ਡਾ. ਸਤੀਸ਼ ਕੁਮਾਰ, ਰਾਜਪਾਲ ਦੇ ਨਿੱਜੀ ਸਕੱਤਰ ਸ੍ਰੀ ਸ਼ੰਖ ਚੈਟਰਜੀ, ਰਾਜਪਾਲ ਦੇ ਨਿੱਜੀ ਸਹਾਇਕ ਸ੍ਰੀ ਰਾਹੁਲ ਡਾਗਰ ਅਤੇ ਸ੍ਰੀ ਰਾਜ ਸ਼ੇਖਰ ਲੋਢ, ਅਤੇ ਹਰਿਆਣਾ ਲੋਕ ਭਵਨ ਅਤੇ ਹਰਿਆਣਾ ਰਾਜ ਰੈਡਕ੍ਰਾਸ ਹੈਡਕੁਆਰਟਰ ਦੇ ਹੋਰ ਅਧਿਕਾਰੀ ਵੀ ਮੌਜੂਦ ਰਹੇ।

# ਮੁੱਖ ਸਕੱਤਰ ਨੇ ਪ੍ਰਗਤੀ ਦੀ ਸਮੀਖਿਆ ਕੀਤੀ

**ਆਜ਼ਾਦ ਸੋਚ, ਚੰਡੀਗੜ੍ਹ, 18 ਜੂਨ :**

ਹਰਿਆਣਾ ਨੇ ਐਗਰੀਸਟੈਕ ਪ੍ਰੋਗਰਾਮ ਦੇ ਤਹਿਤ 1.75 ਕਰੋੜ ਖੇਤੀਬਾੜੀ ਪਲਾਟਾਂ ਦੀ ਜੀਓ-ਰੈਫਰੈਂਸਿੰਗ ਅਤੇ ਸੂਬੇ ਦੇ ਲਗਭਗ 96 ਫੀਸਦੀ ਪਿੰਡਾਂ ਦੀ ਡਿਜੀਟਲ ਮੈਪਿੰਗ ਕਰ ਲਈ ਹੈ। ਇਸ ਦੇ ਨਾਲ ਹੀ 11.58 ਲੱਖ ਤੋਂ ਵੱਧ ਕਿਸਾਨਾਂ ਦੀ ਰਜਿਸਟ੍ਰੇਸ਼ਨ ਕੀਤੀ ਜਾ ਚੁੱਕੀ ਹੈ ਅਤੇ 8.32 ਲੱਖ ਕਿਸਾਨ ਆਈਡੀ ਤਿਆਰ ਕੀਤੀਆਂ ਜਾ ਚੁੱਕੀਆਂ ਹਨ। ਬਾਕੀ ਪਿੰਡਾਂ ਨੂੰ ਵੀ ਅਗਲੇ ਦੋ ਮਹੀਨਿਆਂ ਦੇ ਅੰਦਰ ਕਵਰ ਕੀਤੇ ਜਾਣ ਦੀ ਸੰਭਾਵਨਾ ਹੈ। ਇਹ ਜਾਣਕਾਰੀ ਅੱਜ ਮੁੱਖ ਸਕੱਤਰ ਸ੍ਰੀ ਅਨੁਰਾਗ ਰਸਤੋਗੀ ਦੀ ਅਗਵਾਈ ਹੇਠ ਹੋਈ ਐਗਰੀਸਟੈਕ ਪ੍ਰੋਗਰਾਮ ਦੀ ਸੰਚਾਲਨ ਕਮੇਟੀ ਦੀ ਮੀਟਿੰਗ ਵਿੱਚ ਦਿੱਤੀ ਗਈ। ਮੀਟਿੰਗ ਦੌਰਾਨ ਮੁੱਖ ਸਕੱਤਰ ਸ੍ਰੀ ਅਨੁਰਾਗ ਰਸਤੋਗੀ ਨੇ ਕਿਹਾ ਕਿ ਐਗਰੀਸਟੈਕ ਪਹਿਲਕਦਮੀ ਕਿਸਾਨਾਂ ਦੇ ਰਿਕਾਰਡ, ਜ਼ਮੀਨ ਦੀ ਮਾਲਕੀ ਸੰਬੰਧੀ ਵੇਰਵੇ ਅਤੇ ਫਸਲ ਸੰਬੰਧੀ ਜਾਣਕਾਰੀ ਨੂੰ ਏਕੀਕ੍ਰਿਤ ਡਿਜੀਟਲ ਪਲੇਟਫਾਰਮ 'ਤੇ ਉਪਲਬਧ ਕਰਵਾ ਕੇ ਪਾਰਦਰਸ਼ੀ ਅਤੇ ਡੇਟਾ-ਆਧਾਰਿਤ ਖੇਤੀਬਾੜੀ ਪ੍ਰਣਾਲੀ ਦੀ ਮਜ਼ਬੂਤ ਨੀਂਹ ਤਿਆਰ ਕਰ ਰਹੀ ਹੈ।

# ਕੁਦਰਤੀ, ਮੌਸਮੀ, ਮਨੁੱਖੀ ਵਿਨਾਸ਼ਕਾਰੀ ਆਪਦਾਵਾ ਦਾ ਕਾਰਨ ਗਲੋਬਲ ਵਾਰਮਿੰਗ

**ਆਜ਼ਾਦ ਸੋਚ,**

ਦੁਨੀਆਂ ਦੇ ਅਨੇਕਾਂ ਦੇਸ਼ਾਂ ਅਤੇ ਭਾਰਤ ਵਿੱਚ ਜਲਵਾਯੂ ਤਬਦੀਲੀਆਂ ਗਲੋਬਲ ਵਾਰਮਿੰਗ ਬਾਰੇ ਸਾਇੰਸਦਾਨ, ਵਿਗਿਆਨੀਆਂ ਵਲੋਂ ਪਿਛਲੇ ਅਨੇਕਾਂ ਸਾਲਾਂ ਤੋਂ ਚੈਤਾਵਨੀਆ ਦਿੱਤੀਆਂ ਜਾ ਰਹੀਆਂ ਹਨ ਕਿ ਮੌਸਮਾਂ, ਵਾਤਾਵਰਨ ਵਿੱਚ ਆ ਰਹੀਆਂ ਤਬਦੀਲੀਆਂ, ਧਰਤੀ ਤੋਂ ਖਤਮ ਕੀਤੇ ਜਾ ਰਹੇ ਜੰਗਲ ਅਤੇ ਦਰਖਤ, ਉਪਜਾਊ ਮਿੱਟੀ, ਹਵਾਵਾਂ, ਪਾਣੀਆਂ ਨੂੰ ਜ਼ਹਿਰੀਲੇ ਕਰਕੇ ਭਵਿੱਖ ਲਈ ਵਿਨਾਸ਼ਕਾਰੀ ਆਪਦਾਵਾਂ ਨੂੰ ਬੁਲਾਇਆ ਜਾ ਰਿਹਾ ਹੈ। ਇਸ ਤੋਂ ਇਲਾਵਾ ਮਨੁੱਖੀ ਜਾਨਵਰਾਂ ਪਸ਼ੂ ਪੰਛੀਆਂ ਦੇ ਸਰੀਰ ਵਿੱਚ ਵਧ ਰਹੀਆਂ ਰਸਾਇਣਕ, ਪ੍ਰਮਾਣੂ, ਐਟਮੀ, ਬਿਨਾਸਕਾਰੀ ਸ਼ਕਤੀਆਂ, ਆਦਤਾਂ ਅਤੇ ਖ਼ਤਮ ਹੋ ਰਹੀਆਂ ਨਿਮਰਤਾ ਸ਼ਹਿਣਸ਼ੀਲਤਾ ਸਬਰ ਸ਼ਾਂਤੀ ਅਨੁਸ਼ਾਸਨ ਆਗਿਆ ਪਾਲਣ ਦੀਆਂ ਆਦਤਾਂ,ਭਵਿੱਖ ਵਿੱਚ ਭਿਆਨਕ ਤਬਾਹੀਆਂ ਲਿਆ ਸਕਦੀਆਂ ਹਨ ਪਰ ਸਰਕਾਰਾਂ, ਪਬਲਿਕ ਅਤੇ ਵਿਉਪਾਰਕ ਅਦਾਰਿਆਂ, ਫੈਕਟਰੀਆਂ, ਕਾਰਖਾਨਿਆਂ, ਵਿੱਦਿਅਕ ਸੰਸਥਾਵਾਂ ਵਲੋਂ ਕੋਈ ਧਿਆਨ ਨਹੀਂ ਦਿੱਤੇ ਗਏ। ਉਨ੍ਹਾਂ ਦਾ ਅੰਨਾ ਵਿਸ਼ਵਾਸ ਸੀ ਕਿ ਇਸ ਨਾਲ ਤਾਂ ਕੇਵਲ ਤਾਪਮਾਨ ਹੀ ਵਧ ਸਕਦਾ, ਗਰਮੀਆਂ ਵਧ ਸਕਦੀਆਂ ਹਨ ਜਿਸ ਹਿੱਤ ਲੋਕਾਂ ਵਲੋਂ ਗਰਮੀਆਂ ਅਤੇ ਤਪਸ਼ ਤੋਂ ਬਚਣ ਲਈ ਏ ਸੀ, ਕੂਲਰਾ, ਫਰਿੱਜਾਂ ਅਤੇ ਪੀਣ ਵਾਲੇ ਪਾਣੀਆਂ ਦੀ ਦੁਰਵਰਤੋਂ ਵਧਾ ਦਿੱਤੀਆਂ। ਠੰਡਕ ਲਈ ਵਾਰ ਵਾਰ ਪੀਣ ਵਾਲੇ ਪਾਣੀਆਂ ਦਾ ਛਿੜਕਾਅ ਕੀਤੇ ਜਾ ਰਹੇ ਹਨ। ਜਿਸ ਹਿੱਤ ਬਿਜਲੀ ਪੈਟਰੋਲੀਅਮ ਪਦਾਰਥਾਂ ਦੀ ਨਜਾਇਜ਼ ਵਰਤੋਂ ਕੀਤੀਆਂ ਜਾਂਦੀਆਂ ਹਨ। ਲਗਾਤਾਰ ਦਿਨ ਰਾਤ ਚਲਦੇ ਏ ਸੀ ਕਾਰਨ, ਬਿਜਲੀ ਪੈਟਰੋਲੀਅਮ ਪਦਾਰਥਾਂ ਦੀ ਵਰਤੋਂ ਨਾਲ, ਧਰਤੀ ਅਤੇ ਵਾਤਾਵਰਨ ਦਾ ਤਾਪਮਾਨ ਹੋਰ ਵਧਣ ਲੱਗਾ। ਗੱਡੀਆਂ, ਪੈਟਰੋਲੀਅਮ ਪਦਾਰਥਾਂ, ਗੈਸਾਂ, ਰਸਾਇਣਕ, ਪ੍ਰਮਾਣੂ ਐਟਮੀ ਚੀਜ਼ਾਂ ਦੀਆਂ ਵੱਧ ਵਰਤੋਂ, ਜੰਗਲਾਂ/ ਦਰਖਤਾਂ ਕੱਚੇ ਮਿੱਟੀ ਦੇ ਘਰਾਂ ਘੜਿਆ ਦੇ ਖਾਤਮੇ ਕਾਰਨ, ਧਰਤੀ ਤੇ ਕਾਰਬਨ ਡਾਇਕ ਸਾਈਡ ਤੋਂ ਇਲਾਵਾ ਦੂਸਰੀਆਂ ਹਾਨੀਕਾਰਕ ਗੈਸਾਂ, ਧੂੰਏਂ ਪ੍ਰਦੂਸ਼ਣ ਦੇ ਵਧਣ ਕਾਰਨ, ਤਾਪਮਾਨ ਵਧਣ ਕਾਰਨ ਗਰਮੀਆਂ ਵਧਦੀਆਂ ਗਈਆਂ ਸਰਦੀਆਂ ਘਟਦੀਆਂ ਜਾ ਰਹੀਆਂ ਹਨ। ਪੀਣ ਵਾਲੇ ਪਾਣੀ ਦੀ ਕਮੀਆਂ ਹੋਣ ਲਗੀਆਂ। ਫਲ, ਸਬਜ਼ੀਆਂ, ਦਾਲਾਂ ਅਨਾਜਾਂ ਦੀ ਉਤਪਤੀ ਰੋਗ ਰਖਿਆ ਅਤੇ ਸ਼ਕਤੀਆਂ ਵਿੱਚ ਕਮੀਆਂ ਆਉਣ ਲੱਗੀਆਂ। ਮੌਸਮ ਅਤੇ ਵਾਤਾਵਰਨ ਵਿੱਚ ਖੁਸ਼ਕੀ ਵਧਦੀ ਜਾ ਰਹੀ ਹੈ। ਠੰਡਕ ਘਟਦੀ ਜਾ ਰਹੀ ਹੈ। , ਜਲਵਾਯੂ ਪਰਿਵਰਤਨ ਕਾਰਨ, ਅਨੇਕਾਂ ਪਸ਼ੂ, ਪੰਛੀਆਂ, ਫਲਾਂ ਸਬਜ਼ੀਆਂ, ਦਾਲਾਂ ਅਨਾਜ ਦੀਆਂ ਨਸਲਾਂ ਖਤਮ ਹੋ ਰਹੀਆਂ ਹਨ। ਸੇਬ ਜੋ ਸਰਦੀਆਂ ਕੁਦਰਤੀ ਬਰਫ਼ ਮੰਗਦੇ ਹਨ, ਹੁਣ, ਕਸ਼ਮੀਰ ਹਿਮਾਚਲ ਪ੍ਰਦੇਸ਼ ਵਿਚੋਂ ਸੇਬਾਂ ਦੇ ਉਤਪਾਦਨ ਘਟਦੇ ਜਾ ਰਹੇ ਹਨ। ਗਰਮੀਆਂ, ਸਰਦੀਆਂ ਵਿੱਚ ਮਿਲਣ ਵਾਲੇ ਫ਼ਲ ਸਬਜ਼ੀਆਂ, ਅਨਾਜ ਘਟਦੇ ਜਾ ਰਹੇ ਹਨ। , ਸਿਹਤਮੰਦ ਸਰੀਰ ਦਾ ਤਾਪਮਾਨ 98.4 ਡਿਗਰੀ ਫਾਰਨਹੀਟ ਜਾਂ 37 ਡਿਗਰੀ ਸੈਲਸੀਅਸ ਮੰਨਿਆ ਜਾਂਦਾ ਹੈ।




ਇਹ ਉਸ ਸਮੇਂ ਸੀ, ਜਦੋਂ ਧਰਤੀ ਤੇ 33% ਹਿੱਸੇ ਵਿੱਚ ਜੰਗਲ ਹੁੰਦੇ ਸਨ, ਹਰ ਪਾਸੇ ਸਾਫ਼ ਪਾਣੀ, ਹਵਾਵਾਂ ਅਤੇ ਹਰਿਆਵਲ ਸੀ। ਧਰਤੀ ਪ੍ਰਦੂਸ਼ਣ ਅਤੇ ਰਸਾਇਣਕ ਪ੍ਰਮਾਣੂ ਐਟਮੀ ਚੀਜ਼ਾਂ ਤੋਂ ਬਚੀ ਹੋਈ ਸੀ, ਸਾਲ ਵਿੱਚ ਤਿੰਨ ਮਹੀਨੇ ਬਰਸਾਤਾਂ ਹੁੰਦੀਆਂ ਸਨ, ਚਾਰ ਮਹੀਨੇ ਸਰਦੀਆਂ ਅਤੇ ਚਾਰ ਪੰਜ ਮਹੀਨੇ ਗਰਮੀਆਂ ਹੁੰਦੀਆਂ ਸਨ। 40/50 ਸਾਲ ਪਹਿਲਾਂ ਸਰਦੀਆਂ ਵਿੱਚ ਵੱਧ ਠੰਡ ਲੱਗਣ ਕਾਰਨ ਦੰਦ ਵਜਦੇ ਸਨ, ਹੱਥਾਂ ਪੈਰਾਂ ਦੀਆਂ ਉਂਗਲੀਆਂ ਵਿੱਚ ਲਹੂ ਚਕਰ ਘਟ ਜਾਂਦਾ ਸੀ। ਪਹਾੜਾਂ ਵਿਖੇ ਜ਼ੋਰਦਾਰ ਬਰਫ਼ ਪੈਂਦੀ ਸੀ। ਬਰਸਾਤਾਂ ਦੌਰਾਨ ਮੀਂਹ ਦੀਆਂ ਝੜੀਆਂ ਲਗਦੀਆਂ ਸਨ। ਦਰਖਤਾਂ ਘਰਾਂ ਛੱਤਾਂ ਤੇ ਪੰਛੀ ਚਹਿਚਹਾਉਂਦੇ ਸਨ। , ਇਨਸਾਨਾਂ ਵਲੋਂ ਆਪਣੇ ਲਾਭਾਂ, ਸਹੂਲਤਾਂ, ਆਰਾਮ ਪ੍ਰਸਤੀਆਂ, ਮੌਜ਼ ਮਸਤੀਆਂ ਲਈ ਜੰਗਲਾਂ ਨੂੰ ਖਤਮ ਕਰਕੇ, ਪੀਣ ਵਾਲੇ ਪਾਣੀ ਨੂੰ ਜ਼ਹਿਰੀਲੇ ਕਰਕੇ, ਰਸਾਇਣਕ ਖਾਦਾਂ ਅਤੇ ਗੱਡੀਆਂ ਦੀ ਵੱਧ ਤੋਂ ਵੱਧ ਵਰਤੋਂ ਕਰਕੇ, ਜਲਵਾਯੂ ਤਬਦੀਲੀਆਂ ਰਾਹੀਂ ਖੁਸ਼ਕੀ, ਮੌਸਮ ਵਿੱਚ ਗਰਮੀਆਂ, ਪ੍ਰਦੂਸ਼ਣ, ਰਸਾਇਣਕ, ਪ੍ਰਮਾਣੂ, ਐਟਮੀ ਗੈਸਾਂ ਵਧਦੀਆਂ ਜਾ ਰਹੀਆਂ ਹਨ। ਵਾਤਾਵਰਨ ਵਿੱਚ ਆਕਸੀਜਨ ਘਟਦੀ ਜਾ ਰਹੀ ਹੈ ਜਿਸ ਕਾਰਨ ਬੱਚਿਆਂ, ਨਾਬਾਲਗਾਂ, ਨੌਜਵਾਨਾਂ ਅਤੇ ਨਾਗਰਿਕਾਂ ਨੂੰ ਦਿਲ, ਦਿਮਾਗ, ਫੇਫੜਿਆ ਸ਼ਾਹ, ਕੈਂਸਰ ਲੀਵਰ ਹੱਡੀਆਂ ਦੀ ਕਮਜ਼ੋਰੀਆਂ ਦੀਆਂ ਬਿਮਾਰੀਆਂ ਹੋ ਰਹੀਆਂ ਹਨ। ਅਚਾਨਕ ਚਲਦੇ ਫਿਰਦੇ ਹਸਦੇ ਨੱਚਦੇ, ਤੁਰਦੇ ਖੇਡਦੇ ਹੋਏ ਦਿਲ ਦੇ ਦੌਰੇ ਪੈ ਰਹੇ ਹਨ। ਕਾਰਡੀਅਕ ਅਰੈਸਟ ਕਾਰਨ ਮੌਤਾਂ ਹੋ ਰਹੀਆਂ ਹਨ। ਦਿਮਾਗ ਦੀਆਂ ਨਾੜੀਆਂ ਫਟ ਰਹੀਆਂ ਹਨ। ਗਰਮੀਆਂ, ਗੈਸਾਂ ਅਤੇ ਪ੍ਰਦੂਸ਼ਣ ਵਧਣ ਕਾਰਨ, ਪੈਟਰੋਲੀਅਮ ਪਦਾਰਥਾਂ, ਗੈਸਾਂ, ਬਿਜਲੀ ਉਪਕਰਣਾਂ ਨੂੰ ਆਪਣੇ ਆਪ ਅੱਗਾਂ ਲਗ ਰਹੀਆਂ ਹਨ। ਵੱਧ ਰਹੇ ਰਸਾਇਣਕ, ਪ੍ਰਮਾਣੂ, ਐਟਮੀ ਬੰਬਾਂ ਮਿਜ਼ਾਇਲਾਂ ਦੀ ਵਰਤੋਂ ਕਰਕੇ, ਮੌਸਮੀ ਤਬਦੀਲੀਆਂ ਤੇਜ਼ੀ ਨਾਲ, ਵਾਤਾਵਰਨ ਦੀ ਤਬਾਹੀ ਵੱਲ ਵਧਦੀਆਂ ਜਾ ਰਹੀਆਂ ਹਨ। ਜਦੋਂ ਇਨਸਾਨ ਦੀ ਸਰੀਰ ਦਾ ਤਾਪਮਾਨ, ਨਾਰਮਲ ਨਾਲੋਂ ਬਹੁਤ ਵਧ ਜਾਵੇ ਤਾਂ ਦਿਲ ਦੇ ਦੌਰੇ, ਕਾਰਡੀਅਕ ਅਰੈਸਟ, ਬੇਹੋਸ਼ੀਆ, ਦਿਮਾਗ ਦੇ ਸਟਰੋਕ ਹੁੰਦੇ ਹਨ। ਦਿਮਾਗ ਦੀਆਂ ਨਾੜੀਆਂ ਅਤੇ ਨਸਾਂ ਫਟ ਰਹੀਆਂ ਹਨ। ਤਣਾਅ ਪ੍ਰੇਸ਼ਾਨੀਆਂ ਵੱਧਦੇ ਜਾ ਰਹੇ ਹਨ। ਦਿਲ, ਦਿਮਾਗ, ਭਾਵਨਾਵਾਂ ਵਿਚਾਰਾਂ ਅਤੇ ਆਦਤਾਂ ਵਿੱਚ ਗੁੱਸਾ, ਨਫਰਤਾਂ, ਹਿੰਸਾਂ, ਆਕੜ, ਹੰਕਾਰ, ਬਦਲੇ ਲੈਣ ਦੀਆਂ ਭਾਵਨਾਵਾਂ ਵਧਦੀਆਂ ਜਾਂਦੀਆਂ ਹਨ ਕਿਉਂਕਿ ਮੌਸਮੀ ਤਬਦੀਲੀਆਂ ਅਤੇ ਤੇਜ਼ੀ ਨਾਲ ਵਧ ਰਹੇਂ ਤਾਪਮਾਨ, ਗਰਮੀਆਂ, ਵਧਾ ਰਹੇ ਹਨ। ਸਰੀਰ ਅੰਦਰ ਗਰਮੀ, ਉਤੇਜਨਾ ਪੈਦਾ ਕਰਨ ਵਾਲੇ ਭੋਜਨ, ਫਾਸਟ ਫੂਡ ਜੰਕ ਫੂਡ ਕੋਲਡ ਡਰਿੰਕ ਨਸ਼ਿਆਂ ਦੀਆਂ ਚੀਜ਼ਾਂ ਕਾਰਨ, ਨਿਮਰਤਾ ਸ਼ਹਿਣਸ਼ੀਲਤਾ, ਸਬਰ ਸ਼ਾਂਤੀ, ਆਗਿਆ ਪਾਲਣ ਦੀਆਂ ਆਦਤਾਂ, ਭਾਵਨਾਵਾਂ, ਵਿਚਾਰ ਖਤਮ ਹੋ ਰਹੇ ਹਨ। ਕੁਦਰਤ ਤੋਂ ਦੂਰ ਹੋਕੇ ਮਸ਼ੀਨਾਂ ਨਾਲ ਜੁੜੇ ਰਹੇ ਹਨ ਸਾਰੇ। ਭਾਰਤ ਦੀ ਆਜ਼ਾਦੀ ਮਗਰੋਂ ਜਦੋਂ ਲੋਕਾਂ ਨੂੰ ਵੱਧ ਤੋਂ ਵੱਧ ਅਧਿਕਾਰ, ਹੱਕ, ਸਹੂਲਤਾਂ, ਆਰਾਮ ਪ੍ਰਸਤੀਆਂ, ਮੌਜ਼ ਮਸਤੀਆਂ, ਸਵਾਦਾਂ, ਫੈਸ਼ਨਾਂ ਲਈ ਸਹੂਲਤਾਂ, ਸਾਧਨ ਮਿਲਣ ਲੱਗੇ ਤਾਂ ਬੱਚਿਆਂ, ਨੌਜਵਾਨਾਂ, ਕਰਮਚਾਰੀਆਂ, ਨਾਗਰਿਕਾਂ ਵਿਚੋਂ ਦੇਸ਼, ਸਮਾਜ, ਵਾਤਾਵਰਨ ਅਤੇ ਬਜ਼ੁਰਗਾਂ, ਪ੍ਰਮਾਤਮਾ, ਗੁਰੂਆਂ, ਅਵਤਾਰਾਂ ਰਿਸ਼ੀਆਂ, ਮੁਨੀਆਂ, ਸੰਤਾਂ ਦੀਆਂ ਭਾਵਨਾਵਾਂ ਨੂੰ ਅਪਣਾਉਣ ਦੀ ਥਾਂ, ਗੁਰੂਆਂ ਅਵਤਾਰਾਂ ਵਰਗੇ ਚੰਗੇ ਇਨਸਾਨ ਬਨਣ ਦੀ ਥਾਂ, ਉਨ੍ਹਾਂ ਦੀ ਪੂਜਾ ਭਗਤੀਆਂ ਸ਼ੁਰੂ ਹੋ ਗਈਆ। ਸ਼ਬਦ ਭਜਨ ਗਾਏ ਜਾਂਦੇ ਹਨ ਪਰ ਉਨ੍ਹਾਂ ਦੇ ਗਿਆਨ ਨੂੰ ਅਪਣਾਇਆ ਨਹੀਂ ਜਾਂਦਾ। ਉਨ੍ਹਾਂ ਦੇ ਵਿਚਾਰਾਂ, ਭਾਵਨਾਵਾਂ ਅਤੇ ਸਿਖਿਆਵਾਂ ਕਰਮਯੋਗੀ ਆਦਤਾਂ ਕੁਰਬਾਨੀਆਂ ਨੂੰ ਭੁਲਾ ਦਿੱਤਾ। ਗ੍ਰੰਥਾਂ ਦੀਆਂ ਪਵਿੱਤਰ ਸਿਖਿਆਵਾਂ ਨੂੰ ਮੰਨਕੇ ਉਨ੍ਹਾਂ ਅਨੁਸਾਰ ਜੀਵਨ ਬਤੀਤ ਕਰਨ ਦੀ ਥਾਂ, ਗ੍ਰੰਥਾਂ ਦੀਆਂ ਪੂਜਾ ਭਗਤੀਆਂ ਕਰਕੇ, ਹੀ ਉਨ੍ਹਾਂ ਦੀਆਂ ਸਿੱਖਿਆਵਾਂ, ਆਦਰਸ਼ਾਂ ਨੂੰ ਬੱਚਿਆਂ, ਨੌਜਵਾਨਾਂ ਨੂੰ ਮਾਨਵਤਾਵਾਦੀ ਸਿਧਾਂਤਾਂ ਤੋਂ ਦੂਰ ਕੀਤਾ ਜਾ ਰਿਹਾ ਹੈ। ਸੜਕਾਂ ਗਲੀਆਂ ਵਿਚੋਂ ਲੰਘਦੇ ਹੋਏ ਵੀ ਲੋਕਾਂ ਵਲੋਂ ਧਾਰਮਿਕ ਸਥਾਨਾਂ ਨੂੰ ਨਮਸਕਾਰ ਕੀਤੀਆਂ ਜਾਂਦੀਆਂ ਹਨ ਪਰ ਭਗਵਾਨ ਵਲੋਂ ਬਣਾਈ ਮਿਟੀ, ਪਾਣੀ, ਹਵਾਵਾਂ, ਵਾਯੂਮੰਡਲ, ਪਰਿਵਾਰਾਂ, ਬਜ਼ੁਰਗਾਂ, ਗੁਰੂ ਅਧਿਆਪਕਾਂ ਨੂੰ ਸੁੰਦਰ ਸੋਹਣੇ, ਸੁਰਖਿਅਤ, ਸਵੱਛ ਬਣਾਉਣ ਲਈ ਕੁਝ ਵੀ ਨਹੀਂ ਕੀਤਾ ਜਾ ਰਿਹਾ। ਜਿਸ ਕਾਰਨ ਧਰਮ, ਨਿਸ਼ਕਾਮ ਕਰਮਯੋਗ ਦੀ ਥਾਂ, ਪੂਜਾ, ਪਾਠ, ਭਗਤੀਆਂ, ਦਾਨ ਪੁੰਨ ਦੇ ਢੰਗ ਤਰੀਕੇ ਬਣ ਗਏ ਹਨ। ਕਰਮ, ਪ੍ਰ?ਪਕਾਰ ਇਨਸਾਨੀਅਤ ਨਿਮਰਤਾ, ਸ਼ਹਿਣਸ਼ੀਲਤਾ, ਸਬਰ ਸ਼ਾਂਤੀ ਦੇ ਗੁਣ ਗਿਆਨ, ਵੀਚਾਰ, ਸੰਸਕਾਰ, ਮਰਿਆਦਾਵਾਂ, ਫਰਜ਼ਾਂ, ਜ਼ੁਮੇਵਾਰੀਆਂ ਨਿਭਾਉਣ ਦੀਆਂ ਪ੍ਰੰਪਰਾਵਾਂ ਖਤਮ ਹੋ ਗਈਆ। ਗੁਰੂਆਂ ਅਵਤਾਰਾਂ ਨੂੰ ਤਸਵੀਰਾਂ ਮੂਰਤੀਆਂ ਗ੍ਰੰਥਾਂ ਵਿੱਚ ਕੈਦ ਕਰ ਦਿੱਤਾ। ਸ਼੍ਰੀ ਗੁਰੂ ਨਾਨਕ ਦੇਵ ਜੀ ਦੀ ਪਵਿੱਤਰ ਬਾਣੀ, ਪਵਨ ਗੁਰੂ ਪਾਣੀ ਪਿਤਾ ਮਾਤਾ ਧਰਤਿ ਮਹਤੁ, ਅਨੁਸਾਰ ਕਰਮ ਕਰਨ ਦੀ ਥਾਂ, ਇਨ੍ਹਾਂ ਪਵਿੱਤਰ ਸਿਧਾਂਤਾਂ ਨੂੰ ਗੀਤ ਬਣਾ ਕੇ ਤੋਤਿਆਂ ਵਾਂਗ ਰਟਨਾ ਸ਼ੁਰੂ ਕਰ ਦਿੱਤਾ। ਭਗਵਾਨ ਸ੍ਰੀ ਕ੍ਰਿਸ਼ਨ ਜੀ ਦੀ ਭਾਗਵਤ ਗੀਤਾ ਦੇ ਆਦਰਸ਼ਾਂ ਅਨੁਸਾਰ ਅਸੀਂ ਭਗਵਾਨ ਸ੍ਰੀ ਕ੍ਰਿਸ਼ਨ ਜੀ, ਭਗਵਾਨ ਸ੍ਰੀ ਰਾਮ ਚੰਦਰ ਜੀ ਨੂੰ ਮਹਿਕਦੇ ਫੁੱਲਾਂ, ਦਰਖਤਾਂ, ਪੀਪਲ, ਚਹਿਚਹਾਉਂਦੇ ਪੰਛੀਆਂ, ਸੰਤੁਲਿਤ ਭੋਜਨ, ਅੰਮਿਰਤ ਵਰਗੇ ਪਾਣੀ, ਹਵਾਵਾਂ ਵਿੱਚ ਲੱਭਣ ਦੀ ਥਾਂ ਉਨ੍ਹਾਂ ਨੂੰ ਤਸਵੀਰਾਂ ਮੂਰਤੀਆਂ ਵਿੱਚ ਕੈਦ ਕਰ ਲਿਆ। ਭਗਵਾਨ ਸ੍ਰੀ ਕ੍ਰਿਸ਼ਨ ਜੀ ਨੇ ਤਾਂ ਭਗਵਾਨ ਭਾਵ ਭੂਮੀ ਗਗਨ ਵਾਯੂ ਅਗਨੀ ਨੀਰ ਵਿਚ ਆਪਣਾ ਵਾਸਾ ਦਸਿਆ ਸੀ। ਧਰਮ ਦਾ ਭਾਵ ਨਿਸ਼ਕਾਮ ਕਰਮਯੋਗ, ਪ੍ਰ?ਪਕਾਰ, ਸਰਬੱਤ ਦਾ ਭਲਾ, ਇਨਸਾਨੀਅਤ, ਸੰਸਕਾਰ ਮਰਿਆਦਾਵਾਂ, ਫਰਜ਼ਾਂ ਵਜੋਂ ਕਾਰਜ ਕਰਨ ਦੀ ਥਾਂ ਅਸੀਂ ਧਾਰਮਿਕ ਸਥਾਨਾਂ ਨੂੰ ਹੀ ਭਗਵਾਨ ਇਸ਼ਵਰ ਗੁਰੂਆਂ ਅਵਤਾਰਾਂ ਦਾ ਵਾਸਾ ਸਮਝ ਲਿਆ।

**ਕਾਕਾ ਰਾਮ ਵਰਮਾ**
**ਪਟਿਆਲਾ 9878611620**

# ਪੰਜਾਬ 'ਚ ਕਿੰਨੀ ਕੁ ਸੰਭਵ ਹੈ ਸੇਬ ਦੀ ਖੇਤੀ

**ਡਾ. ਜਗਵਿੰਦਰ ਸਿੰਘ**



ਪੰਜਾਬ ਦੀ ਕਿਸਾਨੀ ਅੱਜ ਬੜੇ ਅਹਿਮ ਦੌਰ ਵਿਚੋਂ ਗੁਜ਼ਰ ਰਹੀ ਹੈ। ਕਣਕ-ਝੋਨੇ ਦੇ ਫ਼ਸਲੀ ਚੱਕਰ ਨੇ ਪੰਜਾਬ ਦੇ ਕਿਸਾਨ ਦੀਆਂ ਆਰਥਿਕ ਸਮੱਸਿਆਵਾਂ ਘਟਾਉਣ ਦੀ ਥਾਂ ਇੱਥੋਂ ਦੇ ਵਾਤਾਵਰਨ ਸਾਹਮਣੇ ਕਈ ਚਿੰਤਾਵਾਂ ਖੜ੍ਹੀਆਂ ਕੀਤੀਆਂ ਹਨ। ਇਸ ਫ਼ਸਲੀ ਚੱਕਰ ਦਾ ਬਦਲ ਤਲਾਸ਼ ਕਰਨ ਲਈ ਮਾਹਿਰਾਂ ਅਤੇ ਵਿਗਿਆਨੀਆਂ ਦੇ ਨਾਲ-ਨਾਲ ਅਗਾਂਹ ਵਧੂ ਕਿਸਾਨ ਤਤਪਰ ਦਿਖਾਈ ਦੇ ਰਹੇ ਹਨ। ਹੋਰ ਫ਼ਸਲਾਂ ਵਿਚ ਮੰਡੀਕਰਨ ਦੀਆਂ ਸਮੱਸਿਆਵਾਂ ਅਤੇ ਕਿਸੇ ਢੁਕਵੀਂ ਕੇਂਦਰੀ ਨੀਤੀ ਦੀ ਅਣਹੋਂਦ ਵਿਚ ਇਹ ਕੋਸ਼ਿਸ਼ਾਂ ਸੁਚੱਜੇ ਸਿੱਟੇ ਦੇਣ ਵਿਚ ਆਸ ਮੁਤਾਬਕ ਕਾਮਯਾਬ ਨਹੀਂ ਹੋ ਸਕੀਆਂ। ਪਿਛਲੇ ਦਿਨੀਂ ਅਖਬਾਰਾਂ ਵਿਚ ਇਹ ਖਬਰਾਂ ਵੱਡੀ ਪੱਧਰ 'ਤੇ ਛਪ ਕੇ ਸਾਹਮਣੇ ਆਈਆਂ ਕਿ ਪੰਜਾਬ ਦੇ ਕੰਢੀ ਖੇਤਰ ਵਿਚ ਸੇਬਾਂ ਦੀ ਖੇਤੀ ਦਾ ਸਫ਼ਲ ਤਜਰਬਾ ਹੋ ਰਿਹਾ ਹੈ। ਕਣਕ-ਝੋਨੇ ਦੇ ਫ਼ਸਲੀ ਚੱਕਰ ਦਾ ਬਦਲ ਭਾਲਦੇ ਕਿਸਾਨਾਂ ਸਾਹਮਣੇ ਨਵੀਆਂ ਸੰਭਾਵਨਾਵਾਂ ਇਸ ਖਬਰ ਨਾਲ ਉਜਾਗਰ ਹੋਣ ਲੱਗੀਆਂ। ਬਹੁਤ ਸਾਰੇ ਕਿਸਾਨਾਂ ਨੇ ਇਸ ਸਬੰਧੀ ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਦੇ ਫ਼ਲ ਵਿਗਿਆਨੀਆਂ ਨਾਲ ਸੰਪਰਕ ਕਰ ਕੇ ਇਸ ਸਬੰਧ ਵਿਚ ਉਨ੍ਹਾਂ ਦੀ ਰਾਇ ਜਾਨਣ ਦੀ ਕੋਸ਼ਿਸ਼ ਕੀਤੀ। ਯੂਨੀਵਰਸਿਟੀ ਦੇ ਮਾਹਿਰਾਂ ਨੇ ਪੰਜਾਬ ਦੇ ਕਿਸਾਨਾਂ ਨੂੰ ਆਪਣੀ ਖੋਜ ਵਿਚੋਂ ਪ੍ਰਾਪਤ ਸਿੱਟਿਆਂ ਦੇ ਅਧਾਰ 'ਤੇ ਕੁਝ ਸਿਫ਼ਾਰਸ਼ਾਂ ਕੀਤੀਆਂ। ਪੰਜਾਬ ਦੇ ਪ੍ਰਸਿੱਧ ਫ਼ਲ ਵਿਗਿਆਨੀਆਂ ਬਾਗਬਾਨੀ ਦੇ ਐਡੀਸ਼ਨਲ ਡਾਇਰੈਕਟਰ ਖੋਜ ਡਾ: ਐਮ. ਆਈ. ਐਸ. ਗਿੱਲ ਅਤੇ ਬਾਗਬਾਨੀ ਵਿਭਾਗ ਦੇ ਮੁਖੀ ਡਾ: ਹਰਮਿੰਦਰ ਸਿੰਘ ਨੇ ਦੱਸਿਆ ਕਿ ਪੰਜਾਬ ਵਿਚ ਸੇਬਾਂ ਦੀ ਖੇਤੀ ਦੇ ਸਬੰਧ ਵਿਚ ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਲਗਾਤਾਰ ਖੋਜ ਕਰਦੀ ਰਹੀ ਹੈ ਅਤੇ ਉਨ੍ਹਾਂ ਦੀਆਂ ਲੱਭਤਾਂ ਤੋਂ ਇਹ ਸਿੱਟਾ ਨਿਕਲਦਾ ਹੈ ਕਿ ਪੰਜਾਬ ਵਿਚ ਸੇਬਾਂ ਦੀ ਖੇਤੀ ਵਿਚ ਕਿਸਾਨਾਂ ਨੂੰ ਬਿਲਕੁਲ ਰੁਚੀ ਨਹੀਂ ਲੈਣੀ ਚਾਹੀਦੀ ਕਿਉਂਕਿ ਇਸ ਦੀ ਸਫਲਤਾ ਦੀ ਕੋਈ ਸੰਭਾਵਨਾ ਨਹੀਂ ਹੈ। ਸੇਬ ਆਪਣੇ ਸਵਾਦ ਅਤੇ ਗੁਣਾਂ ਕਰਕੇ ਫ਼ਲਾਂ ਦੇ ਖੇਤਰ ਵਿਚ ਬਿਨਾਂ ਸ਼ੱਕ ਸਿਖਰਲਾ ਦਰਜਾ ਹਾਸਲ ਕਰ ਕੇ ਹਰ ਵਰਗ ਦੀ ਪਹਿਲੀ ਪਸੰਦ ਬਣਿਆ ਹੈ ਪਰ ਇਸ ਦੀ ਖੇਤੀ ਲਈ ਬਹੁਤ ਠੰਢੇ ਜਲਵਾਯੂ ਅਤੇ ਘੱਟ ਤਾਪਮਾਨ ਵਾਲੇ ਮੌਸਮ ਦੀ ਲੋੜ ਹੁੰਦੀ ਹੈ। ਆਮ ਤੌਰ 'ਤੇ ਸੱਤ ਦਰਜਾ ਸੈਂਟੀਗ੍ਰੇਡ ਤੋਂ ਹੇਠਾਂ ਦੇ ਤਾਪਮਾਨ ਵਿਚ ਹੀ ਫ਼ਲਾਂ ਦੀ ਖੇਤੀ ਕੀਤੀ ਜਾ ਸਕਦੀ ਹੈ। ਇਸੇ ਲਈ ਹਿਮਾਚਲ ਅਤੇ ਜੰਮੂ-ਕਸ਼ਮੀਰ ਦੇ ਉੱਪਰਲੇ ਪਹਾੜੀ ਖੇਤਰਾਂ ਵਿਚ ਸੇਬਾਂ ਦੀ ਰਵਾਇਤੀ ਖੇਤੀ ਕੀਤੀ ਜਾਂਦੀ ਰਹੀ ਹੈ। ਅੱਜ ਤੋਂ ਤਕਰੀਬਨ ਦੋ ਦਹਾਕੇ ਪਹਿਲਾਂ ਸ਼ਿਮਲੇ ਦੇ ਆਸ-ਪਾਸ ਦੇ ਖੇਤਰਾਂ ਵਿਚ ਸੇਬਾਂ ਦੇ ਬਹੁਤ ਸਾਰੇ ਬਾਗ ਭਰਪੂਰ ਫ਼ਸਲ ਲਈ ਜਾਣੇ ਜਾਂਦੇ ਸਨ ਪਰ ਗਲੋਬਲ ਵਾਰਮਿੰਗ ਦੇ ਮੱਦੇਨਜ਼ਰ ਉਥੋਂ ਪੈਦਾ ਹੋਣ ਵਾਲੀ ਸੇਬਾਂ ਦੀ ਫ਼ਸਲ ਪਿਛਲੇ ਦੋ ਦਹਾਕਿਆਂ ਵਿਚ ਨਾ ਸਿਰਫ਼ ਮਿਆਰ ਦੇ ਪੱਖ ਤੋਂ ਪੱਛੜੀ ਹੈ ਸਗੋਂ ਬਹੁਤ ਸਾਰੇ ਬਾਗ ਨਵੀਆਂ ਬਿਮਾਰੀਆਂ ਕਾਰਨ ਖਾਤਮੇ ਦੀ ਕਗਾਰ 'ਤੇ ਆਏ ਹਨ। ਹਿਮਾਚਲ ਸਰਕਾਰ ਨੇ ਕੁਝ ਸਾਲ ਪਹਿਲਾਂ ਰਾਮਪੁਰ ਵਰਗੇ ਉੱਪਰਲੇ ਹਿਮਾਲਿਆ ਖੇਤਰ ਵਿਚ ਸਬਸਿਡੀ ਦੇ ਕੇ ਸੇਬਾਂ ਦੀ ਖੇਤੀ ਨੂੰ ਉਤਸ਼ਾਹਿਤ ਕੀਤਾ ਹੈ। ਇਸ ਦੇ ਨਾਲ ਵਿਗਿਆਨੀਆਂ ਨੇ ਮੁਕਾਬਲਤਨ ਜ਼ਿਆਦਾ ਤਾਪਮਾਨ ਵਿਚ ਪੈਦਾ ਹੋ ਸਕਣ ਵਾਲੀਆਂ ਸੇਬਾਂ ਦੀਆਂ ਕਿਸਮਾਂ ਦੀ ਖੋਜ ਲਈ ਕੋਸ਼ਿਸ਼ਾਂ ਵੀ ਕੀਤੀਆਂ ਹਨ। ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਨੇ ਸੇਬਾਂ ਦੀ ਖੇਤੀ ਦੇ ਪ੍ਰਸਾਰ ਦੇ ਸਬੰਧ ਵਿਚ 2012 ਤੋਂ ਆਪਣੀ ਖੋਜ ਜਾਰੀ ਰੱਖੀ ਹੋਈ ਹੈ। 2014 ਵਿਚ ਭਾਰਤ ਅਤੇ ਵਿਦੇਸ਼ ਦੀਆਂ 29 ਹੋਰ ਕਿਸਮਾਂ ਇਸ ਖੋਜ ਵਿਚ ਸ਼ਾਮਿਲ ਕੀਤੀਆਂ ਗਈਆਂ। ਇਨ੍ਹਾਂ ਵਿਚੋਂ ਘੱਟ ਠੰਢੇ ਮੌਸਮ ਵਿਚ ਪੈਦਾ ਹੋਣ ਵਾਲੀਆਂ ਪ੍ਰਮੁੱਖ ਕਿਸਮਾਂ ਜਿਵੇਂ ਕ੍ਰਿਸਪ ਪਿੰਕ, ਲਿਬਰਟੀ, ਸਤਾਇਮ, ਫਿਊਜ਼ੀ, ਗਾਲ੍ਹਾ, ਗਰੈਨੀ ਸਮਿਥ, ਹਨੀ ਕ੍ਰਿਸਪ, ਅਮਰੀਕਾ ਤੋਂ ਸੀਏਰਾ ਬਿਊਟੀ, ਐਨਾ, ਗੋਲਡਨ ਡੋਰਸੈਟ, ਸ਼ਿਲੋਮਿਟ, ਸਕਾਰਲਟ ਗਾਲ੍ਹਾ, ਟਰੌਪੀਕਲ ਬਿਊਟੀ ਅਤੇ ਸ੍ਰੀਨਗਰ ਦੇ ਸੀਆਈਟੀਐਚ ਤੋਂ ਮੌਲੀਸ ਡਿਲੀਸ਼ਸ ਹਨ। ਪੀ.ਏ.ਯੂ. ਸਮੇਤ ਚਾਰੇ ਖੋਜ ਕੇਂਦਰਾਂ ਗੁਰਦਾਸਪੁਰ, ਬੱਲੋਵਾਲ ਸੌਂਖੜੀ, ਕੇਵੀਕੇ ਪਠਾਨਕੋਟ ਅਤੇ ਫ਼ਲ ਖੋਜ ਕੇਂਦਰ ਗੰਗੀਆ ਵਿਚ ਇਹ ਖੋਜ ਨਿਰੰਤਰ ਜਾਰੀ ਹੈ।

ਨਾਸ਼ਪਾਤੀ ਜਿਹੇ ਫ਼ਲਾਂ ਦੇ ਮੁਕਾਬਲੇ ਸੇਬ ਬਾਗ ਲਗਾਉਣ ਤੋਂ ਤਿੰਨ ਸਾਲ ਬਾਅਦ ਫ਼ਲ ਦੇਣ ਲੱਗਦਾ ਹੈ ਅਤੇ ਚਾਰ ਤੋਂ ਪੰਜ ਸਾਲ ਬਾਅਦ ਵਪਾਰਕ ਉਤਪਾਦਨ ਦਾ ਹਿੱਸਾ ਬਣਦਾ ਹੈ। ਪੰਜਾਬ ਦੇ ਅਰਧ ਗਰਮ ਜਲਵਾਯੂ ਵਿਚ ਫਰਵਰੀ ਦੇ ਮਹੀਨੇ ਵਿਚ ਸੇਬਾਂ ਦੇ ਪੌਦਿਆਂ ਉੱਪਰ ਫ਼ਲ ਆਉਂਦੇ ਹਨ। ਮੁੱਢਲੇ ਤੌਰ 'ਤੇ ਫ਼ਲ ਦੇ ਵਿਕਾਸ ਲਈ ਇਹ ਤਾਪਮਾਨ ਢੁੱਕਵਾਂ ਹੁੰਦਾ ਹੈ ਪਰ ਜਿਵੇਂ ਜਿਵੇਂ ਤਾਪਮਾਨ ਮਈ ਅਤੇ ਜੂਨ ਦੇ ਮਹੀਨਿਆਂ ਵਿਚ ਵਧਦਾ ਹੈ ਫ਼ਲ ਦੇ ਵਿਕਾਸ ਸਬੰਧੀ ਅਸਲੀ ਸਮੱਸਿਆ ਸਾਹਮਣੇ ਆਉਣ ਲੱਗਦੀ ਹੈ। ਸਖ਼ਤ ਗਰਮੀ ਵਿਚ ਸਿਹਤਮੰਦ ਫ਼ਲਾਂ ਦਾ ਵਿਕਾਸ ਪੰਜਾਬ ਵਿਚ ਸੰਭਵ ਨਹੀਂ ਹੋ ਸਕਦਾ। ਇਸ ਤਰ੍ਹਾਂ ਇਹ ਸੰਭਾਵਨਾ ਰਹਿੰਦੀ ਹੈ ਕਿ ਐਸੇ ਮੌਸਮ ਵਿਚ ਪੈਦਾ ਹੋਣ ਵਾਲੇ ਫ਼ਲ ਦੀ ਗੁਣਵੱਤਾ ਅਮਰੀਕਾ, ਆਸਟਰੇਲੀਆ ਅਤੇ ਨਿਊਜ਼ੀਲੈਂਡ ਤੋਂ ਆਉਣ ਵਾਲੇ ਫ਼ਲਾਂ ਦੀਆਂ ਕਿਸਮਾਂ ਦੇ ਮੁਕਾਬਲੇ ਬਹੁਤ ਨੀਵੇਂ ਦਰਜੇ 'ਤੇ ਹੋ ਸਕਦੀ ਹੈ। ਘੱਟ ਠੰਢੇ ਮੌਸਮ ਵਿਚ ਪੈਦਾ ਹੋਣ ਵਾਲੀਆਂ ਕਿਸਮਾਂ ਦੀ ਪੰਜਾਬ ਵਿਚ ਖੇਤੀ ਲਈ ਵੀ ਕਾਸ਼ਤਕਾਰ ਨੂੰ ਸੁਚੇਤ ਰਹਿਣ ਦੀ ਲੋੜ ਹੈ ਕਿਉਂਕਿ ਇਸ ਸਬੰਧੀ ਖੋਜ ਅਜੇ ਬਹੁਤ ਮੁਢਲੇ ਪੜਾਅ 'ਤੇ ਚੱਲ ਰਹੀ ਹੈ। ਬਿਨਾਂ ਸ਼ੱਕ ਅੱਜ ਖੇਤੀ ਵਿਭਿੰਨਤਾ ਸਮੇਂ ਦੀ ਲੋੜ ਹੈ ਪਰ ਕਿਸਾਨਾਂ ਨੂੰ ਆਰਥਿਕ ਤੌਰ 'ਤੇ ਸੁਖਾਵੇਂਪਣ ਦੀ ਤਲਾਸ਼ ਵਿਚ ਸੇਬਾਂ ਦੀ ਮਹਿੰਗੀ ਖੇਤੀ ਦਾ ਖ਼ਤਰਾ ਉਠਾਉਣ ਤੋਂ ਪਹਿਲਾਂ ਕਈ ਪੱਖ ਵਿਚਾਰਨੇ ਪੈਣਗੇ, ਨਹੀਂ ਤਾਂ ਅਜਿਹੀ ਕੋਈ ਵੀ ਕੋਸ਼ਿਸ਼ ਕਿਸਾਨ ਨੂੰ ਆਰਥਿਕ ਤੌਰ 'ਤੇ ਹੋਰ ਔਖੀਆਂ ਸਥਿਤੀਆਂ ਵੱਲ ਲੈ ਜਾਵੇਗੀ। **-ਡਾ. ਜਗਵਿੰਦਰ ਸਿੰਘ** ਸੰਚਾਰ ਅਤੇ ਅੰਤਰਰਾਸ਼ਟਰੀ ਸੰਪਰਕ ਕੇਂਦਰ, ਪੰਜਾਬ ਐਗਰੀਕਲਚਰਲ ਯੂਨੀਵਰਸਿਟੀ, ਲੁਧਿਆਣਾ।

# ਖਤਰੇ ਵਿੱਚ ਹਨ ਜੰਗਲੀ ਸੋਮੇਂ

**ਸੁਖਮੰਦਰ ਸਿੰਘ ਤੂਰ**



ਜੰਗਲ ਮਨੁੱਖੀ ਜੀਵਨ ਦਾ ਆਧਾਰ ਹਨ। ਜੰਗਲਾਂ ਤੋਂ ਬਿਨਾਂ ਮਨੁੱਖੀ ਜ਼ਿੰਦਗੀ ਦਾ ਕਿਆਸ ਨਹੀਂ ਕੀਤਾ ਜਾ ਸਕਦਾ, ਪਰ ਕਿੰਨਾ ਵੱਡਾ ਦੁਖਾਂਤ ਹੈ ਕਿ ਅੱਜ ਦੀ ਮਨੁੱਖ ਜਾਤੀ ਇਸ ਬਖਸ਼ਿੰਦ ਜੀਵਨ ਵਰਧਕ ਸੋਮੇ ਨੂੰ ਬੁਰੀ ਤਰ੍ਹਾਂ ਨਸ਼ਟ ਕਰ ਰਹੀ ਹੈ। ਵਿਸ਼ਵ ਦੇ ਤਪਤ-ਖੰਡੀ ਖੇਤਰਾਂ ਵਿਚ ਪ੍ਰਤੀ ਮਿੰਟ 60 ਤੋਂ 65 ਏਕੜ ਭੂਮੀ ਜੰਗਲਾਂ ਕੋਲੋਂ ਖੋਹੀ ਜਾ ਰਹੀ ਹੈ। ਜਦੋਂ ਇਸ ਭਿਆਨਕ ਗਤੀ ਨਾਲ ਜੰਗਲ ਕੱਟੇ ਜਾ ਰਹੇ ਹੋਣ ਤਾਂ ਅਨੁਮਾਨ ਲਗਾਓ ਕਿ ਇਸ ਸ਼ਰਨਗਾਹ ਵਿਚ ਵਸਦੇ ਹਜ਼ਾਰਾਂ ਜੀਵਾਂ ਦਾ ਕੀ ਬਣੇਗਾ? ਸੱਚ ਪੁੱਛੋ, ਇਹ ਸਾਰੇ ਵਾਤਾਵਰਨੀ-ਪਨਾਹਗੀਰ ਬਣਦੇ ਜਾ ਰਹੇ ਹਨ ਅਤੇ ਜਿਹੜੇ ਜੀਵ ਨਵੀਆਂ ਸ਼ਰਨਗਾਹਾਂ ਨਹੀਂ ਲੱਭ ਸਕਦੇ ਜਾਂ ਨਵੇਂ ਵਾਤਾਵਰਨ ਅਨੁਸਾਰ ਆਪਣੇ-ਆਪ ਨੂੰ ਨਹੀਂ ਢਾਲ ਸਕਦੇ, ਉਨ੍ਹਾਂ ਦੀ ਨਸਲਕੁਸ਼ੀ ਹੋਣੀ ਲਾਜ਼ਮੀ ਹੈ। ਜੰਗਲ ਅਤੇ ਜੰਗਲੀ ਜੀਵਾਂ ਤੋਂ ਵਿਹੂਣੀ ਧਰਤੀ ਨੂੰ ਭੂ-ਵਿਗਿਆਨੀ ਮਾਰੂਥਲ ਦਾ ਨਾਂਅ ਦਿੰਦੇ ਹਨ। ਇਕਲੋਜਿਸਟ ਇਸੇ ਨੂੰ ਹੀ ਜੀਵੀ-ਭਿੰਨਤਾ ਦਾ ਵਿਨਾਸ਼ ਕਹਿੰਦੇ ਹਨ। ਇਸ ਨਾਲ ਕੁਦਰਤ ਦਾ ਸਮੁੱਚਾ ਸਮਤੋਲ ਵਿਗੜ ਜਾਂਦਾ ਹੈ, ਜਿਸ ਦੇ ਸਿੱਟੇ ਬਹੁਤ ਭਿਆਨਕ ਨਿਕਲਦੇ ਹਨ। ਸੰਯੁਕਤ ਰਾਸ਼ਟਰ ਸੰਘ ਦੇ ਮਾਹਿਰਾਂ ਨੇ ਅੰਕੜਿਆਂ ਅਤੇ ਪ੍ਰਾਪਤ ਤੱਥਾਂ ਦੇ ਆਧਾਰ 'ਤੇ ਸਾਨੂੰ ਚਿਤਾਵਨੀ ਦਿੱਤੀ ਹੈ ਕਿ ਸੰਨ 2025 ਤੱਕ ਸਾਡੀ ਪ੍ਰਿਥਵੀ ਭਿਆਨਕ ਤਪਸ਼ ਦਾ ਸ਼ਿਕਾਰ ਹੋ ਜਾਵੇਗੀ। ਜੇਕਰ ਨਿੱਘ ਦੇ ਵਾਧੇ ਦੀ ਇਹੋ ਦਰ ਹੀ ਮਿੱਥ ਲਈ ਜਾਵੇ ਤਾਂ ਆਉਣ ਵਾਲੇ ਸਮੇਂ ਵਿਚ ਇਸ ਨਿੱਘ ਨੇ ਧਰੁਵੀ ਬਰਫਾਂ ਨੂੰ ਉੱਕਾ ਹੀ ਪਿਘਲਾਅ ਦੇਣਾ ਹੈ। ਇਸ ਹੜ੍ਹ ਨੂੰ ਫਿਰ ਕੋਈ ਨਹੀਂ ਰੋਕ ਸਕੇਗਾ, ਜਿਸ ਨਾਲ ਸਮੁੱਚੀ ਪ੍ਰਿਥਵੀ ਦਾ ਜਲਵਾਯੂ ਬਦਲ ਜਾਵੇਗਾ।ਦੇਸ਼ ਦੀ ਵਣ ਨੀਤੀ ਅਨੁਸਾਰ ਦੇਸ਼ ਦੇ ਕੁਲ ਰਕਬੇ ਦਾ ਘੱਟੋ-ਘੱਟ 33 ਫੀਸਦੀ ਹਿੱਸਾ ਜੰਗਲਾਂ ਹੇਠ ਚਾਹੀਦਾ ਹੈ, ਜਦ ਕਿ ਪੰਜਾਬ ਵਿਚ ਇਹ ਕੇਵਲ 4.60 ਫੀਸਦੀ ਹੀ ਬਣਦਾ ਹੈ। ਆਰਥਿਕ ਉੱਨਤੀ ਅਤੇ ਕੁਦਰਤ ਦੀ ਸੰਭਾਲ ਇਕ-ਦੂਸਰੇ ਨਾਲ ਪ੍ਰਣਾਏ ਮੁੱਦੇ ਹਨ। ਵਾਤਾਵਰਨੀ ਮੁੱਦਿਆਂ ਨੂੰ ਅੱਖੋਂ ਪ੍ਰੋਖਿਆਂ ਰੱਖ ਕੇ ਆਰਥਿਕ ਯੋਜਨਾਵਾਂ ਘੜੀਆਂ ਤਾਂ ਜਾ ਸਕਦੀਆਂ ਹਨ, ਪਰ ਲੋੜੀਂਦੇ ਸਿੱਟੇ ਨਹੀਂ ਦੇ ਸਕਦੀਆਂ। ਸਾਨੂੰ ਅਜਿਹੇ ਵਿਕਾਸ ਦੀ ਲੋੜ ਹੈ, ਜਿਹੜਾ ਮਨੁੱਖਤਾ ਦੀਆਂ ਜ਼ਰੂਰਤਾਂ ਦੀ ਪੂਰਤੀ ਕਰਦਾ ਹੋਇਆ ਵੀ ਪ੍ਰਿਥਵੀ ਦੇ ਪੇਚੀਦਾ ਪਰ ਮਲੂਕ ਜੀਵੀ ਮੰਡਲ ਨੂੰ ਹੋਰ ਅਮੀਰ ਕਰੇ। ਇਸ ਦੀ ਸ਼ੁਰੂਆਤ ਰੁੱਖਾਂ ਤੋਂ ਕਰਨੀ ਪਵੇਗੀ, ਕਿਉਂਕਿ ਮਨੁੱਖੀ ਜੀਵਨ ਦੀ ਸਫਲਤਾ ਜੰਗਲਾਂ ਨਾਲ ਜੁੜੀ ਹੋਈ ਹੈ। **ਸੁਖਮੰਦਰ ਸਿੰਘ ਤੂਰ ਪਿੰਡ ਤੇ ਡਾਕ: ਖੋਸਾ ਪਾਂਡੋ**

# ਕਿਸਾਨੀ ਨੂੰ ਸਮਾਜ ਦਾ ਸਾਥ ਮਿਲਣਾ ਜ਼ਰੂਰੀ



**ਕਮਲ ਬਰਾੜ**

ਸਮੇਂ ਨਾਲ ਬਦਲੇ ਸਮਾਜਿਕ ਮਾਹੌਲ ਵਿਚ ਜਿਥੇ ਕਿਸਾਨਾਂ ਦੀ ਸਥਿਤੀ ਤਰਸਯੋਗ ਹੁੰਦੀ ਜਾ ਰਹੀ ਹੈ, ਉਥੇ ਸਰਕਾਰੀ ਅਣਡਿੱਠਤਾ ਕਾਰਨ ਕਿਸਾਨ ਖੁਦ ਨੂੰ ਖੇਤੀਬਾੜੀ ਤੋਂ ਦੂਰ ਕਰਦੇ ਜਾ ਰਹੇ ਹਨ। ਇਹ ਇਕ ਚਿੰਤਾਜਨਕ ਵਿਸ਼ਾ ਹੈ। ਜਿਥੇ ਖੇਤੀਬਾੜੀ ਦਾ ਘਟਦਾ ਰਕਬਾ ਇਕ ਵੱਡਾ ਸਵਾਲ ਹੈ, ਉਥੇ ਵਧਦੀ ਲਾਗਤ ਤੇ ਫਸਲ ਦੀ ਘਟਦੀ ਕੀਮਤ ਕਾਰਨ ਬਦਹਾਲ ਕਿਸਾਨ ਹੈਰਾਨ-ਪ੍ਰੇਸ਼ਾਨ ਹੈ। ਹਾਲਾਤ ਕੁਝ ਅਜਿਹੇ ਹਨ ਕਿ ਖੁਦ ਨੂੰ ਖਤਰੇ ਵਿਚ ਦੇਖ ਕੇ ਕਿਸਾਨ ਖੁਦਕੁਸ਼ੀ ਦਾ ਰਾਹ ਅਪਣਾ ਕੇ ਮੁਕਤੀ ਪਾਉਣੀ ਚਾਹੁੰਦਾ ਹੈ। ਅੱਜ ਜਿਥੇ ਨਵੀਂ ਪੀੜ੍ਹੀ ਖੇਤੀ ਦੀ ਬਜਾਏ ਸ਼ਹਿਰਾਂ ਵੱਲ ਰੁਖ਼ ਕਰਕੇ ਮਜ਼ਦੂਰੀ ਨੂੰ ਬਿਹਤਰ ਮੰਨਣ ਲੱਗੀ ਹੈ, ਉਥੇ ਹੀ ਜ਼ਮੀਨ ਦੇ ਮੋਹ ਵਿਚ ਫਸਿਆ ਲਾਚਾਰ ਕਿਸਾਨ ਕਦੇ ਬਰਸਾਤ ਤਾਂ ਕਦੇ ਸੋਕੇ ਦੀ ਮਾਰ ਝੱਲ ਰਿਹਾ ਹੈ। ਕਦੇ ਭਰਪੂਰ ਫਸਲ ਹੋਣ 'ਤੇ ਢੁਕਵੀਂ ਕੀਮਤ ਨਾ ਮਿਲਣ ਤੇ ਪੁਰਾਣਾ ਕਰਜ਼ਾ ਨਾ ਮੋੜ ਸਕਣ ਕਾਰਨ ਘਬਰਾ ਕੇ ਕਿਸਾਨ ਖੁਦਕੁਸ਼ੀ ਨੂੰ ਹੀ ਸੌਖਾ ਰਾਹ ਮੰਨ ਰਿਹਾ ਹੈ। ਭਾਰਤੀ ਕਿਸਾਨ ਦੀ ਇਹ ਬਹੁਤ ਵੱਡੀ ਤ੍ਰਾਸਦੀ ਹੈ। ਕਿਸਾਨਾਂ ਦੇ ਨਾਂਅ 'ਤੇ ਸਿਆਸਤਦਾਨ ਸਿਆਸੀ ਰੋਟੀਆਂ ਸੇਕ ਰਹੇ ਹਨ। ਨੌਕਰਸ਼ਾਹਾਂ ਅਤੇ ਮੁਲਾਜ਼ਮਾਂ ਨੂੰ ਮਹਿੰਗਾਈ ਭੱਤੇ ਦੇ ਕੇ ਸਰਕਾਰਾਂ ਉਨ੍ਹਾਂ ਦੇ ਚਿਹਰਿਆਂ 'ਤੇ ਸ਼ਿਕਨ ਤੱਕ ਨਹੀਂ ਆਉਣ ਦਿੰਦੀਆਂ ਪਰ ਕਿਸਾਨ ਕਰਜ਼ੇ ਤੇ ਵਿਆਜ ਮੁਆਫ਼ੀ ਲਈ ਸੜਕਾਂ 'ਤੇ ਭੋਜਨ ਪਰੋਸ ਕੇ ਖਾਣ, ਤਪਦੇ ਅਸਮਾਨ ਹੇਠਾਂ ਨੰਗੇ ਧੜ ਅੰਦੋਲਨ ਕਰਨ ਅਤੇ ਪਾਣੀ ਵਿਚ ਗਲ ਤੱਕ ਡੁੱਬ ਕੇ ਜਲ ਸੱਤਿਆਗ੍ਰਹਿ ਕਰਨ ਵਰਗੇ ਮੁਸ਼ਕਿਲ ਫੈਸਲੇ ਲੈਣ ਲਈ ਮਜਬੂਰ ਹੈ। ਇਸ ਵਿਚ ਹੈਰਾਨ ਕਰਨ ਵਾਲਾ ਤੱਥ ਇਹ ਸੀ ਕਿ ਕਿਸਾਨਾਂ ਤੇ ਖੇਤ ਮਜ਼ਦੂਰਾਂ ਦੀ ਖੁਦਕੁਸ਼ੀ ਦਾ ਕਾਰਨ ਕਰਜ਼ਾ, ਕੰਗਾਲੀ ਤੇ ਖੇਤੀ ਨਾਲ ਜੁੜੀਆਂ ਦਿੱਕਤਾਂ ਹੀ ਸਨ। ਇਸ ਤੋਂ ਇਲਾਵਾ ਖੁਦਕੁਸ਼ੀਆਂ ਕਰਨ ਵਾਲੇ 73 ਫੀਸਦੀ ਕਿਸਾਨਾਂ ਕੋਲ 2 ਏਕੜ ਜਾਂ ਉਸ ਨਾਲੋਂ ਘੱਟ ਜ਼ਮੀਨ ਸੀ ਭਾਵ ਛੋਟਾ ਤੇ ਅਮਲੀ ਕਿਸਾਨ ਬੇਹੱਦ ਟੁੱਟਦਾ ਜਾ ਰਿਹਾ ਹੈ। ਕਿਸਾਨਾਂ ਨੂੰ ਲੈ ਕੇ ਲੋਕਾਂ ਵਿਚ ਸੰਵੇਦਨਾ ਜਗਾਉਣੀ ਪਵੇਗੀ। ਸਾਰੇ ਵਪਾਰਕ ਤੇ ਗ਼ੈਰ-ਸਰਕਾਰੀ ਸੰਗਠਨਾਂ ਦੀ ਵੀ ਜ਼ਿੰਮੇਵਾਰੀ ਹੈ ਕਿ ਉਹ ਕਿਸਾਨਾਂ ਨਾਲ ਜੁੜਨ, ਉਨ੍ਹਾਂ ਨੂੰ ਕਾਰੋਬਾਰ ਤੇ ਸਮਾਜ ਦਾ ਹਿੱਸਾ ਸਮਝਣ, ਤਾਂ ਹੀ ਟੁੱਟਦੇ ਜਾ ਰਹੇ ਕਿਸਾਨਾਂ ਨੂੰ ਨਵਾਂ ਮੰਚ ਮਿਲੇਗਾ। ਸਰਕਾਰੀ ਮਦਦ ਲਈ ਮੁਥਾਜ ਕਿਸਾਨ ਵੱਖ-ਵੱਖ ਸੰਗਠਨਾਂ ਦਾ ਸਾਥ ਮਿਲਣ ਨਾਲ ਮਾਨਸਿਕ ਤੌਰ 'ਤੇ ਮਜ਼ਬੂਤ ਹੋਵੇਗਾ, ਤਣਾਅ 'ਚੋਂ ਬਾਹਰ ਆਵੇਗਾ ਤੇ ਖੇਤੀਬਾੜੀ ਨੂੰ ਵਪਾਰਕ ਨਜ਼ਰੀਏ ਤੋਂ ਦੇਖੇਗਾ। ਇਸ ਦਾ ਫਾਇਦੇ ਜਿਥੇ ਉਸ ਦੀ ਜ਼ਿੰਦਗੀ ਬਚਾਉਣ ਵਿਚ ਮਿਲੇਗਾ, ਉਥੇ ਹੀ ਵਪਾਰਕ ਸੰਗਠਨ ਨਾਲ ਜੁੜੇ ਹੋਣ 'ਤੇ ਖੇਤੀ ਉਤਪਾਦਾਂ ਦੀ ਵਿਕਰੀ ਤੇ ਮਾਰਕੀਟਿੰਗ ਲਈ ਦੋਸਤਾਨਾ ਮਾਹੌਲ ਬਣੇਗਾ।

**-ਪਿੰਡ ਕੋਟਲੀ ਅਬਲੂ।**




# ਇੰਟਰਨੈਟ ਰਾਹੀਂ ਜਾਣਕਾਰੀ ਦਾ ਆਦਾਨ-ਪ੍ਰਦਾਨ ਕਿਸਾਨਾਂ ਲਈ ਲਾਹੇਵੰਦ

**ਜਸਪਾਲ ਸਿੰਘ ਢਿੱਲੋਂ**



ਇਸ ਵੇਲੇ ਆਧੁਨਿਕਤਾ ਹੁਣ ਹਰ ਖੇਤਰ 'ਚ ਦਾਖ਼ਲ ਹੋ ਚੁੱਕੀ ਹੈ, ਜਿਸ ਕਰ ਕੇ ਲੋਕ ਹੁਣ ਨਵੀਂ ਜਾਣਕਾਰੀ ਨੂੰ ਤਰਜੀਹ ਦੇਣ ਲੱਗੇ ਹਨ। ਇਸ ਦੌਰ ਅੰਦਰ ਬਹੁਤ ਸਾਰੇ ਅਗਾਂਹਵਧੂ ਕਿਸਾਨਾਂ ਨੇ ਇੰਟਰਨੈਟ ਸੇਵਾ ਨੂੰ ਅਪਣਾਉਣਾ ਸ਼ੁਰੂ ਕਰ ਦਿੱਤਾ ਹੈ। ਬਹੁਤ ਸਾਰੇ ਪੜੇ ਲਿਖੇ ਕਿਸਾਨ ਇਸ ਸਬੰਧੀ ਇੰਟਰਨੈੱਟ ਤੋਂ ਮੌਸਮ ਦੀ ਜਾਣਕਾਰੀ ਨੂੰ ਕਾਫ਼ੀ ਤਰਜੀਹ ਦੇਣ ਲੱਗੇ ਹਨ। ਇਸ ਵੇਲੇ ਰਾਜ ਦੇ ਬਹੁਤ ਸਾਰੇ ਕਿਸਾਨਾਂ ਨੇ ਵੈਟਸਐਪ 'ਤੇ ਆਪੋ-ਆਪਣੇ ਸਮੂਹ ਬਣਾਏ ਹਨ ਤੇ ਉਹ ਆਪਸ ਵਿਚ ਗਿਆਨ ਦਾ ਅਦਾਨ-ਪ੍ਰਦਾਨ ਤੇ ਮੰਡੀਕਰਨ ਸਬੰਧੀ ਜਾਣਕਾਰੀ ਵੀ ਦੂਜੇ ਕਿਸਾਨਾਂ ਤੱਕ ਪਹੁੰਚਾਉਂਦੇ ਹਨ। ਰਾਜਮੋਹਨ ਸਿੰਘ ਕਾਲੇਕਾ: ਇਸ ਸਬੰਧੀ ਰਾਜ ਪੁਰਸਕਾਰ ਵਿਜੇਤਾ ਰਾਜਮੋਹਨ ਸਿੰਘ ਕਾਲੇਕਾ ਦਾ ਕਹਿਣਾ ਹੈ ਕਿ ਇੰਟਰਨੈੱਟ ਸੇਵਾ ਕਿਸਾਨਾਂ ਲਈ ਵਰਦਾਨ ਹੈ, ਕਿਉਂਕਿ ਕਿਸਾਨ ਘਰ ਬੈਠੇ ਹੀ ਕੌਮੀ ਪੱਧਰ 'ਤੇ ਜਾਣਕਾਰੀ ਲੈ ਸਕਦੇ ਹਨ ਜਿਹੜੇ ਕਿਸਾਨ ਆਲੂ ਤੇ ਸਬਜ਼ੀਆਂ ਦੀ ਖੇਤੀ ਕਰਦੇ ਹਨ, ਉਹ ਲੋਕ ਘਰ ਬੈਠੇ ਹੀ ਦੂਜੀਆਂ ਮੰਡੀਆਂ ਦਾ ਭਾਅ ਜਾਣ ਸਕਦੇ ਹਨ। ਸ੍ਰੀ ਕਾਲੇਕਾ ਨੇ ਦੱਸਿਆ ਕਿ ਮੌਸਮ ਦੇ ਮਾਮਲੇ 'ਚ ਕਈ ਵਾਰ ਦਿੱਤੀ ਜਾਣਕਾਰੀ ਸਹੀ ਨਹੀਂ ਨਿਕਲਦੀ ਪਰ ਮੰਡੀਕਰਨ ਬਾਰੇ ਕਿਸਾਨ ਕਾਫ਼ੀ ਉਤਸ਼ਾਹਿਤ ਹਨ ਤੇ ਉਹ ਦੂਜੀਆਂ ਮੰਡੀਆਂ ਨਾਲ ਮੁਲਾਂਕਣ ਕਰ ਕੇ ਆਪਣੇ ਉਤਪਾਦ ਵੇਚ ਸਕਦੇ ਹਨ। ਉਨ੍ਹਾਂ ਦਾ ਕਹਿਣਾ ਹੈ ਕਿ ਕਿਸਾਨਾਂ ਨੂੰ ਵੀ ਇਸ ਸਬੰਧੀ ਜਾਣਕਾਰੀ ਲੈਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਲੋੜ ਮੁਤਾਬਿਕ ਸਾਰੇ ਹੀ ਕਿਸਾਨ ਨੂੰ ਇੰਟਰਨੈੱਟ ਸੇਵਾ ਦੀ ਜਾਣਕਾਰੀ ਹੋਣੀ ਚਾਹੀਦੀ ਹੈ। ਸ: ਕਾਲੇਕਾ ਦਾ ਸੁਝਾਅ ਹੈ ਕਿ ਸਰਕਾਰਾਂ ਨੂੰ ਅਗਾਊਂ ਹੀ ਫ਼ਸਲ ਬੀਜਣ ਤੋਂ ਪਹਿਲਾਂ ਫ਼ਸਲਾਂ ਦੇ ਭਾਅ ਐਲਾਨਣੇ ਚਾਹੀਦੇ ਹਨ, ਤਾਂ ਜੋ ਕਿਸਾਨ ਹੋਰਨਾਂ ਫ਼ਸਲਾਂ ਨੂੰ ਵੀ ਅਪਣਾ ਸਕਣ। ਉਨ੍ਹਾਂ ਕਿਹਾ ਕਿ ਜਿਨ੍ਹਾਂ ਕਿਸਾਨਾਂ ਨੂੰ ਗੂਗਲ ਦੀ ਜਾਣਕਾਰੀ ਹੈ ਉਹ ਕਿਸਾਨਾਂ ਦੂਜਿਆਂ ਨਾਲੋਂ ਅੱਗੇ ਹਨ।

ਗੁਰਪ੍ਰੀਤ ਸਿੰਘ ਸ਼ੇਰਗਿੱਲ : ਅੰਤਰਰਾਸ਼ਟਰੀ ਪੱਧਰ 'ਤੇ ਫੁੱਲਾਂ ਦੀ ਖੇਤੀ ਰਾਹੀਂ ਨਾਮਣਾ ਖੱਟਣ ਵਾਲੇ ਮੰਜਾਲ ਪਿੰਡ ਦੇ ਅਗਾਂਹਵਧੂ ਕਿਸਾਨ ਗੁਰਪ੍ਰੀਤ ਸਿੰਘ ਸ਼ੇਰਗਿੱਲ ਦਾ ਕਹਿਣਾ ਹੈ ਕਿ ਇਸ ਵੇਲੇ ਹਰ ਮਾਮਲੇ 'ਚ ਇੰਟਰਨੈਟ ਦਾ ਗਿਆਨ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ 'ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ' ਇਸ ਵੇਲੇ ਬਹੁਤ ਸਾਰੀ ਜਾਣਕਾਰੀ ਖਾਸਕਰ ਆਪਣਾ ਹਫ਼ਤਾਵਾਰੀ ਪੇਪਰ ਖੇਤੀ ਸੰਦੇਸ਼ ਵੀ ਇੰਟਰਨੈਟ 'ਤੇ ਪਾ ਦਿੰਦੇ ਹਨ, ਜਿਸ ਵਿਚ ਫ਼ਸਲਾਂ ਨੂੰ ਪੈਣ ਵਾਲੀਆਂ ਬਿਮਾਰੀਆਂ ਦੇ ਇਲਾਜ ਬਾਰੇ ਖੋਜ ਭਰਪੂਰ ਜਾਣਕਾਰੀ ਹੁੰਦੀ ਹੈ। ਉਨ੍ਹਾਂ ਹੋਰ ਕਿਹਾ ਕਿ ਇਸ ਸੇਵਾ ਰਾਹੀਂ ਕਿਸਾਨਾਂ ਨੂੰ ਕਈ ਪਾਬੰਦੀਸ਼ੁਦਾ ਉਤਪਾਦਾਂ ਦੀ ਵੀ ਜਾਣਕਾਰੀ ਮਿਲ ਜਾਂਦੀ ਹੈ। ਉਨ੍ਹਾਂ ਆਖਿਆ ਕਿ ਅੱਜ ਦੀ ਦੁਨੀਆ 'ਚ ਰਾਸ਼ਟਰੀ ਤੇ ਅੰਤਰਰਾਸ਼ਟਰੀ ਪੱਧਰ 'ਤੇ ਜਾਣਕਾਰੀ ਬਹੁਤ ਜ਼ਰੂਰੀ ਹੈ। ਉਨ੍ਹਾਂ ਹੋਰ ਕਿਹਾ ਕਿ ਇਸ ਸਬੰਧ 'ਚ ਜ਼ਿਲ੍ਹਾ ਪੱਧਰ 'ਤੇ ਕਿਸਾਨਾਂ ਦੇ ਆਪਸੀ ਸਮੂਹ ਬਣਾਏ ਜਾਣੇ ਚਾਹੀਦੇ ਹਨ ਤਾਂ ਜੋ ਗਿਆਨ ਦਾ ਅਦਾਨ-ਪ੍ਰਦਾਨ ਹੋ ਸਕੇ। ਅਜੋਕੇ ਸਮੇਂ ਅੰਦਰ ਆਧੁਨਿਕਤਾ ਦੀ ਬਹੁਤ ਹੀ ਸਖ਼ਤ ਜ਼ਰੂਰਤ ਹੈ। ਉਨ੍ਹਾਂ ਕਿਹਾ ਕਿ ਜੇਕਰ ਕਿਸਾਨਾਂ ਨੂੰ ਮੰਡੀਕਰਨ ਦੀ ਸਮਝ ਦੇ ਦਿੱਤੀ ਜਾਵੇ ਤਾਂ ਉਹ ਕਣਕ ਝੋਨੇ ਨੂੰ ਬਦਲ ਕੇ ਹੋਰਨਾਂ ਫ਼ਸਲਾਂ ਨੂੰ ਤਰਜੀਹ ਦੇ ਸਕਦੇ ਹਨ। ਉਨ੍ਹਾਂ ਆਖਿਆ ਕਿ ਬਹੁਤ ਸਾਰੇ ਕਿਸਾਨਾਂ ਵੱਲੋਂ ਬਣਾਏ ਵਟਸਐਪ ਸਮੂਹ ਉਨ੍ਹਾਂ ਨੂੰ ਬਹੁਤ ਹੀ ਜਾਣਕਾਰੀ ਦੇ ਕੇ ਅੱਗੇ ਲਿਜਾਉਣ 'ਚ ਸਹਾਈ ਹੋ ਰਹੇ ਹਨ।

ਜਤਿੰਦਰ ਸਿੰਘ ਸਿਊਣਾ: ਇਸ ਕਿਸਾਨ ਨੇ ਵੀ ਆਧੁਨਿਕਤਾ ਦੇ ਦੌਰ 'ਚ ਕਿਸਾਨਾਂ ਨੂੰ ਇੰਟਰਨੈੱਟ ਦਾ ਗਿਆਨ ਜ਼ਰੂਰੀ ਹੈ। ਇਸ ਸਬੰਧੀ ਸਰਕਾਰ ਖੇਤੀ ਵਿਭਾਗ ਰਾਹੀਂ ਕਿਸਾਨਾਂ ਨੂੰ ਜਾਗਰੂਕ ਕਰੇ ਉਨ੍ਹਾਂ ਦਾ ਸੁਝਾਅ ਹੈ ਕਿ ਇਸ ਸਬੰਧੀ ਖੇਤੀ ਵਿਭਾਗ ਜ਼ਿਲ੍ਹੇ ਅੰਦਰ ਅਤੇ ਇਸੇ ਤਰ੍ਹਾਂ ਪੰਜਾਬ ਅੰਦਰ ਕਿਸਾਨਾਂ ਦੇ ਸਮੂਹ ਬਣਾਏ ਜਾਣ ਤੇ ਉਨ੍ਹਾਂ ਨੂੰ ਖੇਤੀ ਵਿਭਾਗ ਸੰਦੇਸ਼ ਜਾਂ ਵਟਸਐਪ ਦੇ ਜ਼ਰੀਏ ਖੇਤੀ ਸਬੰਧੀ ਆਧੁਨਿਕ ਸੰਦੇਸ਼ ਭੇਜਣ ।

ਡਾ: ਰਵਿੰਦਰਪਾਲ ਸਿੰਘ ਚੱਠਾ: ਖੇਤੀ ਵਿਭਾਗ ਦੇ ਤਕਨੀਕੀ ਸਹਾਇਕ ਡਾ: ਰਵਿੰਦਰਪਾਲ ਸਿੰਘ ਚੱਠਾ ਦਾ ਕਹਿਣਾ ਹੈ ਕਿ ਪਹਿਲਾਂ ਖੇਤੀ ਵਿਭਾਗ ਕੈਂਪ ਲਗਾ ਕੇ ਜਾਣਕਾਰੀ ਦਿੰਦਾ ਸੀ। ਉਨ੍ਹਾਂ ਮੰਨਿਆ ਕਿ ਹੁਣ ਬਹੁਤ ਸਾਰੇ ਕਿਸਾਨ ਇੰਟਰਨੈੱਟ ਨੂੰ ਤਰਜੀਹ ਦੇਣ ਲੱਗੇ ਹਨ ਤੇ ਉਸ ਦਾ ਫ਼ਾਇਦਾ ਵੀ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਬਹੁ ਗਿਣਤੀ ਕਿਸਾਨ ਹੁਣ ਇੰਟਰਨੈੱਟ ਦੀ ਜਾਣਕਾਰੀ ਦੇਖ ਕੇ ਹੀ ਆਪਣੀ ਫ਼ਸਲ ਸਬੰਧੀ ਨਿਤਮਰਾ ਦੀ ਵਿਉਂਤਬੰਦੀ ਕਰਦੇ ਹਨ।

**-ਪਟਿਆਲਾ।**



# ਗੁਣਕਾਰੀ ਸਬਜ਼ੀ ਕੌੜੇ ਕਰੇਲੇ ਦਾ ਕਮਾਲ

**ਸ਼ੇਖ ਯਹਿਆ ਸਿੱਦੀਕੀ**



ਦੇਸ਼ ਭਰ ਵਿਚ ਮਿਲਣ ਵਾਲਾ ਸਸਤਾ ਜਿਹਾ ਕਰੇਲਾ ਬਹੁਤ ਜ਼ਿਆਦਾ ਗੁਣਕਾਰੀ ਸਬਜ਼ੀ ਹੈ। ਇਸ ਵਿਚ ਦਵਾਈ ਵਾਲੇ ਗੁਣ ਕੁੱਟ-ਕੁੱਟ ਕੇ ਭਰੇ ਹੁੰਦੇ ਹਨ। ਕਰੇਲਾ ਸ਼ੂਗਰ ਅਤੇ ਦਿਲ ਦੇ ਰੋਗੀਆਂ ਲਈ ਲਾਭਦਾਇਕ ਹੈ। ਆਮ ਤੌਰ 'ਤੇ ਇਸ ਦੀ ਵਰਤੋਂ ਤਾਂ ਸਬਜ਼ੀ ਦੇ ਰੂਪ ਵਿਚ ਹੁੰਦੀ ਹੈ ਪਰ ਇਸ ਦੀਆਂ ਛਿੱਲਾਂ, ਪੱਤੇ, ਜੜ੍ਹ, ਲਤਾਵਾਂ ਅਤੇ ਫੁੱਲਾਂ ਦੀ ਵੀ ਦਵਾਈ ਲਈ ਵਰਤੋਂ ਕੀਤੀ ਜਾਂਦੀ ਹੈ।

ਆਯੁਰਵੈਦ ਦੇ ਮੁਤਾਬਿਕ ਕਰੇਲਾ ਗਰਮ, ਹਲਕਾ ਅਤੇ ਸਵਾਦ ਵਿਚ ਪ੍ਰਚੰਡ ਕੌੜਾ ਹੁੰਦਾ ਹੈ। ਇਹ ਦਸਤਾਵਰ, ਵਾਤਦੋਸ਼ ਨਾਸ਼ਕ, ਜਵਰ, ਕਫ, ਪਿੱਤ, ਪ੍ਰਮੇਹ, ਪਾਂਡੂਰੋਗ ਅਤੇ ਕ੍ਰਿਮਿਨਾਸ਼ਕ ਹੁੰਦਾ ਹੈ। ਇਹ ਰੁਚੀਕਰ ਅਤੇ ਪਾਚਕ ਹੁੰਦਾ ਹੈ। ਇਸ ਵਿਚ ਪ੍ਰੋਟੀਨ, ਫਾਸਫੋਰਸ, ਲੋਹ, ਕੈਲਸ਼ੀਅਮ ਆਦਿ ਰਸਾਇਣਕ ਤੱਤ ਭਰਪੂਰ ਮਾਤਰਾ ਵਿਚ ਹੁੰਦੇ ਹਨ। ਵਿਟਾਮਿਨ 'ਸੀ' ਦੀ ਭਰਪੂਰਤਾ ਕਾਰਨ ਇਹ ਭੋਜਨ ਪਚਾਉਣ ਵਿਚ ਸਹਾਇਕ ਹੁੰਦਾ ਹੈ।

ਕਰੇਲੇ ਦਾ ਕੌੜਾਪਨ ਮਨੁੱਖੀ ਸਿਹਤ ਲਈ ਲਾਭਦਾਇਕ ਹੁੰਦਾ ਹੈ। ਕੌੜੇ ਰਸ ਕਾਰਨ ਸ਼ੂਗਰ ਰੋਗ ਵਿਚ ਵਿਸ਼ੇਸ਼ ਲਾਭਦਾਇਕ ਹੁੰਦਾ ਹੈ। ਜੇ ਕਰੇਲੇ ਦੇ ਰਸ ਦਾ ਨਿਯਮਤ ਸੇਵਨ ਕੀਤਾ ਜਾਵੇ ਤਾਂ ਖੂਨ ਸ਼ਰਕਰਾ ਨੂੰ ਕਾਬੂ ਕੀਤਾ ਜਾ ਸਕਦਾ ਹੈ। ਇਸ ਲਈ ਬ੍ਰਿਟਿਸ਼ ਵਿਗਿਆਨੀਆਂ ਨੇ ਕਰੇਲੇ ਨੂੰ ਪਲਾਂਟ ਇਨਸੁਲਿਨ ਦੀ ਉਪਾਧੀ ਦਿੱਤੀ ਹੈ। ਇਸ ਦੇ ਸੇਵਨ ਨਾਲ ਕੋਲੈਸਟ੍ਰੋਲ ਨੂੰ ਵੀ ਕਾਬੂ ਕੀਤਾ ਜਾ ਸਕਦਾ ਹੈ।

ਕਰੇਲਾ ਮਾਂ ਦੇ ਦੁੱਧ ਵਿਚ ਵਿਆਪਤ ਮੋਟਾਪੇ ਅਤੇ ਕਈ ਵਿਕਾਰਾਂ ਨੂੰ ਦੂਰ ਕਰਦਾ ਹੈ। ਗਰਮ ਹੋਣ ਕਾਰਨ ਔਰਤਾਂ ਦੇ ਪੀੜਾਦਾਇਕ ਮਾਸਕ ਸ੍ਰਾਵ ਵਿਚ ਲਾਭਦਾਇਕ ਹੁੰਦਾ ਹੈ। ਇਸ ਤੋਂ ਇਲਾਵਾ ਗਠੀਆ ਰੋਗੀ ਨੂੰ ਕਰੇਲੇ ਦਾ ਰਸ ਲਗਾਉਣਾ ਚਾਹੀਦਾ ਹੈ ਅਤੇ ਰੋਗੀਆਂ ਨੂੰ ਉਬਲਿਆ ਕਰੇਲਾ ਖਵਾਉਣਾ ਚਾਹੀਦਾ ਹੈ। ਕਰੇਲਾ ਨਾ ਮਿਲੇ ਤਾਂ ਇਸ ਦੇ ਪੱਤੇ ਅਤੇ ਲਤਾਵਾਂ ਨੂੰ ਵੀ ਵਰਤੋਂ ਵਿਚ ਲਿਆਂਦਾ ਜਾ ਸਕਦਾ ਹੈ। ਦਸਤਾਵਰ ਹੋਣ ਦੇ ਕਾਰਨ ਕਰੇਲਾ ਕਬਜ਼ ਰੋਗਨਾਸ਼ਕ ਹੁੰਦਾ ਹੈ। ਇਹ ਦਿਲ ਦੀ ਕਿਰਿਆਸ਼ੀਲਤਾ ਵਧਾ ਕੇ ਪਾਚਕ ਪਿੱਤ ਦਾ ਸ੍ਰਾਵ ਵਧਾਉਂਦਾ ਹੈ। ਬਵਾਸੀਰ ਦੇ ਰੋਗੀ ਨੂੰ ਕਰੇਲੇ ਦੇ ਪੱਤਿਆਂ ਦੇ ਨਾਲ ਦਹੀਂ ਦਾ ਸੇਵਨ ਕਰਨਾ ਚਾਹੀਦਾ ਹੈ। ਖ਼ੂਨੀ ਬਵਾਸੀਰ ਵਿਚ ਇਕ ਚਮਚ ਕਰੇਲੇ ਦੇ ਰਸ ਵਿਚ ਸ਼ੱਕਰ ਮਿਲਾ ਕੇ ਕੁਝ ਦਿਨਾਂ ਤੱਕ ਸੇਵਨ ਕਰਨ ਨਾਲ ਲਾਭ ਹੁੰਦਾ ਹੈ। ਯਕ੍ਰਤ ਰੋਗ ਵਿਚ ਇਸ ਦਾ ਰਸ ਲਾਭਕਾਰੀ ਹੁੰਦਾ ਹੈ। ਤਿੱਲੀ ਵਧ ਜਾਣ 'ਤੇ 25 ਮਿਲੀ: ਕਰੇਲੇ ਦਾ ਰਸ ਪਾਣੀ ਵਿਚ ਮਿਲਾ ਕੇ ਪੀਣ ਨਾਲ ਸੋਜ ਘੱਟ ਹੋ ਜਾਂਦੀ ਹੈ।ਕਰੇਲਾ ਚਮੜੀ ਰੋਗਾਂ ਜਿਵੇਂ ਫੋੜੇ, ਫਿਨਸੀਆਂ, ਖੁਜਲੀ ਅਤੇ ਖ਼ੂਨ ਦੀ ਖਰਾਬੀ ਵਿਚ ਬਹੁਤ ਗੁਣਕਾਰੀ ਹੁੰਦਾ ਹੈ। ਇਹ ਖ਼ੂਨ ਨੂੰ ਸਾਫ ਕਰਦਾ ਹੈ। ਦਾਦ-ਖਾਜ ਦੇ ਰੋਗੀ ਉਬਲੇ ਹੋਏ ਕਰੇਲੇ ਨੂੰ ਨਿੰਬੂ ਰਸ, ਸ਼ਹਿਦ ਅਤੇ ਅਜ਼ਵਾਇਣ ਦੇ ਨਾਲ ਹਰ ਰੋਜ਼ ਸਵੇਰੇ-ਸ਼ਾਮ ਸੇਵਨ ਕਰਨ। ਕਾਫੀ ਲਾਭਦਾਇਕ ਹੋਵੇਗਾ।



# ਕੁਦਰਤੀ ਵਸੀਲਿਆਂ ਬਾਰੇ ਜਾਗਣ ਦਾ ਵੇਲਾ

**ਸਿਮਰਨਜੀਤ ਕੌਰ ਲੋਚੀ**



ਰੱਬ ਨਾ ਕਰੇ, ਕਦੀ ਸਾਨੂੰ ਹਸਪਤਾਲ ਜਾਣਾ ਪਏ ਤਾਂ ਪਤਾ ਲੱਗਦਾ ਹੈ ਕਿ ਰੱਬ ਨੇ ਸਾਨੂੰ ਜਿਹੜੀ ਜ਼ਿੰਦਗੀ ਦਿੱਤੀ ਹੈ ਉਹ ਹੀ ਸਭ ਤੋਂ ਵਡਮੁੱਲਾ ਖ਼ਜ਼ਾਨਾ ਹੈ ਅਤੇ ਅਸੀਂ ਜੇਕਰ ਸਾਰੀ ਉਮਰ ਸਿਰਫ਼ ਇਸ ਦੇਹ ਲਈ ਹੀ ਰੱਬ ਦਾ ਸ਼ੁਕਰਾਨਾ ਕਰੀਏ ਤਾਂ ਵੀ ਘੱਟ ਹੈ ਪਰ ਸ਼ੁਕਰਾਨਾ ਤਾਂ ਸਾਡੇ ਚਿੱਤ-ਚੇਤੇ ਵੀ ਨਹੀਂ। ਸਾਡਾ ਤਾਂ ਸਾਰਾ ਦਿਨ ਇਨ੍ਹਾਂ ਫਿਕਰਾਂ ਵਿਚ ਹੀ ਨਿਕਲ ਜਾਂਦਾ ਹੈ ਕਿ ਸਰਕਾਰਾਂ ਇਹ ਨਹੀਂ ਕਰ ਰਹੀਆਂ, ਸਰਕਾਰਾਂ ਉਹ ਨੀ ਕਰ ਰਹੀਆਂ, ਇਹ ਕਿ ਲੋਕਾਂ ਨੂੰ ਚਾਹੀਦਾ ਹੈ ਕਿ ਉਹ ਪਾਣੀ ਬਚਾਉਣ ਨਹੀਂ ਤਾਂ ਧਰਤੀ ਬੰਜਰ ਬਣ ਜਾਵੇਗੀ, ਇਹ ਕਿ ਕਿਸੇ ਹੋਰ ਦੇਸ਼ ਦੇ ਕਿਸਾਨ ਆਪਣੇ ਖੇਤਾਂ ਵਿਚ ਰੁੱਖ ਲਗਾ ਲੈਣ, ਸਰਕਾਰਾਂ ਬਿਜਲੀ ਦੀ ਸਪਲਾਈ ਨਿਰਵਿਘਨ ਦੇਣ ਅਤੇ ਉਹ ਵੀ ਘੱਟ ਤੋਂ ਘੱਟ ਮੁੱਲ 'ਤੇ, ਫਿਰ ਅਸੀਂ ਭਾਵੇਂ ਜਿਵੇਂ ਮਰਜ਼ੀ ਘਰਾਂ-ਦਫ਼ਤਰਾਂ ਵਿਚ ਬਿਜਲੀ ਦੀ ਬਰਬਾਦੀ ਕਰ ਸਕੀਏ, ਅਸੀਂ ਇਕ ਬਾਲਟੀ ਪਾਣੀ ਦੀ ਥਾਂ ਭਾਵੇਂ ਦਸ ਡਰੰਮ ਵਰਤੀਏ ਪਰ ਮਨ ਵਿਚ ਝੂਰਦੇ ਹਾਂ ਕਿ ਗੁਆਂਢੀ ਦੇਖੋ ਕਿੱਦਾਂ ਸਬਮਰਸੀਬਲ ਦੀ ਦੁਰਵਰਤੋਂ ਕਰਦੇ ਹੋਏ ਧਰਤੀ ਹੇਠਲੇ ਪਾਣੀ ਨੂੰ ਅਜਾਈਂ ਗਵਾ ਰਹੇ ਹਨ, ਇਨ੍ਹਾਂ ਨੂੰ ਜ਼ਰੂਰ ਰੋਕਣਾ ਚਾਹੀਦਾ ਹੈ। ਧਰਤੀ ਦਾ ਤਾਪਮਾਨ ਜੋ ਦਿਨ-ਪ੍ਰਤੀ-ਦਿਨ ਵਧਦਾ ਜਾ ਰਿਹਾ ਹੈ, ਉਸ ਨੂੰ ਵਿਗਿਆਨੀ ਚਮਤਕਾਰੀ ਢੰਗ ਨਾਲ ਕਾਬੂ ਕਰ ਲੈਣ, ਕਿਸੇ ਹੋਰ ਗ੍ਰਹਿ ਤੋਂ ਪ੍ਰਾਣੀ ਆਉਣ ਅਤੇ ਉਹ ਰਾਤੋ-ਰਾਤ ਸਾਡੇ ਪਿਘਲਦੇ ਹੋਏ ਗਲੇਸ਼ੀਅਰਾਂ ਨੂੰ ਜਮਾ ਜਾਣ ਪਰ ਅਸੀਂ ਖੁਦ ਕੀ ਕਰਨਾ ਹੈ ਆਖ਼ਰ? ਉਹ! ਇਹ ਤਾਂ ਕਦੀ ਸੋਚਿਆ ਹੀ ਨਹੀਂ ਕਿ ਅਸੀਂ ਵੀ ਕੁਝ ਕਰ ਸਕਦੇ ਹਾਂ।

ਅਸੀਂ ਸਾਰੇ ਚਿੰਤਾ ਤਾਂ ਬਹੁਤ ਕਰਦੇ ਹਾਂ ਪਰ ਅਫ਼ਸੋਸ ਕਰ ਕੁਝ ਨਹੀਂ ਰਹੇ। ਸਾਨੂੰ ਇਹ ਜ਼ਰੂਰ ਹੈ ਕਿ ਅਸੀਂ ਆਪਣੇ ਬੱਚਿਆਂ ਤੇ ਉਨ੍ਹਾਂ ਦੇ ਵੀ ਬੱਚਿਆਂ ਲਈ ਬੈਂਕ ਤਾਂ ਭਰ ਦੇਈਏ ਭਾਵੇਂ ਉਹ ਕੁਦਰਤ ਦੀ ਕੁਰਬਾਨੀ ਦੇ ਕੇ ਹੀ ਸੰਭਵ ਕਿਉਂ ਨਾ ਹੋਵੇ ਪਰ ਇਹ ਕਦੀ ਨਹੀਂ ਸੋਚਦੇ ਕਿ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਦਾ ਅਸਲ ਸਰਮਾਇਆ ਸਾਫ਼-ਸੁਥਰੀ ਹਵਾ, ਸ਼ੁੱਧ ਪਾਣੀ ਅਤੇ ਸੁਖਾਵਾਂ ਅਤੇ ਖੁੱਲ੍ਹਾ ਵਾਤਾਵਰਨ ਹਨ।

ਫਿਰ ਅਸਲ ਵਿਚ ਅਸੀਂ ਕਰਨਾ ਕੀ ਹੈ? ਮੇਰਾ ਮਕਸਦ ਤੁਹਾਨੂੰ ਕੋਈ ਬਹੁਤ ਡੂੰਘਾ ਗਿਆਨ ਦੇਣਾ ਨਹੀਂ ਹੈ। ਤੁਸੀਂ ਕੁਝ ਛੋਟੀਆਂ-ਛੋਟੀਆਂ ਚੀਜ਼ਾਂ ਨੂੰ ਸੋਚਣਾ ਹੈ, ਮਹਿਸੂਸ ਕਰਨਾ ਹੈ ਤੇ ਫਿਰ ਜੋ ਤੁਹਾਡਾ ਦਿਲ ਕਰੇ, ਤੁਸੀਂ ਉਹ ਕਰਨਾ ਹੈ।

× ਵਣ-ਮਹਾਂ ਉਤਸਵ 'ਤੇ ਸਿਰਫ਼ ਫੋਟੋਆਂ ਨਾ ਖਿਚਵਾਈਆਂ ਜਾਣ, ਸਗੋਂ ਪਿਛਲੇ ਸਾਲ ਲਗਾਏ ਹੋਏ ਬੂਟਿਆਂ ਦੇ ਵਾਧੇ ਦਾ ਵੇਰਵਾ ਦਿੱਤਾ ਜਾਵੇ ਅਤੇ ਨਵੇਂ ਬੂਟੇ ਲਗਾਏ ਜਾਣ।

× ਜਿੱਥੇ ਵੀ ਕਿਤੇ ਖਾਲੀ ਥਾਂ ਵੇਖੀਏ, ਖਾਸ ਕਰਕੇ ਸਕੂਲਾਂ, ਕਾਲਜਾਂ, ਹਸਪਤਾਲਾਂ, ਪੈਟਰੋਲ ਪੰਪਾਂ, ਧਾਰਮਿਕ ਸਥਾਨਾਂ, ਪਿੰਡਾਂ ਦੀ ਫਿਰਨੀ ਆਦਿ 'ਤੇ ਵੱਧ ਤੋਂ ਵੱਧ ਰੁੱਖ ਲਗਾਈਏ ਅਤੇ ਹੋਰਾਂ ਨੂੰ ਵੀ ਪ੍ਰੇਰਿਤ ਕਰੀਏ।

× ਸਵੱਛ ਭਾਰਤ ਅਭਿਆਨ ਨਾਲ ਜੁੜੀਏ, ਆਪਣਾ ਆਲਾ-ਦੁਆਲਾ ਸਾਫ਼ ਰੱਖੀਏ ਅਤੇ ਆਪਣੇ ਬੱਚਿਆਂ ਨੂੰ ਵੀ ਸਾਫ਼-ਸਫ਼ਾਈ ਲਈ ਪ੍ਰੇਰੀਏ।

× ਹਰ ਸਾਲ ਆਪਣੇ ਕਿਸੇ ਖਾਸ ਪਰਿਵਾਰਕ ਮੌਕੇ 'ਤੇ ਕਿਸੇ ਗਰੀਬ ਪਰਿਵਾਰ ਨੂੰ ਫ਼ਲਾਂ ਦੇ ਦੋ ਬੂਟੇ ਆਪਣੀ ਕਿਸੇ ਥਾਂ 'ਤੇ ਲਗਾ ਕੇ ਦਿੱਤੇ ਜਾਣ।

× ਆਪਣੇ ਘਰ ਦੇ ਬਾਹਰ ਇਕ ਕਟੋਰਾ ਜਾਨਵਰਾਂ ਦੇ ਪਾਣੀ ਤੇ ਰੋਟੀ ਲਈ ਰੱਖੀਏ, ਦੂਜਾ ਕਟੋਰਾ ਛੱਤ 'ਤੇ ਪੰਛੀਆਂ ਦੇ ਪਾਣੀ ਲਈ ਅਤੇ ਦਾਣੇ ਰੱਖੀਏ।

ਸੋ ਅੱਜ ਹੀ ਕੁਦਰਤ ਦਾ ਘਾਣ ਨਾ ਕਰਨ ਦੀ ਸਹੁੰ ਖਾਈਏ ਅਤੇ ਕੁਦਰਤ ਪ੍ਰਤੀ ਆਪਣੇ ਫਰਜ਼ ਨਿਭਾਈਏ।

**-ਰਣਜੀਤ ਕਾਲੋਨੀ, ਸੰਗਰੂਰ**

## ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿੱਖੇ 53ਵੀਂ ਆਲ ਇੰਡੀਆ ਦਰਾਵਿੜੀਅਨ ਲਿੰਗੁਇਸਟਸ ਕਾਨਫ਼ਰੰਸ ਅੱਜ ਤੋਂ ਸ਼ੁਰੂ



ਨਵੀਂ ਦਿੱਲੀ, 18 ਜੂਨ (ਸੁਖਰਾਜ ਸਿੰਘ): ਪੰਜਾਬੀ ਯੂਨੀਵਰਸਿਟੀ, ਪਟਿਆਲਾ ਵਿੱਖੇ ਉਪ-ਕੁਲਪਤੀ ਡਾ. ਜਗਦੀਪ ਸਿੰਘ ਦੀ ਪ੍ਰਵਾਨਗੀ ਨਾਲ ਸੈਂਟਰਲ ਇੰਸਟੀਚਿਊਟ ਆਫ਼ ਇੰਡੀਅਨ ਲੈਂਗੁਏਜਿਜ਼, ਮੈਸੂਰ (ਕਰਨਾਟਕ) ਅਤੇ ਆਈ.ਸੀ. ਐਸ. ਐਸ. ਆਰ. ਨਵੀਂ ਦਿੱਲੀ ਦੇ ਵਿਸ਼ੇਸ਼ ਸਹਿਯੋਗ ਨਾਲ ਮਿਤੀ 18 ਤੋਂ 20 ਜੂਨ, 2026 ਤੱਕ 53ਵੀਂ ਆਲ ਇੰਡੀਆ ਦਰਾਵਿੜੀਅਨ ਲਿੰਗੁਇਸਟਸ ਕਾਨਫ਼ਰੰਸ ਆਯੋਜਿਤ ਕੀਤੀ ਜਾ ਰਹੀ ਹੈ। ਇਸ ਕਾਨਫ਼ਰੰਸ ਦੀ ਅਗਵਾਈ ਪੰਜਾਬੀ ਵਿਭਾਗ, ਭਾਸ਼ਾ ਵਿਗਿਆਨ ਅਤੇ ਪੰਜਾਬੀ ਕੋਸ਼ਕਾਰੀ ਵਿਭਾਗ, ਪੰਜਾਬੀ ਲਿੰਗੁਇਸਟਿਕਸ ਐਸੋਸੀਏਸ਼ਨ ਪਟਿਆਲਾ, ਦਰਾਵਿੜੀਅਨ ਲਿੰਗੁਇਸਟਿਕ ਐਸੋਸੀਏਸ਼ਨ ਅਤੇ ਇੰਟਰਨੈਸ਼ਨਲ ਸਕੂਲ ਆਫ਼ ਦਰਾਵਿੜੀਅਨ ਲਿੰਗੁਇਸਟਿਕ ਤਿਰੁਵਨੰਥਪੁਰਮ (ਕੇਰਲ) ਵੱਲੋਂ ਸਾਂਝੇ ਤੌਰ 'ਤੇ ਕੀਤੀ ਜਾ ਰਹੀ ਹੈ। ਇਸ ਕਾਨਫ਼ਰੰਸ ਸਬੰਧੀ ਕਾਨਫ਼ਰੰਸ ਦੇ ਆਰਗੇਨਾਈਜਿੰਗ ਸਕੱਤਰ ਅਤੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਪੰਜਾਬੀ ਵਿਭਾਗ ਦੇ ਮੁੱਖੀ ਡਾ. ਰਾਜਵੰਤ ਕੌਰ ਪੰਜਾਬੀ ਨੇ ਦੱਸਿਆ ਕਿ ਕਾਨਫਰੰਸ ਦਾ ਉਦਘਾਟਨ 18 ਜੂਨ ਨੂੰ ਪੰਜਾਬੀ ਯੂਨੀਵਰਸਿਟੀ ਦੇ ਸੈਨੇਟ ਹਾਲ ਵਿੱਖੇ ਸਵੇਰੇ 10 ਵਜੇ ਕੀਤਾ ਜਾਵੇਗਾ। ਆਰੰਭ ਵਿਚ ਡਾ. ਰਾਜਵੰਤ ਕੌਰ ਪੰਜਾਬੀ ਵੱਲੋਂ ਜੀ ਆਇਆ ਉਪਰੰਤ ਪੰਜਾਬ ਲਿੰਗੂਇਸਟਿਕਸ ਐਸੋਸੀਏਸ਼ਨ ਦੇ ਪ੍ਰਧਾਨ ਡਾ. ਭੁਪਿੰਦਰ ਸਿੰਘ ਖਹਿਰਾ ਕਾਨਫਰੰਸ ਬਾਰੇ ਵਿਸਤਰਿਤ ਚਰਚਾ ਕਰਨਗੇ ਅਤੇ ਉਪ-ਕੁਲਪਤੀ ਡਾ. ਜਗਦੀਪ ਸਿੰਘ ਪ੍ਰਧਾਨਗੀ ਭਾਸ਼ਣ ਦੇਣਗੇ। ਇਸ ਦੌਰਾਨ ਤਾਮਿਲਨਾਡੂ ਯੂਨੀਵਰਸਿਟੀ ਦੇ ਸਾਬਕਾ ਵਾਈਸ-ਚਾਂਸਲਰ ਪ੍ਰੋਫ਼ੈਸਰ ਕੇ.ਕਰੁਣਾਕਰਨ ਵਿਸ਼ੇਸ਼ ਮਹਿਮਾਨ ਹੋਣਗੇ ਜਦੋਂ ਕਿ ਅਲੀਗੜ੍ਹ ਮੁਸਲਿਮ ਯੂਨੀਵਰਸਿਟੀ, ਅਲੀਗੜ੍ਹ ਦੇ ਭਾਸ਼ਾ ਵਿਗਿਆਨ ਦੇ ਪ੍ਰੋਫ਼ੈਸਰ ਐਮ.ਜੇ. ਵਾਰਸੀ ਆਪਣਾ ਕੀ-ਨੋਟ ਐਡਰੇਸ ਪੜ੍ਹਨਗੇ। ਇਸੇ ਦੌਰਾਨ ਆਈ.ਐਸ.ਡੀ.ਐਲ. ਦੇ ਡਾਇਰੈਕਟਰ ਜੀ.ਕੇ. ਪਾਨੀਕਰ ਵੀ.ਆਈ. ਸੁਬਰਾਮਨੀਅਮ ਸ਼ਤਾਬਦੀ ਭਾਸ਼ਣ ਦੇਣਗੇ। ਉਦਘਾਟਨੀ ਸੈਸ਼ਨ ਦੇ ਅੰਤ ਵਿਚ ਯੂਨੀਵਰਸਿਟੀ ਦੇ ਡੀਨ ਅਕਾਦਮਿਕ ਮਾਮਲੇ ਡਾ. ਜਸਵਿੰਦਰ ਸਿੰਘ ਬਰਾੜ ਧੰਨਵਾਦੀ ਬੋਲ ਸਾਂਝੇ ਕਰਨਗੇ।

## ਪਿੰਡ ਮਾਈਸਰਖਾਨਾ ਵਿਖੇ ਜੇ.ਕੇ. ਸੀਮੈਂਟ ਦੇ ਪ੍ਰੋਜੈਕਟ ਖਿਲਾਫ਼ ਜਨਤਕ ਸੁਣਵਾਈ ਦੌਰਾਨ ਲੋਕਾਂ ਨੇ ਜਤਾਏ ਇਤਰਾਜ਼






ਆਜ਼ਾਦ ਸੋਚ
ਪਰਮਜੀਤ ਸਿੰਘ ਪੰਮਾ
ਮੌੜ ਮੰਡੀ, 18 ਜੂਨ
==========================

ਪਿੰਡ ਮਾਈਸਰਖਾਨਾ ਵਿਖੇ ਜੇ.ਕੇ. ਸੀਮੈਂਟ ਲਿਮਟਿਡ ਵੱਲੋਂ ਸਥਾਪਿਤ ਕੀਤੇ ਜਾਣ ਵਾਲੇ ਨਵੇਂ ਸੀਮੈਂਟ ਪ੍ਰੋਜੈਕਟ ਸਬੰਧੀ ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਵੱਲੋਂ ਬੁੱਧਵਾਰ ਨੂੰ ਜਨਤਕ ਸੁਣਵਾਈ ਕਰਵਾਈ ਗਈ। ਇਸ ਦੌਰਾਨ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ, ਸਮਾਜਿਕ ਕਾਰਕੁਨਾਂ, ਪ੍ਰਸ਼ਾਸਨਿਕ ਅਧਿਕਾਰੀਆਂ ਅਤੇ ਕੰਪਨੀ ਦੇ ਨੁਮਾਇੰਦਿਆਂ ਨੇ ਹਿੱਸਾ ਲਿਆ ਸੁਣਵਾਈ ਵਿੱਚ ਏ.ਡੀ.ਸੀ. ਵੈਲਫੇਅਰ ਕੰਚਨ, ਐਸ.ਡੀ.ਐਮ. ਮੌੜ ਗੁਰਵਿੰਦਰ ਸਿੰਘ, ਪ੍ਰਦੂਸ਼ਣ ਰੋਕਥਾਮ ਬੋਰਡ ਦੇ ਅਧਿਕਾਰੀ ਜਗਪ੍ਰੀਤ ਸਿੰਘ ਅਤੇ ਕੰਪਨੀ ਦੇ ਨੁਮਾਇੰਦੇ ਮੌਜੂਦ ਰਹੇ। ਕੰਪਨੀ ਦੀ ਅਧਿਕਾਰੀ ਸਵਾਨੀ ਨੇ ਪ੍ਰੋਜੈਕਟ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕਰੀਬ 490 ਕਰੋੜ ਰੁਪਏ ਦੀ ਲਾਗਤ ਨਾਲ 66 ਏਕੜ ਰਕਬੇ ਵਿੱਚ 3 ਮਿਲੀਅਨ ਟਨ ਸਾਲਾਨਾ ਸਮਰੱਥਾ ਵਾਲੀ ਕਲਿੰਕਰ ਗ੍ਰਾਈਡਿੰਗ ਯੂਨਿਟ ਸਥਾਪਿਤ ਕੀਤੀ ਜਾਵੇਗੀ। ਪ੍ਰੋਜੈਕਟ ਅਧੀਨ ਰੇਲਵੇ ਸਾਈਡਿੰਗ, ਵੈਗਨ ਟਿੱਪਰ ਅਤੇ ਬਿਜਲੀ ਬੈਕਅੱਪ ਲਈ ਡੀਜ਼ਲ ਜਨਰੇਟਰ ਵੀ ਲਗਾਇਆ ਜਾਵੇਗਾ।ਕੰਪਨੀ ਅਤੇ ਬੋਰਡ ਦੇ ਅਧਿਕਾਰੀਆਂ ਨੇ ਦਾਅਵਾ ਕੀਤਾ ਕਿ ਪ੍ਰੋਜੈਕਟ ਵਿੱਚ ਵਾਤਾਵਰਣ ਸੁਰੱਖਿਆ ਲਈ ਆਧੁਨਿਕ ਤਕਨੀਕਾਂ ਦੀ ਵਰਤੋਂ ਕੀਤੀ ਜਾਵੇਗੀ ਅਤੇ ਹਵਾ ਤੇ ਪਾਣੀ ਦੇ ਪ੍ਰਦੂਸ਼ਣ ਨੂੰ ਰੋਕਣ ਲਈ ਨਿਯਮਾਂ ਦੀ ਪਾਲਣਾ ਕੀਤੀ ਜਾਵੇਗੀ।

ਇਸ ਤੋਂ ਇਲਾਵਾ ਗ੍ਰੀਨ ਬੈਲਟ ਵਿਕਸਤ ਕਰਨ ਦਾ ਵੀ ਭਰੋਸਾ ਦਿੱਤਾ ਗਿਆ। ਦੂਜੇ ਪਾਸੇ ਜਨਤਕ ਸੁਣਵਾਈ ਦੌਰਾਨ ਕਈ ਪਿੰਡ ਵਾਸੀਆਂ ਅਤੇ ਸਮਾਜਿਕ ਆਗੂਆਂ ਨੇ ਪ੍ਰੋਜੈਕਟ ਦਾ ਵਿਰੋਧ ਕੀਤਾ। ਲੱਖਾ ਸਿਧਾਣਾ ਸਮੇਤ ਹੋਰ ਬੁਲਾਰਿਆਂ ਨੇ ਕਿਹਾ ਕਿ ਕੰਪਨੀ ਵੱਲੋਂ ਪੇਸ਼ ਕੀਤੀ ਗਈ ਵਾਤਾਵਰਣ ਪ੍ਰਭਾਵ ਮੁਲਾਂਕਣ ਈ.ਆਈ.ਏ.ਰਿਪੋਰਟ ਹਕੀਕਤਾਂ ਤੋਂ ਉਲਟ ਹੈ ਅਤੇ ਇਸ ਨਾਲ ਇਲਾਕੇ ਦੇ ਵਾਤਾਵਰਣ, ਖੇਤੀਬਾੜੀ ਅਤੇ ਲੋਕਾਂ ਦੀ ਸਿਹਤ 'ਤੇ ਮਾੜਾ ਅਸਰ ਪੈ ਸਕਦਾ ਹੈ।

ਉਨ੍ਹਾਂ ਮੰਗ ਕੀਤੀ ਕਿ ਲੋਕਾਂ ਦੀਆਂ ਚਿੰਤਾਵਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਪ੍ਰੋਜੈਕਟ ਨੂੰ ਮਨਜ਼ੂਰੀ ਨਾ ਦਿੱਤੀ ਜਾਵੇ।ਇਸ ਮੌਕੇ ਰੇਸ਼ਮ ਸਿੰਘ ਯਾਤਰੀ, ਅਮਨਦੀਪ ਸਿੰਘ ਟੋਹਾਣਾ, ਐਡਵੋਕੇਟ ਸਤਵਿੰਦਰ ਕੌਰ ਸੇਖੋਂ, ਜਸਕੀਰਤ ਸਿੰਘ, ਗੁਰਸਿੰਦਰ ਸਿੰਘ, ਸੰਘਰਸ਼ ਕਮੇਟੀ ਤਲਵੰਡੀ ਅਕਲੀਆ, ਬਾਬੂ ਸਿੰਘ ਮਾਨ ਅਤੇ ਹੋਰ ਆਗੂਆਂ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ। ਸੁਣਵਾਈ ਦੇ ਅੰਤ ਵਿੱਚ ਬੋਰਡ ਅਧਿਕਾਰੀਆਂ ਨੇ ਭਰੋਸਾ ਦਿਵਾਇਆ ਕਿ ਜਨਤਾ ਵੱਲੋਂ ਦਰਜ ਕਰਵਾਏ ਗਏ ਸਾਰੇ ਇਤਰਾਜ਼ਾਂ ਅਤੇ ਸੁਝਾਵਾਂ ਨੂੰ ਰਿਪੋਰਟ ਦਾ ਹਿੱਸਾ ਬਣਾਕੇ ਅਗਲੀ ਕਾਰਵਾਈ ਲਈ ਉੱਚ ਅਧਿਕਾਰੀਆਂ ਅਤੇ ਵਾਤਾਵਰਣ ਮੰਤਰਾਲੇ ਕੋਲ ਭੇਜਿਆ ਜਾਵੇਗਾ।

## ਡੇਂਗੂ-ਮਲੇਰੀਆ ਰੋਕਥਾਮ ਲਈ ਨਗਰ ਨਿਗਮ ਦੀ ਮੁਹਿੰਮ ਤੇਜ਼, ਲਾਰਵੀਸਾਈਡ ਸਪਰੇਅ ਜਾਰੀ

ਬਠਿੰਡਾ, 18 ਜੂਨ ਪਰਮਜੀਤ ਸਿੰਘ ਪੰਮਾ ਮਾਨਸੂਨ ਸੀਜ਼ਨ ਨੂੰ ਧਿਆਨ ਵਿੱਚ ਰੱਖਦਿਆਂ ਨਗਰ ਨਿਗਮ ਬਠਿੰਡਾ ਵੱਲੋਂ ਡੇਂਗੂ ਅਤੇ ਮਲੇਰੀਆ ਵਰਗੀਆਂ ਮੱਛਰ-ਜਨਿਤ ਬਿਮਾਰੀਆਂ ਦੀ ਰੋਕਥਾਮ ਲਈ ਵਿਸ਼ੇਸ਼ ਮੁਹਿੰਮ ਨੂੰ ਹੋਰ ਤੇਜ਼ ਕਰ ਦਿੱਤਾ ਗਿਆ ਹੈ। ਸਿਹਤ ਵਿਭਾਗ ਦੇ ਸਹਿਯੋਗ ਨਾਲ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਲਾਰਵੀਸਾਈਡ ਸਪਰੇਅ ਕੀਤੀ ਜਾ ਰਹੀ ਹੈ ਤਾਂ ਜੋ ਮੱਛਰਾਂ ਦੇ ਲਾਰਵੇ ਨੂੰ ਸ਼ੁਰੂਆਤੀ ਪੱਧਰ 'ਤੇ ਹੀ ਨਸ਼ਟ ਕੀਤਾ ਜਾ ਸਕੇ। ਨਗਰ ਨਿਗਮ ਕਮਿਸ਼ਨਰ ਲਵਜੀਤ ਕਲਸੀ ਨੇ ਦੱਸਿਆ ਕਿ ਟੀਮਾਂ ਵੱਲੋਂ ਰਿਹਾਇਸ਼ੀ ਇਲਾਕਿਆਂ, ਬਾਜ਼ਾਰਾਂ, ਵਾਰਡਾਂ ਅਤੇ ਜਨਤਕ ਥਾਵਾਂ 'ਤੇ ਲਗਾਤਾਰ ਸਪਰੇਅ ਕਰਕੇ ਮੱਛਰਾਂ ਦੀ ਪੈਦਾਵਾਰ ਨੂੰ ਰੋਕਣ ਲਈ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਲੋਕਾਂ ਦਾ ਸਹਿਯੋਗ ਇਸ ਮੁਹਿੰਮ ਦੀ ਸਫਲਤਾ ਲਈ ਬਹੁਤ ਜ਼ਰੂਰੀ ਹੈ ਅਤੇ ਹਰ ਨਾਗਰਿਕ ਨੂੰ ਆਪਣੇ ਘਰਾਂ ਅਤੇ ਆਲੇ-ਦੁਆਲੇ ਪਾਣੀ ਖੜ੍ਹਾ ਨਾ ਹੋਣ ਦੇਣ ਲਈ ਸਾਵਧਾਨੀ ਵਰਤਣੀ ਚਾਹੀਦੀ ਹੈ।ਇਸ ਦੌਰਾਨ ਨਗਰ ਨਿਗਮ ਦੀ ਟੀਮ ਨੇ ਮੁਲਤਾਨੀਆਂ ਰੋਡ ਖੇਤਰ ਵਿੱਚ ਕੂੜਾ ਸਾੜਨ ਵਾਲੇ ਵਿਅਕਤੀਆਂ ਖ਼ ?ਲਾਫ਼ ਕਾਰਵਾਈ ਕਰਦਿਆਂ ਚਲਾਨ ਕੱਟੇ। ਨਿਗਮ ਵੱਲੋਂ ਸਪੱਸ਼ਟ ਕੀਤਾ ਗਿਆ ਕਿ ਕੂੜਾ ਸਾੜਨ ਨਾਲ ਵਾਤਾਵਰਨ ਪ੍ਰਦੂਸ਼ਿਤ ਹੁੰਦਾ ਹੈ ਅਤੇ ਲੋਕਾਂ ਦੀ ਸਿਹਤ 'ਤੇ ਵੀ ਮਾੜਾ ਅਸਰ ਪੈਂਦਾ ਹੈ। ਇਸ ਲਈ ਅਜਿਹੀਆਂ ਗਤੀਵਿਧੀਆਂ ਕਰਨ ਵਾਲਿਆਂ ਖ਼ ?ਲਾਫ਼ ਅਗਾਂਹ ਵੀ ਸਖ਼ਤ ਕਾਰਵਾਈ ਜਾਰੀ ਰਹੇਗੀ। ਨਗਰ ਨਿਗਮ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਕੂੜੇ ਨੂੰ ਸਾੜਨ ਦੀ ਬਜਾਏ ਸਫ਼ਾਈ ਕਰਮਚਾਰੀਆਂ ਨੂੰ ਸੌਂਪਣ ਅਤੇ ਡੇਂਗੂ-ਮਲੇਰੀਆ ਦੀ ਰੋਕਥਾਮ ਲਈ ਸਿਹਤ ਵਿਭਾਗ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰਨ। ਅਧਿਕਾਰੀਆਂ ਨੇ ਵਿਸ਼ਵਾਸ ਜਤਾਇਆ ਕਿ ਲੋਕਾਂ ਦੇ ਸਹਿਯੋਗ ਅਤੇ ਜਾਗਰੂਕਤਾ ਨਾਲ ਬਠਿੰਡਾ ਨੂੰ ਸਾਫ਼-ਸੁਥਰਾ ਅਤੇ ਬਿਮਾਰੀਆਂ ਤੋਂ ਮੁਕਤ ਰੱਖਣ ਦੇ ਟੀਚੇ ਨੂੰ ਹਾਸਲ ਕੀਤਾ ਜਾ ਸਕਦਾ ਹੈ।



## ਮੰਨਾ ਸਿੰਘ ਸਿੱਧੂ ਯੂ.ਐਸ.ਏ ਨੇ ਗੁਰਦੁਆਰਾ ਸਿੰਘ ਸਭਾ 7-ਬਲਾਕ ਸੁਭਾਸ਼ ਨਗਰ ਵਿੱਖੇ ਲਗਾਇਆ ਦਸਤਾਰ ਸਿਖਲਾਈ ਕੈਂਪ

ਆਜ਼ਾਦ ਸੋਚ
ਸੁਖਰਾਜ ਸਿੰਘ/ਨਵੀਂ ਦਿੱਲੀ, 18 ਜੂਨ
==========================

ਮੰਨਾ ਸਿੰਘ ਸਿੱਧੂ ਯੂ.ਐਸ.ਏ ਅਤੇ ਉਨ੍ਹਾਂ ਦੀ ਟੀਮ ਵੱਲੋਂ ਇੱਕ ਮੁਫ਼ਤ ਦਸਤਾਰ ਦਾ ਲੰਗਰ ਅਤੇ ਦਸਤਾਰ ਸਿੱਖਲਾਈ ਕੈਂਪ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ 7-ਬਲਾਕ ਸੁਭਾਸ਼ ਨਗਰ ਵਿੱਖੇ ਬੀਤੇ ਦਿਨੀਂ ਲਗਾਇਆ ਗਿਆ। ਇਹ ਦਸਤਾਰ ਸਿੱਖਲਾਈ ਕੈਂਪ ਅਤੇ ਦਸਤਾਰ ਦਾ ਲੰਗਰ ਪੰਜਵੇਂ ਪਾਤਸ਼ਾਹ ਧੰਨ-ਧੰਨ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਗੁਰਪੁਰਬ ਨੂੰ ਸਮਰਪਿਤ ਗੁਰਦੁਆਰਾ ਸਾਹਿਬ ਵਿੱਖੇ ਨਿਰੰਤਰ ਗੁਰਬਾਣੀ ਦੇ ਪ੍ਰਵਾਹ ਅਤੇ ਸੰਗਤੀ ਰੂਪ ਵਿੱਚ ਗਾਇਣ ਕਰਕੇ ਸ੍ਰੀ ਸੁਖਮਨੀ ਸਾਹਿਬ ਜੀ ਪਾਠ ਬੀਤੇ ਦਿਨਾਂ ਤੋਂ ਚੱਲ ਰਹੇ ਹਨ, ਜੋ 21 ਜੂਨ ਲਗਾਤਾਰ ਚਲਣਗੇ। ਇਸ ਮੌਕੇ ਮੁੱਖ ਸੀਨੀਅਰ ਦਸਤਾਰ ਕੋਚ ਮਨਦੀਪ ਸਿੰਘ ਪਾਤੜਾ ਨੇ ਕਿਹਾ ਕਿ ਇਸ ਦਸਤਾਰ ਸਿੱਖਲਾਈ ਕੈਂਪ ਦਾ ਮੁੱਖ ਉਦੇਸ਼ ਛੋਟੇ ਬੱਚਿਆਂ ਨੂੰ ਸਿੱਖੀ ਸਿਧਾਂਤਾਂ ਨਾਲ ਜੋੜਨਾ ਅਤੇ ਬੱਚਿਆਂ 'ਚ ਦਸਤਾਰ ਪਹਿਨਣ ਦੀ ਰੁਚੀ ਪੈਦਾ ਕਰਨਾ ਹੈ। ਇਸ ਸਬੰਧੀ ਉਨ੍ਹ ਨੇ ਕਿਹਾ ਕਿ ਇਸ ਕੈਂਪ ਦਾ ਉਦੇਸ਼ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਬਖਸ਼ੀ ਦਸਤਾਰ ਨੂੰ ਪੂਰੀ ਦੁਨੀਆਂ 'ਚ ਪ੍ਰਦਰਸ਼ਿਤ ਕਰਨਾ ਹੈ। ਇਹ ਕੈਂਪ ਮੰਨਾ ਸਿੰਘ ਸਿੱਧੂ ਦੇ ਮਿਸ਼ਨ ਨੂੰ ਅੱਗੇ ਵਧਾਉਣ ਲਈ ਲਗਾਇਆ ਗਿਆ ਹੈ। ਇਸ ਕੈਂਪ ਵਿੱਚ ਮੁੱਖ ਸੀਨੀਅਰ ਦਸਤਾਰ ਕੋਚ ਮਨਦੀਪ ਸਿੰਘ ਪਾਤੜਾ (ਪਟਿਆਲਾ) ਨੇ ਕਿਹਾ ਕਿ ਸਾਡਾ ਉਦੇਸ਼ ਦੁਨੀਆਂ ਭਰ ਵਿੱਚ ਅਜਿਹੇ ਦਸਤਾਰ ਸਿੱਖਲਾਈ ਕੈਂਪ ਲਗਾਉਣਾ ਹੈ ਤਾਂ ਜੋ ਸਿੱਖ ਧਰਮ ਦਾ ਵੱਧ ਤੋਂ ਵੱਧ ਪ੍ਰਚਾਰ ਕੀਤਾ ਜਾ ਸਕੇ ਅਤੇ ਅੱਜ ਦੀ ਨੌਜਵਾਨ ਸਿੱਖ ਪੀੜ੍ਹੀ ਨਸ਼ਿਆਂ ਅਤੇ ਮਾੜੀ ਸੰਗਤ ਤੋਂ ਦੂਰ ਰਹੇ ਅਤੇ ਸਿੱਖ ਸਿਧਾਂਤਾਂ ਦੀ ਪਾਲਣਾ ਕਰੇ। ਉਨ੍ਹਾਂ ਕਿਹਾ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਵੀ ਅਜਿਹੇ ਮੁਫ਼ਤ ਕੈਂਪ ਲਗਾਉਣੇ ਚਾਹੀਦੇ ਹਨ। ਇਸ ਮੌਕੇ ਸੀਨੀਅਰ ਦਸਤਾਰ ਕੋਚ ਮਨਦੀਪ ਸਿੰਘ ਪਾਤੜਾ (ਪਟਿਆਲਾ), ਦਸਤਾਰ ਕੋਚ ਪ੍ਰਿੰਸ ਸਿੰਘ ਅੰਬਾਲਾ, ਦਸਤਾਰ ਕੋਚ ਗੁਰਦਿੱਤ ਸਿੰਘ ਚੀਕਾ, ਦਸਤਾਰ ਕੋਚ ਗੁਰਪਿਆਰ ਸਿੰਘ ਚੀਮਾ ਸਾਹਿਬ ਆਦਿ ਨੇ ਆਪਣੀਆਂ ਸੇਵਾਵਾਂ ਦਿੱਤੀਆਂ। ਇਸਮੌਕੇ ਮਨਦੀਪ ਸਿੰਘ ਪਾਤੜਾ ਨੇ ਦੱਸਿਆ ਕਿ ਭਵਿੱਖ ਵਿੱਚ ਵੀ ਅਜਿਹੇ ਦਸਤਾਰ ਸਿੱਖਲਾਈ ਕੈਂਪ ਅਤੇ ਦਸਤਾਰ ਦੇ ਲੰਗਰ ਸਮੇਂ-ਸਮੇਂ 'ਤੇ ਲਗਾਏ ਜਾਣਗੇ।▲




## ਜ਼ੀਰਕਪੁਰ 'ਚ ਸ਼ਰਮਨਾਕ ਘਟਨਾ: ਇਲਾਜ ਦੇ ਬਹਾਨੇ ਡਾਕਟਰ ਨੇ 16 ਸਾਲਾ ਨਾਬਾਲਗ ਲੜਕੀ ਨਾਲ ਕੀਤਾ ਜਬਰ-ਜ਼ਨਾਹ ; ਮਾਮਲਾ ਦਰਜ

ਆਜ਼ਾਦ ਸੋਚ
ਅਵਤਾਰ ਸੈਣੀ/ਜ਼ੀਰਕਪੁਰ, 18 ਜੂਨ
==========================

ਮਰੀਜ਼ਾਂ ਦੇ ਇਲਾਜ ਅਤੇ ਸੁਰੱਖਿਆ ਦੀ ਜ਼ਿੰਮੇਵਾਰੀ ਨਿਭਾਉਣ ਵਾਲੇ ਇੱਕ ਡਾਕਟਰ ਉੱਤੇ ਨਾਬਾਲਗਾ ਨਾਲ ਜਬਰ-ਜ਼ਨਾਹ ਕਰਨ ਦੇ ਗੰਭੀਰ ਦੋਸ਼ ਲੱਗੇ ਹਨ। ਜ਼ੀਰਕਪੁਰ ਦੇ ਨਜ਼ਦੀਕੀ ਪਿੰਡ ਵਿੱਚ ਸਥਿਤ ਇੱਕ ਕਲੀਨਿਕ ਚਲਾਉਣ ਵਾਲੇ ਡਾਕਟਰ ਖ਼ ?ਲਾਫ਼ ਜ਼ੀਰਕਪੁਰ ਪੁਲਿਸ ਨੇ ਪੋਕਸੋ ਐਕਟ ਸਮੇਤ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ।

ਪੀੜਤਾ ਦੀ ਮਾਤਾ ਵੱਲੋਂ ਦਿੱਤੀ ਸ਼ਿਕਾਇਤ ਅਨੁਸਾਰ ਉਸ ਦੀ 16 ਸਾਲਾ ਧੀ ਪਿਛਲੇ ਕੁਝ ਦਿਨਾਂ ਤੋਂ ਬਿਮਾਰ ਸੀ ਅਤੇ ਸੋਮਵਾਰ ਸ਼ਾਮ ਇਲਾਜ ਲਈ ਆਰ.ਕੇ. ਤਿਵਾੜੀ ਦੇ ਕਲੀਨਿਕ ਗਈ ਸੀ। ਸ਼ਿਕਾਇਤ ਵਿੱਚ ਦੋਸ਼ ਲਗਾਇਆ ਗਿਆ ਹੈ ਕਿ ਡਾਕਟਰ ਨੇ ਜਾਂਚ ਦੇ ਬਹਾਨੇ ਨਾਬਾਲਗਾ ਨਾਲ ਜਬਰ-ਜ਼ਨਾਹ ਕੀਤਾ ਅਤੇ ਕਿਸੇ ਨੂੰ ਦੱਸਣ 'ਤੇ ਜਾਨੋਂ ਮਾਰਨ ਦੀ ਧਮਕੀ ਵੀ ਦਿੱਤੀ। ਪਰਿਵਾਰ ਦੇ ਮੁਤਾਬਕ, ਘਰ ਵਾਪਸ ਆਉਣ ਤੋਂ ਬਾਅਦ ਨਾਬਾਲਗਾ ਨੇ ਆਪਣੀ ਮਾਤਾ ਨੂੰ ਘਟਨਾ ਬਾਰੇ ਜਾਣਕਾਰੀ ਦਿੱਤੀ, ਜਿਸ ਤੋਂ ਬਾਅਦ ਪੁਲੀਸ ਨਾਲ ਸੰਪਰਕ ਕੀਤਾ ਗਿਆ। ਪੁਲੀਸ ਨੇ ਸ਼ਿਕਾਇਤ ਦੇ ਆਧਾਰ 'ਤੇ ਆਰ.ਕੇ. ਤਿਵਾੜੀ ਖ਼ ?ਲਾਫ਼ ਸਬੰਧਤ ਧਾਰਾਵਾਂ ਅਤੇ ਪੋਕਸੋ ਐਕਟ ਦੀ ਧਾਰਾ 6 ਤਹਿਤ ਕੇਸ ਦਰਜ ਕਰ ਲਿਆ ਹੈ। ਪੜਤਾਲੀਆ ਅਫਸਰ ਨੇ ਦੱਸਿਆ ਕਿ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕੀਤੀ ਜਾ ਰਹੀ ਹੈ। ਪੀੜਤਾ ਦਾ ਮੈਡੀਕਲ ਕਰਵਾਉਣ ਸਮੇਤ ਹੋਰ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ।

## ਪੰਜਾਬ ਸਰਕਾਰ ਨੇ ਜੋਗਿੰਦਰ ਸਿੰਘ ਮਾਹੌਰਾਣਾ ਨੂੰ ਵਿਮੁਕਤ ਜਾਤੀ ਭਲਾਈ ਬੋਰਡ ਦਾ ਜ਼ਿਲ੍ਹਾ ਚੇਅਰਮੈਨ ਨਿਯੁਕਤ ਕੀਤਾ



ਆਜ਼ਾਦ ਸੋਚ
ਕੁਲਵੰਤ ਸਿੰਘ ਮੁਹਾਲੀ/ਮਾਲੇਰਕੋਟਲਾ, 18 ਜੂਨ
==========================

ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਵਿਮੁਕਤ ਜਾਤੀਆਂ ਦੀ ਭਲਾਈ ਵਾਸਤੇ ਇੱਕ ÷ ਵਿਮੁਕਤ ਜਾਤੀ ਭਲਾਈ ਬੋਰਡ ÷ ਦਾ ਗਠਨ ਕੀਤਾ ਹੈ ਜੋ ਇਨਾ ਜਾਤੀਆਂ ਨਾਲ ਸੰਬੰਧਿਤ ਲੋਕਾਂ ਦੀ ਭਲਾਈ ਲਈ ਕੰਮ ਕਰੇਗਾ ਇਸ ਬੋਰਡ ਵਿੱਚ ਸੂਬੇ ਭਰ ਦੇ 23 ਜਿਲਿਆਂ ਦੇ ਵਿੱਚ ਜਿਲ੍ਹਾ ਪੱਧਰ ਤੇ ਜਿਲ੍ਹਾ ਚੇਅਰਮੈਨ ਨਿਯੁਕਤ ਕੀਤੇ ਗਏ ਹਨ ਇਸੇ ਲੜੀ ਦੇ ਤਹਿਤ ਸ.ਜੋਗਿੰਦਰ ਸਿੰਘ ਨੂੰ ਪੰਜਾਬ ਸਰਕਾਰ ਵੱਲੋਂ ਵਿਮੁਕਤ ਜਾਤੀ ਭਲਾਈ ਬੋਰਡ ਪੰਜਾਬ ਦੇ ਜ਼ਿਲ੍ਹਾ ਮਾਲੇਰਕੋਟਲਾ ਲਈ ਚੇਅਰਮੈਨ ਵਜੋਂ ਨਿਯੁਕਤ ਕੀਤਾ ਗਿਆ ਹੈ, ਜਿਸ ਨਾਲ ਉਨ੍ਹਾਂ ਦੇ ਚਾਹੁਣ ਵਾਲਿਆਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ।ਜਿਸ ਕਰਕੇ ਅੱਜ ਨਵ ਨਿਉਕਤ ਚੇਅਰਮੈਨ ਜੋਗਿੰਦਰ ਸਿੰਘ ਮਾਹੌਰਾਣਾ ਦੇ ਭਾਈਚਾਰੇ ਵੱਲੋਂ ਪਿੰਡ ਮਾਹੌਰਾਣਾ ਵਿਖ਼ੇ ਉਨ੍ਹਾਂ ਨੂੰ ਸਨਮਾਨਿਤ ਕਰਨ ਲਈ ਇੱਕ ਪ੍ਰੋਗਰਾਮ ਆਯੋਜਤ ਕੀਤਾ ਗਿਆ, ਜਿਸ ਵਿੱਚ ਪੰਜਾਬ ਜੈਨਕੋ ਲਿਮਟਿਡ ਦੇ ਚੇਅਰਮੈਨ ਸ ਨਵਜੋਤ ਸਿੰਘ ਜਰਗ ਵੱਲੋਂ ਵਿਸ਼ੇਸ ਤੌਰ ਤੇ ਸਮੂਲੀਅਤ ਕਰਦਿਆਂ ਵਿਮੁਕਤ ਜਾਤੀ ਭਲਾਈ ਬੋਰਡ ਦੇ ਜ਼ਿਲ੍ਹਾ ਮਾਲੇਰਕੋਟਲਾ ਦਾ ਚੇਅਰਮੈਨ ਨਿਯੁਕਤ ਹੋਣ ਤੇ ਸ ਜੋਗਿੰਦਰ ਸਿੰਘ ਮਾਹੌਰਾਣਾ ਨੂੰ ਮੁਬਾਰਬਾਦ ਦਿੰਦਿਆਂ ਉਨ੍ਹਾਂ ਨੂੰ ਸਨਮਾਨਿਤ ਵੀ ਕੀਤਾ।

ਇਸ ਮੌਕੇ ਨਵ ਨਿਯੁਕਤ ਚੇਅਰਮੈਨ ਜੋਗਿੰਦਰ ਸਿੰਘ ਮਾਹੌਰਾਣਾ ਨੇ ਪਾਰਟੀ ਹਾਈਕਮਾਂਡ ਨੂੰ ਭਰੋਸਾ ਦਿਵਾਇਆ ਕਿ ਪਾਰਟੀ ਨੇ ਜੋ ਉਨ੍ਹਾਂ ਉਪਰ ਭਰੋਸਾ ਕਰਕੇ ਉਸਨੂੰ ਇੱਡੀ ਵੱਡੀ ਜਿੰਮੇਵਾਰੀ ਸੌਂਪੀ ਹੈਂ ਉਹ ਉਸਨੂੰ ਨਿਭਾਉਣ ਲਈ ਪੂਰੀ ਮਿਹਨਤ ਅਤੇ ਇਮਾਨਦਾਰੀ ਨਾਲ ਕੰਮ ਕਰਨਗੇ। ਇਸ ਮੌਕੇ ਜਰਨੈਲ ਸਿੰਘ ਧਰਮਸੋਤ, ਹੰਸਾਰਾਮ ਧਰਮਸੋਤ, ਸਵਰਨ ਪੰਚ, ਮੇਵਾ ਰਾਮ, ਕੁੰਢਾ ਪੰਚ, ਦੁਰਗਾ ਦਾਸ,ਸੇਵਾ ਰਾਮ, ਬਲਵਿੰਦਰ ਰਾਮ, ਸੇਵਾ ਰਾਮ ਧਰਮਸੋਤ, ਵਿਕੀ ਧਰਮਸੋਤ ਇੱਛਰ ਸਿੰਘ ਧਰਮ ਸੋਤ, ਵਿਜੇ ਕੁਮਾਰ ਧਰਮਸੋਤ, ਮੁਖਤਿਆਰ ਸਿੰਘ, ਮਿੱਠੂ ਸਿੰਘ, ਕੁਲਵਿੰਦਰ ਸਿੰਘ, ਗੱਗੀ ਅਮਰਗੜ੍ਹ, ਮਨਦੀਪ ਸਿੰਘ ਅਤੇ ਵੱਡੀ ਗਿਣਤੀ ਪਿੰਡ ਵਾਸੀ ਹਾਜ਼ਰ ਸਨ।

## ਸ਼੍ਰੋਮਣੀ ਕਮੇਟੀ ਵਫ਼ਦ ਨੂੰ ਅਮਰੀਕਾ ਸਥਿਤ ਵੱਖ-ਵੱਖ ਗੁਰਦੁਆਰਿਆਂ ਦੇ ਪ੍ਰਬੰਧਕਾਂ ਨੇ ਕੀਤਾ ਸਨਮਾਨਿਤ

ਆਜ਼ਾਦ ਸੋਚ
ਸੁਖਰਾਜ ਸਿੰਘ
ਨਵੀਂ ਦਿੱਲੀ, 18 ਜੂਨ
==========================

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਹੇਠ ਅਮਰੀਕਾ ਗਏ ਉੱਚ ਪੱਧਰੀ ਵਫ਼ਦ ਨੇ ਵੱਖ-ਵੱਖ ਗੁਰਦੁਆਰਾ ਸਾਹਿਬਾਨ 'ਚ ਨਤਮਸਤਕ ਹੋ ਕੇ ਸੰਗਤਾਂ ਨਾਲ ਵਿਚਾਰਾਂ ਦੀ ਸਾਂਝ ਪਾਈ। ਸ਼ ?ਰੋਮਣੀ ਕਮੇਟੀ ਦਾ ਇਹ ਵਫ਼ਦ ਦਲ ਬਾਬਾ ਬਿਧੀਚੰਦ ਜੀ ਸੰਪ੍ਰਦਾ ਦੇ ਪੜਾਅ ਲੈਥਰੋਪ, ਕੈਲੀਫੋਰਨੀਆ, ਦ ਮ ਦ ਮ ੀ ਟਕਸਾਲ ਦੇ ਪ੍ਰਬੰਧ ਵਾਲੇ ਗੁਰਦੁਆਰਾ ਗੁਰਮਤਿ ਪ੍ਰਕਾਸ਼ ਮਨਟਿੱਕਾ ਅਤੇ ਗੁਰਦੁਆਰਾ ਗੁਰੂ ਨਾਨਕ ਪ੍ਰਕਾਸ਼, ਫਰੇਜ਼ਨੋ ਸਮੇਤ ਹੋਰ ਅਸਥਾਨਾਂ 'ਤੇ ਪੁੱਜਾ, ਜਿਥੇ ਪ੍ਰਬੰਧਕਾਂ ਵੱਲੋਂ ਸ਼ ?ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਮੇਤ ਵਫ਼ਦ ਵਿਚ ਸ਼ਾਮਲ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਓਐਸਡੀ ਸ. ਸਤਬੀਰ ਸਿੰਘ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਗੁਰਦੁਆਰਾ ਪ੍ਰਬੰਧਕਾਂ ਅਤੇ ਸਿੱਖ ਆਗੂਆਂ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਵੱਲੋਂ ਸ਼ਮੂਲੀਅਤ ਕਰਦਿਆਂ ਸ਼ ?ਰੋਮਣੀ ਕਮੇਟੀ ਵਫ਼ਦ ਦਾ ਨਿੱਘਾ ਸਵਾਗਤ ਵੀ ਕੀਤਾ ਗਿਆ।

ਗੁਰਦੁਆਰਾ ਗੁਰੂ ਨਾਨਕ ਪ੍ਰਕਾਸ਼, ਫਰੇਜ਼ਨੋ ਵਿਖੇ ਸੰਗਤ ਨੂੰ ਸੰਬੋਧਨ ਕਰਦਿਆਂ ਸ਼ ?ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਵਿਦੇਸ਼ਾਂ ਵਿਚ ਵੱਸਦੇ ਸਿੱਖ ਭਾਈਚਾਰੇ ਨੇ ਆਪਣੀ ਮਿਹਨਤ, ਸਮਰਪਣ ਅਤੇ ਗੁਰੂ ਘਰ ਨਾਲ ਜੁੜਾਅ ਸਦਕਾ ਸਿੱਖੀ ਦੀ ਵਿਲੱਖਣ ਪਛਾਣ ਨੂੰ ਸੰਸਾਰ ਭਰ ਵਿਚ ਸਥਾਪਿਤ ਕੀਤਾ ਹੈ। ਉਨ੍ਹਾਂ ਕਿਹਾ ਕਿ ਸ਼ ?ਰੋਮਣੀ ਕਮੇਟੀ ਸਿੱਖ ਧਰਮ ਦੇ ਪ੍ਰਚਾਰ ਪ੍ਰਸਾਰ, ਗੁਰਮਤਿ ਸਿਧਾਂਤਾਂ ਦੇ ਪ੍ਰਚਾਰ ਅਤੇ ਸਿੱਖ ਨੌਜਵਾਨੀ ਨੂੰ ਆਪਣੇ ਵਿਰਸੇ ਨਾਲ ਜੋੜਨ ਲਈ ਲਗਾਤਾਰ ਯਤਨਸ਼ੀਲ ਹੈ। ਉਨ੍ਹਾਂ ਕਿਹਾ ਕਿ ਸਿੱਖ ਪੰਥ ਦੀ ਅਹਿਮ ਜਥੇਬੰਦੀ ਦਮਦਮੀ ਟਕਸਾਲ ਵੱਲੋਂ ਵੀ ਧਰਮ ਦੇ ਪ੍ਰਚਾਰ ਪ੍ਰਸਾਰ ਲਈ ਹਮੇਸ਼ਾ ਵੱਡੀਆਂ ਜ਼ੁੰਮੇਵਾਰੀਆਂ ਨਿਭਾਈਆਂ ਗਈਆਂ ਹਨ। ਪੰਥਕ ਕਾਰਜਾਂ ਲਈ ਦਮਦਮੀ ਟਕਸਾਲ ਵੱਲੋਂ ਸ਼੍ਰੋਮਣੀ ਕਮੇਟੀ ਨੂੰ ਹਮੇਸ਼ਾ ਭਰਵਾਂ ਸਹਿਯੋਗ ਮਿਲਿਆ ਹੈ, ਜਿਸ ਲਈ ਉਹ ਸੰਸਥਾ ਦੇ ਧੰਨਵਾਦੀ ਹਨ।ਇਸੇ ਦੌਰਾਨ ਦਲ ਬਾਬਾ ਬਿਧੀਚੰਦ ਸੰਪ੍ਰਦਾ ਦੇ ਪੜਾਅ ਲੈਥਰੋਪ ਵਿੱਖੇ ਐਡਵੋਕੇਟ ਧਾਮੀ ਨੇ ਸੰਬੋਧਨ ਕਰਦਿਆਂ ਬਾਬਾ ਅਵਤਾਰ ਸਿੰਘ ਸੁਰਸਿੰਘ ਵਾਲਿਆਂ ਦੀ ਅਗਵਾਈ 'ਚ ਦਲ ਬਾਬਾ ਬਿਧੀਚੰਦ ਸੰਪ੍ਰਦਾ ਵੱਲੋਂ ਕੀਤੀਆਂ ਜਾ ਰਹੀਆਂ ਸੇਵਾਵਾਂ ਦਾ ਵਿਸ਼ੇਸ਼ ਜ਼ਿਕਰ ਕੀਤਾ। ਉਨ੍ਹਾਂ ਕਿਹਾ ਕਿ ਬਾਬਾ ਅਵਤਾਰ ਸਿੰਘ ਵੱਲੋਂ ਪੰਥਕ ਮਾਮਲਿਆਂ ਸਬੰਧੀ ਸ਼ ?ਰੋਮਣੀ ਕਮੇਟੀ ਨੂੰ ਹਮੇਸ਼ਾ ਭਰਵਾਂ ਸਹਿਯੋਗ ਮਿਲਿਆ ਹੈ ਅਤੇ ਅੱਗੋਂ ਵੀ ਉਹ ਇਸੇ ਤਰ੍ਹਾਂ ਸਹਿਯੋਗ ਦੀ ਆਸ ਰੱਖਦੇ ਹਨ। ਐਡਵੋਕੇਟ ਧਾਮੀ ਨੇ ਸਵਰਗੀ ਸ. ਦੀਦਾਰ ਸਿੰਘ ਬੈਂਸ ਵੱਲੋਂ ਯੂਬਾਸਿਟੀ ਵਿਖੇ ਦਿੱਤੀ ਗਈ ਜ਼ਮੀਨ 'ਤੇ ਸ਼੍ਰੋਮਣੀ ਕਮੇਟੀ ਵੱਲੋਂ ਸਥਾਪਤ ਕੀਤੀ ਜਾ ਰਹੀ ਪ੍ਰੈੱਸ ਅਤੇ ਧਰਮ ਪ੍ਰਚਾਰ ਕੇਂਦਰ ਲਈ ਸਮੂਹ ਸਥਾਨਕ ਸਿੱਖ ਜਥੇਬੰਦੀਆਂ ਅਤੇ ਸੰਗਤਾਂ ਨੂੰ ਭਰਵੇਂ ਸਹਿਯੋਗ ਲਈ ਅਪੀਲ ਵੀ ਕੀਤੀ। ਇਸ ਮੌਕੇ ਸਥਾਨਕ ਸਿੱਖ ਆਗੂਆਂ ਨੇ ਪੰਥ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਕਮੇਟੀ ਵੱਲੋਂ ਪੰਥਕ, ਧਾਰਮਿਕ ਅਤੇ ਵਿਦਿਅਕ ਖੇਤਰ 'ਚ ਨਿਭਾਈਆਂ ਜਾ ਰਹੀਆਂ ਸੇਵਾਵਾਂ ਦੀ ਸ਼ਲਾਘਾ ਕੀਤੀ ਅਤੇ ਸੰਸਥਾ ਨੂੰ ਹਰ ਤਰ੍ਹਾਂ ਸਹਿਯੋਗ ਦਾ ਭਰੋਸਾ ਦਿੱਤਾ। ਇਸ ਮੌਕੇ ਸਥਾਨਕ ਪ੍ਰਬੰਧਕ ਬਾਬਾ ਜੋਗਿੰਦਰ ਸਿੰਘ, ਬਾਬਾ ਧਰਮ ਸਿੰਘ, ਬਾਬਾ ਸਾਹਬ ਸਿੰਘ, ਭਾਈ ਸਰਵਨ ਸਿੰਘ ਨਿਹੰਗ, ਭਾਈ ਹਰਪਾਲ ਸਿੰਘ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ।



## ਪਿਛਲੀਆਂ ਸਰਕਾਰਾਂ ਨੇ ਪੰਜਾਬ ਨੂੰ ਬਰਬਾਦੀ ਵੱਲ ਧੱਕਿਆ, 'ਆਪ' ਨੇ ਮੁੜ ਖੁਸ਼ਹਾਲੀ ਦੇ ਰਾਹ ਪਾਇਆ: ਵਿਧਾਇਕ ਜਮੀਲ ਉਰ ਰਹਿਮਾਨ

### ਮੁਹੱਲਾ ਜੋੜਿਆਂ ਵਿਖੇ 'ਲੋਕ ਮਿਲਣੀ' ਪ੍ਰੋਗਰਾਮ; ਲੋਕਾਂ ਨੂੰ ਕੀਤਾ ਸੰਬੋਧਨ




ਆਜ਼ਾਦ ਸੋਚ
ਸ਼ਾਹਿਦ ਜ਼ੁਬੈਰੀ/ਮਲੇਰਕੋਟਲਾ, 18 ਜੂਨ
==========================

ਪੰਜਾਬ ਵਿੱਚ ਬਣੀਆਂ ਅਕਾਲੀ - ਭਾਜਪਾ ਤੇ ਕਾਂਗਰਸ ਦੀਆਂ ਸਰਕਾਰਾਂ ਨੇ ਪੰਜਾਬ ਨੂੰ ਆਰਥਿਕ ਪੱਖੋਂ ਮਜ਼ਬੂਤ, ਖੇਡਾਂ ਦੇ ਮੈਦਾਨ ਵਿੱਚ, ਮਿਆਰੀ ਸਿੱਖਿਆ ਦੇਣ ਦੇ ਖੇਤਰ ਪੱਖੋਂ ਅਤੇ ਸਿਹਤ ਸਹੂਲਤਾਂ ਮੁਹੱਈਆ ਕਰਨ ਪੱਖੋਂ ਆਦਿ ਸਹੂਲਤਾਂ ਲੋਕਾਂ ਨੂੰ ਦੇਣ ਲਈ ਅਸਫਲ ਰਹੀਆਂ ਹਨ, ਜਿਸ ਨਾਲ ਪੰਜਾਬ ਤੇ ਪੰਜਾਬੀਆਂ ਨੂੰ ਐਨਾ ਕਮਜ਼ੋਰ ਕਰ ਦਿੱਤਾ ਹੈ ਕਿ ਦੇਸ਼ ਦੇ ਦੂਜੇ ਸੂਬਿਆਂ ਨੇ ਪੰਜਾਬ ਦਾ ਗਰਾਫ ਅਰਥ ਤੋਂ ਫਰਸ਼ ਤੇ ਲਿਆ ਦਿੱਤਾ ਹੈ।ਜਿਸ ਨਾਲ ਪੰਜਾਬ ਖੁਸ਼ਹਾਲ ਸੂਬੇ ਦੀ ਥਾਂ ਬਰਬਾਦੀ ਵੱਲ ਚਲਿਆ ਗਿਆ ਸੀ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਬੀਤੀ ਰਾਤ ਮੁਹੱਲਾ ਜੋੜਿਆਂ ਤੇ ਨਵ - ਨਿਯੁੱਕਤ ਬਣੀ ਕੌਂਸਲਰ ਬੀਬਾ ਸਾਬਰੀ ਵੱਲੋਂ ਰੱਖੇ ÷ਲੋਕ ਮਿਲਣੀ÷ ਪ੍ਰੋਗਰਾਮ ਵਿੱਚ ਇੱਕਠ ਨੂੰ ਸੰਬੋਧਨ ਕਰਦਿਆਂ ਵਿਧਾਇਕ ਡਾਕਟਰ ਜਮੀਲ ਉਰ ਰਹਿਮਾਨ ਨੇ ਕੀਤਾ। ਵਿਧਾਇਕ ਨੇ ਦੱਸਿਆ ਕਿ ਜਦੋਂ ਤੋਂ ਸੂਬੇ ਦੇ ਲੋਕਾਂ ਨੇ ਆਪਣੀ ਸਰਕਾਰ ਆਮ ਆਦਮੀ ਪਾਰਟੀ ਦੀ ਬਣਾਈ ਤਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਹਰ ਵਰਗ ਨੂੰ ਭਾਵੇਂ ਉਹ ਅਮੀਰ ਹੋਵੇ ਜਾਂ ਗਰੀਬ, ਇੰਡਸਟਰੀ ਵਾਲਾ ਹੋਵੇ ਜਾਂ ਮਜ਼ਦੂਰ ਸਭ ਨੂੰ 600 ਯੂਨਿਟ ਬਿਜਲੀ ਮੁਫ਼ਤ ਦੇਣੀ ਸ਼ੁਰੂ ਕੀਤੀ ਹੋਈ ਹੈ, ਜੋ ਅੱਜ ਤੱਕ ਤੁਹਾਨੂੰ ਮਿਲ ਰਹੀ ਹੈ। ਪਹਿਲਾਂ ਕੀ ਹੁੰਦਾ ਸੀ ਕਿ ਵਿਧਾਇਕਾਂ, ਮੰਤਰੀਆਂ ਨੂੰ ਮੁਫ਼ਤ ਬਿਜਲੀ ਮਿਲਦੀ ਸੀ,ਪਰ ਹੁਣ ਇਹ ਤੁਹਾਨੂੰ ਮੁਫ਼ਤ ਮਿਲ ਰਹੀ ਹੈ ਜਦ ਕਿ ਵਿਧਾਇਕਾਂ ਮੰਤਰੀਆਂ ਨੂੰ ਇਸ ਦੇ ਬਿਲ ਭਰਨੇ ਪੈਂਦੇ ਹਨ। ਇਸੇ ਤਰ੍ਹਾਂ ਕਿਸਾਨਾਂ ਨੂੰ ਪਿਛਲੀਆਂ ਸਰਕਾਰਾਂ ਨੇ ਰਾਤ ਨੂੰ ਬਿਜਲੀ ਦਿੱਤੀ ਜਾਂਦੀ ਸੀ। ਕਿਸਾਨ ਪ੍ਰੇਸ਼ਾਨ ਰਹਿੰਦੇ ਸੀ ਪਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਸਾਨਾਂ ਨੂੰ ਦਿਨ ਵਿੱਚ ਹੀ ਬਿਜਲੀ ਦਿੱਤੇ ਜਾਣ ਦੇ ਹੁਕਮ ਜਾਰੀ ਕਰ ਦਿੱਤੇ ਜਿਸ ਕਰਕੇ ਹੁਣ ਕਿਸਾਨ ਵੀ ਰਾਤ ਨੂੰ ਆਰਾਮ ਨਾਲ ਸੌਂਦਾ ਹੈ। ਬੀਬੀਆਂ ਨੂੰ ਮੁਫ਼ਤ ਬੱਸ ਸਫ਼ਰ ਤੇ ਹੁਣ ਜੁਲਾਈ ਦੇ ਪਹਿਲੇ ਹਫਤੇ ਵਿਚ ਹਰ 18 ਸਾਲ ਦੇ ਉਪਰ ਵਾਲੀਆਂ ਔਰਤਾਂ, ਬੱਚੀਆਂ ਨੂੰ ਇੱਕ ਇੱਕ ਹਜਾਰ ਰੁਪਏ ਦੇਣ ਦਾ ਜੋ ਵਾਅਦਾ ਕੀਤਾ ਸੀ,ਉਹ ਵੀ ਪੂਰਾ ਹੋਣ ਜਾ ਰਿਹਾ ਹੈ।ਇਸ ਕਰਕੇ ਜੇਕਰ ਤੁਸੀਂ ਚਾਹੁੰਦੇ ਹੋ ਕਿ ਇਹ ਸਾਰੀਆਂ ਸਹੂਲਤਾਂ ਤੁਹਾਨੂੰ ਇਸੇ ਤਰ੍ਹਾਂ ਮਿਲਦੀਆਂ ਰਹਿਣ ਤਾਂ 2027 ਵਿੱਚ ਵੀ ਆਮ ਆਦਮੀ ਦੀ ਸਰਕਾਰ ਬਣਾਉਣੀ ਜ਼ਰੂਰੀ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮਾਰਕੀਟ ਕਮੇਟੀ ਦੇ ਚੇਅਰਮੈਨ ਜਾਫਰ ਅਲੀ, ਬਲਾਕ ਪ੍ਰਧਾਨ ਮੁਹੰਮਦ ਹਲੀਮ, ਕੌਂਸਲਰ ਚੌਧਰੀ ਮੁਹੰਮਦ ਬਸ਼ੀਰ, ਕੌਂਸਲਰ ਮੁਹੰਮਦ ਹਨੀਫ਼, ਕੌਂਸਲਰ ਅਜ਼ਹਰ ਮੁਨੀਮ, ਕੌਂਸਲਰ ਮੁਨਸ਼ੀ ਫਾਰੂਕ, ਮੁਹੰਮਦ ਇਖਲਾਕ ਰਿਟਾਇਰ ਸੁਪਰਡੈਂਟ,ਹਾਜੀ ਖੁਸ਼ੀ ਮੁਹੰਮਦ, ਮੁਹੰਮਦ ਸ਼ਬੀਰ ਓਰ ਬਿੱਲੋਂ, ਹਾਜੀ ਮੁਹੰਮਦ ਇਕਬਾਲ ਬਾਲੀ, ਮੁਹੰਮਦ ਉਸਮਾਨ ਸਿੱਦਕੀ , ਬਲਾਕ ਪ੍ਰਧਾਨ ਮੁਹੰਮਦ ਹਲੀਮ,ਦਾਰਾ ਟਰੰਕ ਹਾਊਸ, ਗੁਰਜ਼ਾਰ ਕਾਕਾ, ਅਬਦੁਲ ਰਸ਼ੀਦ, ਯਾਸਰ ਅਰਫਾਤ , ਅਸਲਮ ਭੱਟੀ , ਬੀਬੀ ਸਰਬਰੀ,ਯਾਸੀਨ ਨਾਸ਼ਤੀ ,ਚੌਧਰੀ ਉਮਰ ਦੀਨ , ਦਾਰਾ ਟਰੰਕ ਹਾਊਸ,ਅਨਵਾਰ ਕਾਲਾ ,ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲਾਕੇ ਦੇ ਲੋਕ ਹਾਜ਼ਰ ਸਨ।

## ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ ਤਹਿਤ ਸਕੀਮਾਂ ਦਾ ਲਾਭ ਲੈਣ ਲਈ 20 ਜੂਨ ਤੱਕ ਕਰਵਾਈ ਜਾ ਸਕਦੀ ਹੈ ਈ -ਕੇਵਾਈਸੀ ਅਤੇ ਜਮੀਨ ਦੀ ਤਸਦੀਕ

### ਪੀ.ਐਮ ਕਿਸਾਨ ਯੋਜਨਾ ਦੇ ਲਾਭਪਾਤਰੀਆਂ ਲਈ ਈ - ਕੇਵਾਈਸੀ ਅਤੇ ਜਮੀਨ ਦੀ ਤਸਦੀਕ ਕਰਾਉਣਾ ਲਾਜ਼ਮੀ- ਮੁੱਖ ਖੇਤੀਬਾੜੀ ਅ.ਫਸਰ

ਆਜ਼ਾਦ ਸੋਚ
ਸੁਨੀਲ ਵਰਮਾ
ਫ਼ਤਹਿਗੜ੍ਹ ਸਾਹਿਬ, 18 ਜੂਨ
==========================

ਜਿਹੜੇ ਕਿਸਾਨਾਂ ਵੱਲੋਂ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ( ਪੀ.ਐਮ. ਕਿਸਾਨ) ਯੋਜਨਾ ਤਹਿਤ ਆਪਣੀ ਈ - ਕੇਵਾਈਸੀ ਅਤੇ ਜਮੀਨ ਦੀ ਤਸਦੀਕ ਦੀ ਪ੍ਰਕਿਰਿਆ ਅਜੇ ਤੱਕ ਪੂਰੀ ਨਹੀਂ ਕੀਤੀ ਗਈ, ਉਹ ਅਗਲੀ ਕਿਸ਼ਤ ਦਾ ਲਾਭ ਲੈਣ ਲਈ 20 ਜੂਨ ਤੱਕ ਇਹ ਕਾਰਵਾਈ ਹਰ ਹਾਲਤ ਵਿੱਚ ਮੁਕੰਮਲ ਕਰਵਾਉਣ।ਇਹ ਜਾਣਕਾਰੀ ਮੁੱਖ ਖੇਤੀਬਾੜੀ ਅਫਸਰ, ਡਾ. ਜਗਦੇਵ ਸਿੰਘ ਨੇ ਦਿੱਤੀ।



ਉਹਨਾਂ ਦੱਸਿਆ ਕਿ ਭਾਰਤ ਸਰਕਾਰ ਵੱਲੋਂ ਪੀ.ਐਮ ਕਿਸਾਨ ਯੋਜਨਾ ਦੇ ਲਾਭਪਾਤਰੀਆਂ ਲਈ ਈ - ਕੇਵਾਈਸੀ ਅਤੇ ਜਮੀਨ ਦੀ ਤਸਦੀਕ ਨੂੰ ਲਾਜ਼ਮੀ ਬਣਾਇਆ ਗਿਆ ਹੈ। ਇਸ ਦਾ ਮੁੱਖ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਯੋਜਨਾ ਦਾ ਲਾਭ ਸਿਰਫ ਯੋਗ ਅਤੇ ਅਸਲ ਕਿਸਾਨਾਂ ਤੱਕ ਹੀ ਪਹੁੰਚੇ। ਜਿਹੜੇ ਕਿਸਾਨ ਇਹ ਪ੍ਰਕਿਰਿਆ ਸਮੇਂ ਸਿਰ ਪੂਰੀ ਨਹੀਂ ਕਰਵਾਉਣਗੇ, ਉਨ੍ਹਾਂ ਨੂੰ ਅਗਲੀ ਕਿਸ਼ਤ ਪ੍ਰਾਪਤ ਕਰਨ ਵਿੱਚ ਦਿੱਕਤ ਆ ਸਕਦੀ ਹੈ ਜਾਂ ਭੁਗਤਾਨ ਵਿੱਚ ਦੇਰੀ ਹੋ ਸਕਦੀ ਹੈ।

ਡਾ. ਜਗਦੇਵ ਸਿੰਘ ਨੇ ਕਿਹਾ ਕਿ ਕਿਸਾਨ ਆਪਣੇ ਨੇੜਲੇ ਕਾਮਨ ਸਰਵਿਸ ਸੈਂਟਰ (ਸੀ.ਐਸ.ਸੀ ), ਖੇਤੀਬਾੜੀ ਵਿਭਾਗ ਦੇ ਦਫ਼ਤਰ ਨਾਲ ਸੰਪਰਕ ਕਰਕੇ ਈ-ਕੇਵਾਈਸੀ ਅਤੇ ਜਮੀਨ ਦੀ ਤਸਦੀਕ ਦੀ ਪ੍ਰਕਿਰਿਆ ਆਸਾਨੀ ਨਾਲ ਪੂਰੀ ਕਰਵਾ ਸਕਦੇ ਹਨ। ਇਸ ਤੋਂ ਇਲਾਵਾ, ਕਿਸਾਨ ਪੀ.ਐਮ ਕਿਸਾਨ ਪੋਰਟਲ ਤੇ ਜਾ ਕੇ ਆਪਣੀ ਅਰਜੀ ਅਤੇ ਭੁਗਤਾਨ ਸਬੰਧੀ ਸਥਿਤੀ ਦੀ ਜਾਂਚ ਕਰ ਸਕਦੇ ਹਨ।

ਉਹਨਾਂ ਅੱਗੇ ਦੱਸਿਆ ਕਿ ਖੇਤੀਬਾੜੀ ਵਿਭਾਗ ਵੱਲੋਂ ਕਿਸਾਨਾਂ ਦੀ ਸਹੂਲਤ ਲਈ ਲੋੜੀਂਦੀ ਜਾਣਕਾਰੀ ਅਤੇ ਮਾਰਗਦਰਸ਼ਨ ਮਹੱਈਆ ਕਰਵਾਇਆ ਜਾ ਰਿਹਾ ਹੈ। ਕਿਸਾਨ ਕਿਸੇ ਵੀ ਤਕਨੀਕੀ ਜਾ ਪ੍ਰਕਿਰਿਆਤਮਕ ਸਮੱਸਿਆ ਦੇ ਹੱਲ ਲਈ ਆਪਣੇ ਨਜ਼ਦੀਕੀ ਖੇਤੀਬਾੜੀ ਦਫਤਰ ਨਾਲ ਸੰਪਰਕ ਕਰ ਸਕਦੇ ਹਨ।

ਮੁੱਖ ਖੇਤੀਬਾੜੀ ਅਫ਼ਸਰ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਆਖਰੀ ਮਿਤੀ ਦੀ ਉਡੀਕ ਕਰਨ ਦੀ ਬਜਾਏ ਜਲਦੀ ਤੋਂ ਜਲਦੀ ਆਪਣੀ ਈ-ਕੇਵਾਈਸੀ ਅਤੇ ਜਮੀਨ ਦੀ ਤਸਦੀਕ ਕਰਵਾਉਣ ਤਾਂ ਜੋ ਕਿਸੇ ਵੀ ਅਸੁਵਿਧਾ ਤੋਂ ਬਚਿਆ ਜਾ ਸਕੇ ਅਤੇ ਯੋਜਨਾ ਦੀ ਅਗਲੀ ਕਿਸ਼ਤ ਸਮੇਂ ਸਿਰ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਪ੍ਰਾਪਤ ਹੋ ਸਕੇ।

## ਹਰਵਿੰਦਰ ਸਿੰਘ ਢੀਂਡਸਾ ਦੇ ਪਰਿਵਾਰ ਵੱਲੋਂ ਆਸ਼ਿਆਨਾ ਆਸ਼ਰਮ ਦੇ ਬਜ਼ੁਰਗਾਂ ਨਾਲ ਮਨਾਇਆ ਜਨਮ ਦਿਨ

ਮਲੇਰਕੋਟਲਾ, 18 ਜੂਨ (ਸ਼ਾਹਿਦ ਜ਼ੁਬੈਰੀ) ਸਮਾਜ ਸੇਵਾ ਦੀ ਭਾਵਨਾ ਨੂੰ ਪ੍ਰਗਟ ਕਰਦਿਆਂ ਕੈਨੇਡਾ ਨਿਵਾਸੀ ਹਰਵਿੰਦਰ ਸਿੰਘ ਢੀਂਡਸਾ ਦੇ ਪਰਿਵਾਰ ਵੱਲੋਂ ਉਨ੍ਹਾਂ ਦਾ ਜਨਮ ਦਿਨ ਮਲੇਰਕੋਟਲਾ ਸਥਿਤ ਆਸ਼ਿਆਨਾ ਬਿਰਧ ਆਸ਼ਰਮ ਦੇ ਬਜ਼ੁਰਗਾਂ ਨਾਲ ਸਾਦਗੀ ਅਤੇ ਸਨੇਹ ਭਰੇ ਮਾਹੌਲ ਵਿੱਚ ਮਨਾਇਆ ਗਿਆ।ਇਸ ਮੌਕੇ ਆਸ਼ਰਮ ਵਿੱਚ ਰਹਿ ਰਹੇ ਬਜ਼ੁਰਗਾਂ ਨੂੰ ਫਲ, ਮਿਠਾਈਆਂ ਅਤੇ ਲੰਗਰ ਛਕਾਇਆ ਗਿਆ। ਪਰਿਵਾਰਕ ਮੈਂਬਰਾਂ ਨੇ ਬਜ਼ੁਰਗਾਂ ਨਾਲ ਸਮਾਂ ਬਿਤਾਇਆ ਅਤੇ ਉਨ੍ਹਾਂ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਬਜ਼ੁਰਗਾਂ ਨੇ ਵੀ ਹਰਵਿੰਦਰ ਸਿੰਘ ਢੀਂਡਸਾ ਦੀ ਚੰਗੀ ਸਿਹਤ, ਲੰਬੀ ਉਮਰ ਅਤੇ ਉੱਜਵਲ ਭਵਿੱਖ ਲਈ ਅ ਰ ਦ ਾ ਸ ਕੀਤੀ।ਜ਼ਿਕਰਯੋਗ ਹੈ ਕਿ ਹ ਰ ਵਿ ੰ ਦ ਰ ਸਿੰਘ ਢੀਂਡਸਾ ਇਸ ਸਮੇਂ ਕੈਨੇਡਾ ਵਿੱਚ ਰਹਿ ਰਹੇ ਹਨ, ਪਰ ਉਨ੍ਹਾਂ ਦੇ ਪਰਿਵਾਰ ਵੱਲੋਂ ਹਰ ਸਾਲ ਸਮਾਜ ਭਲਾਈ ਦੇ ਕਾਰਜਾਂ ਰਾਹੀਂ ਜਨਮ ਦਿਨ ਨੂੰ ਯਾਦਗਾਰੀ ਢੰਗ ਨਾਲ ਮਨਾਉਣ ਦੀ ਪਰੰਪਰਾ ਨੂੰ ਜਾਰੀ ਰੱਖਿਆ ਜਾ ਰਿਹਾ ਹੈ।ਆਸ਼ਿਆਨਾ ਆਸ਼ਰਮ ਦੇ ਪ੍ਰਬੰਧਕਾਂ ਨੇ ਢੀਂਡਸਾ ਪਰਿਵਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੇ ਉਪਰਾਲੇ ਬਜ਼ੁਰਗਾਂ ਦੇ ਚਿਹਰਿਆਂ 'ਤੇ ਖੁਸ਼ੀ ਲਿਆਉਂਦੇ ਹਨ ਅਤੇ ਸਮਾਜ ਨੂੰ ਮਨੁੱਖਤਾ ਦੀ ਸੇਵਾ ਲਈ ਪ੍ਰੇਰਿਤ ਕਰਦੇ ਹਨ। ਇਸ ਮੌਕੇ ਹਰਵਿੰਦਰ ਸਿੰਘ ਢੀਂਡਸਾ ਦੇ ਪਿਤਾ ਸਵਰਨ ਸਿੰਘ ਮਾਤਾ ਹਰਪਾਲ ਕੌਰ, ਬਲਜੀਤ ਸਿੰਘ, ਹਰਬਾਗ ਸਿੰਘ ਬਾਘਾ ਮਾਨਵੀ ਮੁੱਖ ਪ੍ਰਬੰਧਕ ਆਸ਼ੀਆਨਾ ਬਿਰਧ ਆਸ਼ਰਮ ਮਲੇਰਕੋਟਲਾ ਰਜਿੰਦਰ ਕੌਰ, ਗੁਰਦੇਵ ਕੌਰ ਅਤੇ ਆਸ਼ਰਮ ਦੇ ਸਟਾਫ਼ ਅਤੇ ਹੋਰ ਸੇਵਾਦਾਰ ਵੀ ਹਾਜ਼ਰ ਸਨ



## ਜ਼ਿਲ੍ਹਾ ਪੱਧਰੀ ਮਾਸਟਰ ਟਰੇਨਰਾਂ ਵੱਲੋਂ ਸੁਪਰਵਾਈਜ਼ਰਾਂ ਅਤੇ ਬੂਥ ਲੈਵਲ ਅਫਸਰਾਂ ਨੂੰ ਐਸ.ਆਈ.ਆਰ ਦੀ ਸਿਖਲਾਈ ਦਿੱਤੀ



ਆਜ਼ਾਦ ਸੋਚ
ਸੁਨੀਲ ਵਰਮਾ
ਫਤਹਿਗੜ੍ਹ ਸਾਹਿਬ, 18 ਜੂਨ
==========================

ਮੁੱਖ ਚੋਣ ਅਫ਼ਸਰ, ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਪੈਸ਼ਲ ਇੰਟੈਂਸਿਵ ਰਵੀਜ਼ਨ (ਐਸ.ਆਈ.ਆਰ) ਦੇ ਸਬੰਧ ਵਿਚ ਵਿਧਾਨ ਸਭਾ ਚੋਣ ਹਲਕਾ ਬਸੀ ਪਠਾਣਾਂ, ਫਤਿਹਗੜ੍ਹ ਸਾਹਿਬ ਅਤੇ ਅਮਲੋਹ ਦੇ ਸਮੂਹ ਸੁਪਰਵਾਈਜ਼ਰਾਂ ਅਤੇ ਬੂਥ ਲੈਵਲ ਅਫਸਰਾਂ ਨੂੰ ਜ਼ਿਲ੍ਹਾ ਪੱਧਰੀ ਅਤੇ ਹਲਕਾ ਪੱਧਰੀ ਮਾਸਟਰ ਟ ?ਰੇਨਰਾਂ ਵੱਲੋਂ ਬੀਐਲ.ਓ ਐਪ ਅਤੇ ਸਪੈਸ਼ਲ ਇੰਟੈਂਸਿਵ ਰਵੀਜ਼ਨ ਸਬੰਧੀ ਹਦਾਇਤਾਂ ਤੋਂ ਜਾਣੂ ਕਰਵਾਇਆ ਅਤੇ ਇਨੂਮੀਰੇਸ਼ਨ ਫਾਰਮ ਅਤੇ ਬੀ.ਐਲ.ਓ ਐਪ ਬਾਰੇ ਜਾਣਕਾਰੀ ਦਿੱਤੀ ਤਾਂ ਜੋ ਐਸ.ਆਈ.ਆਰ ਦੌਰਾਨ ਕਿਸੇ ਤਰ੍ਹਾਂ ਦੀ ਕੋਈ ਵੀ ਦਿੱਕਤ ਪੇਸ਼ ਨਾ ਆਵੇ ।ਜ਼ਿਲ੍ਹਾ ਚੋਣ ਅਫਸਰ ਡਾ. ਸੋਨਾ ਥਿੰਦ ਨੇ ਦੱਸਿਆ ਕਿ ਐਸ.ਆਈ.ਆਰ ਦੀ ਟਰੇਨਿੰਗ ਦੌਰਾਨ ਦੱਸਿਆ ਗਿਆ ਹੈ ਕਿ ਹਰੇਕ ਬੀ.ਐਲ.ਓ ਵੋਟਰਾਂ ਦੇ ਘਰ-ਘਰ ਜਾ ਕੇ ਇਨੂਮੀਰੇਸ਼ਨ ਫਾਰਮ ਦੇਵੇਗਾ ਅਤੇ ਉਨ੍ਹਾਂ ਤੋਂ ਸਬੰਧਤ ਫਾਰਮ ਵਿਚ ਡਾਟਾ ਪ੍ਰਾਪਤ ਕਰਨਗੇ। ਉਨ੍ਹਾਂ ਦੱਸਿਆ ਕਿ ਇਸ ਪ੍ਰੀਕਿਰਿਆ ਦੌਰਾਨ ਬੀ.ਐਲ.ਓਜ਼ ਵੱਲੋਂ ਗਣਨਾ ਫਾਰਮ ਪ੍ਰਾਪਤ ਕਰਨ ਲਈ ਘਰ-ਘਰ ਸਰਵੇ ਦੌਰਾਨ ਤਿੰਨ ਵਾਰ ਦੌਰਾ ਕੀਤਾ ਜਾਵੇਗਾ।

ਜ਼ਿਲ੍ਹਾ ਫਤਿਹਗੜ੍ਹ ਸਾਹਿਬ ਅਤੇ ਹਲਕਾ ਪੱਧਰ 'ਤੇ ਵੱਖ-ਵੱਖ ਟੀਮਾਂ ਅਤੇ ਨੋਡਲ ਅਫ਼ਸਰਾਂ ਦਾ ਗਠਨ ਕੀਤਾ ਗਿਆ ਹੈ ਅਤੇ ਲੋਕਾਂ ਦੀ ਸੁਵਿਧਾ ਲਈ ਜ਼ਿਲ੍ਹਾ ਪੱਧਰ ਤੇ ਹੈਲਪ ਡੈਸਕ ਅਤੇ ਚੋਣ ਹਲਕਾ ਪੱਧਰ ਤੇ ਫੈਸੀਲੀਟੇਸ਼ਨ ਸੈਂਟਰ ਵੀ ਬਣਾਏ ਗਏ ਹਨ ।

ਇਸ ਤੋਂ ਇਲਾਵਾ ਟੋਲ ਫ ?ਰੀ ਨੰ.1950 ਤੇ ਤਾਲਮੇਲ ਕਰਕੇ ਚੋਣਾਂ ਅਤੇ ਐਸ.ਆਈ.ਆਰ. ਸਬੰਧੀ ਜਾਣਕਾਰੀ ਵੀ ਪ੍ਰਾਪਤ ਕੀਤੀ ਜਾ ਸਕਦੀ ਹੈ ਤਾਂ ਜੋ ਐਸ.ਆਈ.ਆਰ 2026 ਪ੍ਰਕਿਰਿਆ ਨੂੰ ਪਾਰਦਰਸ਼ੀ ਤੇ ਸੁਚਾਰੂ ਢੰਗ ਨਾਲ ਪੂਰਾ ਕੀਤਾ ਜਾ ਸਕੇ।

ਉਨ੍ਹਾਂ ਦੱਸਿਆ ਕਿ ਟਰੇਨਿੰਗ ਵਿਚ ਬੂਥ ਲੈਵਲ ਅਫ਼ਸਰਾਂ ਨਾਲ ਨਾਗਰਿਕਾਂ, ਐਨ.ਆਈ.ਆਰ, ਮਾਈਗ੍ਰੇਟ, ਦਿਵਿਆਂਗ ਅਤੇ ਬਜ਼ੁਰਗ ਵੋਟਰਾਂ ਦੇ ਇਨਿਊਮੇਰੇਸ਼ਨ ਫਾਰਮ ਭਰਨ, ਲੋੜੀਂਦੇ ਦਸਤਾਵੇਜ਼ ਪ੍ਰਾਪਤ ਕਰਨ ਦੀ ਜਾਣਕਾਰੀ ਦੇਣ ਅਤੇ ਪਿਛਲੇ ਰਿਕਾਰਡ 'ਚੋਂ ਵੋਟ ਦੀ ਭਾਲ ਜਾਂ ਲਿੰਕ ਕਰਨ ਸਬੰਧੀ ਜਾਣਕਾਰੀ ਸਾਂਝੀ ਕੀਤੀ ਗਈ। ਟਰੇਨਿੰਗ ਦੌਰਾਨ ਬੂਥ ਲੈਵਲ ਅਫਸਰਾਂ ਨੂੰ ਬੀ.ਐਲ.ਓ.ਐਪ ਲਿੰਕ ਬਾਰੇ ਵੀ ਜਾਣਕਾਰੀ ਦਿੱਤੀ ਗਈ।